




ਰੋਜ਼ਾਨਾ

# ਸ਼ਹੀਦ-ਏ-ਆਜ਼ਮ

SHAHEED-E-AZAM, DAILY PUNJABI NEWSPAPER, PATIALA ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ



Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887



PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 85 Chief Editor : Chowdhary Prabhjit Singh, Editor : Chhatarpal Singh 98146-32807, Wednesday 16 September 2026 Price : 2 Rs. Page : 6


## ਭਾਰਤ ਸਣੇ 10 ਦੇਸ਼ਾਂ ’ਤੇ 100% ਟੈਰਿਫ਼ ਦੀ ਤਿਆਰੀ ! ਅਮਰੀਕੀ ਸੰਸਦ ’ਚ ਸੋਧ ਪ੍ਰਸਤਾਵ

**ਵਾਸ਼ਿੰਗਟਨ, 15 ਸਤੰਬਰ -ਸ਼ਹੀਦ-ਏ-ਆਜ਼ਮ ਬਿਊਰੋ)-** : ਰੂਸ ਤੋਂ ਤੇਲ ਖਰੀਦਣ ਵਾਲੇ ਦੇਸ਼ਾਂ ’ਤੇ ਦਬਾਅ ਵਧਾਉਣ ਲਈ ਅਮਰੀਕੀ ਸੰਸਦ ਵਿੱਚ ਨਵਾਂ ਸੋਧ ਪ੍ਰਸਤਾਵ ਪੇਸ਼ ਕੀਤਾ ਗਿਆ ਹੈ। ਡੈਮੋਕ੍ਰੇਟ ਸੰਸਦ ਮੈਂਬਰ ਸਟੇਨੀ ਹੋਇਰ ਵੱਲੋਂ ਪੇਸ਼ ਸੋਧ ਵਿੱਚ ਭਾਰਤ ਸਮੇਤ 10 ਦੇਸ਼ਾਂ ਨੂੰ ਰੂਸੀ ਤੇਲ ਦੀ ਖਰੀਦ ਜਾਰੀ ਰੱਖਣ ਦੀ ਸੂਰਤ ਵਿੱਚ 100 ਫ਼ੀਸਦੀ ਤੱਕ ਟੈਰਿਫ਼ ਦੇ ਦਾਇਰੇ ਵਿੱਚ ਲਿਆਉਣ ਦੀ ਤਜਵੀਜ਼ ਹੈ। ਇਹ ਪ੍ਰਸਤਾਵ ਸੈਂਕਸ਼ਨਿੰਗ ਰਸ਼ਿਆ ਐਂਡ ਈਰਾਨ ਐਕਟ ਨਾਲ ਜੁੜਿਆ ਹੋਇਆ ਹੈ। ਸੈਨੇਟ ਪਹਿਲਾਂ ਹੀ ਇਸ ਬਿੱਲ ਨੂੰ 86–11 ਵੋਟਾਂ ਨਾਲ ਪਾਸ ਕਰ ਚੁੱਕੀ ਹੈ, ਪਰ ਸੈਨੇਟ ਦੇ ਮੂਲ ਸੰਸਕਰਣ ਵਿੱਚ ਦੇਸ਼ਾਂ ਦੇ ਨਾਮ ਸਿੱਧੇ ਤੌਰ ’ਤੇ ਨਹੀਂ ਦਿੱਤੇ ਗਏ ਸਨ। ਨਵੇਂ ਹਾਊਸ ਸੋਧ ਪ੍ਰਸਤਾਵ ਵਿੱਚ ਭਾਰਤ ਸਮੇਤ ਦੇਸ਼ਾਂ ਨੂੰ ਸਪੱਸ਼ਟ ਤੌਰ ’ਤੇ ਨਾਮਜ਼ਦ ਕੀਤਾ ਗਿਆ ਹੈ। ਹਾਲਾਂਕਿ 100% ਟੈਰਿਫ਼ ਅਜੇ ਲਾਗੂ ਨਹੀਂ ਹੋਇਆ।



ਅਮਰੀਕੀ ਹਾਊਸ ਆਫ਼ ਰਿਪ੍ਰਜ਼ੈਂਟੇਟਿਵਜ਼ ਨੂੰ ਪਹਿਲਾਂ ਸੋਧਾਂ ’ਤੇ ਫ਼ੈਸਲਾ ਕਰਨਾ ਹੋਵੇਗਾ ਅਤੇ ਬਿੱਲ ਨੂੰ ਅੰਤਿਮ ਮਨਜ਼ੂਰੀ ਮਿਲਣੀ ਬਾਕੀ ਹੈ। ਇਸ ਲਈ ਭਾਰਤ ’ਤੇ ਅਜਿਹਾ ਟੈਰਿਫ਼ ਲੱਗਣਾ ਫਿਲਹਾਲ ਪ੍ਰਸਤਾਵਿਤ ਕਦਮ ਹੈ, ਅੰਤਿਮ ਫ਼ੈਸਲਾ ਨਹੀਂ। ਇਸੇ ਦੌਰਾਨ ਕਾਂਗਰਸ ਦੇ ਕੁਝ ਮੈਂਬਰਾਂ ਨੇ ਟੈਰਿਫ਼ ਵਾਲੀ ਧਾਰਾ ਹਟਾਉਣ ਲਈ ਵੀ ਸੋਧ ਪੇਸ਼ ਕੀਤੀ ਹੈ। ਮਾਮਲਾ ਹੁਣ ਅਮਰੀਕੀ ਹਾਊਸ ਦੀ ਕਾਰਵਾਈ ’ਤੇ ਨਿਰਭਰ ਕਰਦਾ ਹੈ।

## ਪੰਜਾਬ ਦੀ ਸਿਆਸਤ ’ਚ ਵੱਡੀ ਹਲਚਲ ! ਪ੍ਰਕਾਸ਼ ਸਿੰਘ ਬਾਦਲ ਦੇ ਕਰੀਬੀ ਭੁਪਿੰਦਰ ਸਿੰਘ ਢਿੱਲੋਂ ਭਾਜਪਾ ’ਚ ਸ਼ਾਮਲ



**ਚੰਡੀਗੜ੍ਹ, 15 ਸਤੰਬਰ -ਜੀ. ਐਸ. ਤੁੰਗ-**

ਪੰਜਾਬ ਦੀ ਸਿਆਸਤ ਵਿੱਚ ਉਸ ਵੇਲੇ ਵੱਡੀ ਹਲਚਲ ਮਚ ਗਈ ਜਦੋਂ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਦੇ ਚਚੇਰੇ ਭਰਾ ਅਤੇ 25 ਸਾਲ ਤੱਕ ਉਨ੍ਹਾਂ ਦੇ ਸਿਆਸੀ ਸਕੱਤਰ ਰਹੇ ਮੇਜਰ (ਸੇਵਾਮੁਕਤ) ਭੁਪਿੰਦਰ ਸਿੰਘ ਢਿੱਲੋਂ ਭਾਜਪਾ ਵਿੱਚ ਸ਼ਾਮਲ ਹੋ ਗਏ। ਉਨ੍ਹਾਂ ਦੇ ਪੁੱਤਰ ਅਤੇ ਸਨੌਰ ਨਗਰ ਕੌਂਸਲ ਦੇ ਪ੍ਰਧਾਨ ਅਮਰਵੀਰ ਸਿੰਘ ਬਾਦਲ ਨੇ ਵੀ ਭਾਜਪਾ ਦੀ ਮੈਂਬਰਸ਼ਿਪ ਲਈ।

ਚੰਡੀਗੜ੍ਹ ਵਿੱਚ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਮੌਜੂਦਗੀ ਵਿੱਚ ਹੋਏ ਸਮਾਗਮ ਦੌਰਾਨ ਦੋਵਾਂ ਦਾ ਭਾਜਪਾ ਵਿੱਚ ਸਵਾਗਤ ਕੀਤਾ ਗਿਆ। ਪੰਜਾਬ ਭਾਜਪਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਵੀ ਮੌਜੂਦ ਰਹੇ। ਭਾਜਪਾ ਨੇ ਇਸ ਕਦਮ ਨੂੰ ਪੰਜਾਬ ਵਿੱਚ ਆਪਣਾ ਆਧਾਰ ਮਜ਼ਬੂਤ ਕਰਨ ਵੱਲ ਮਹੱਤਵਪੂਰਨ ਕਦਮ ਦੱਸਿਆ ਹੈ। ਇਹ ਘਟਨਾਕ੍ਰਮ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਹੋਇਆ ਹੈ ਅਤੇ ਇਸ ਨੂੰ ਅਕਾਲੀ ਦਲ ਦੇ ਰਵਾਇਤੀ ਸਿਆਸੀ ਪ੍ਰਭਾਵ ਵਾਲੇ ਵਰਗ ਤੱਕ ਭਾਜਪਾ ਦੀ ਪਹੁੰਚ ਵਧਾਉਣ ਦੀ ਰਣਨੀਤੀ ਨਾਲ ਜੋੜ ਕੇ ਦੇਖਿਆ ਜਾ ਰਿਹਾ ਹੈ।

## ਪੰਜਾਬ ’ਚ ਸਰਹੱਦ ਪਾਰ ਨਸ਼ਾ-ਹਥਿਆਰ ਤਸਕਰੀ ਨੈੱਟਵਰਕ ’ਤੇ ਵੱਡੀ ਕਾਰਵਾਈ, 8 ਮੁਲਜ਼ਮ ਗ੍ਰਿਫ਼ਤਾਰ

**ਅੰਮ੍ਰਿਤਸਰ, 15 ਸਤੰਬਰ -ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਪੁਲਿਸ ਨੇ ਸਰਹੱਦ ਪਾਰੋਂ ਡਰੋਨ ਰਾਹੀਂ ਹਥਿਆਰ ਅਤੇ ਨਸ਼ੀਲੇ ਪਦਾਰਥ ਮੰਗਵਾ ਕੇ ਪੰਜਾਬ ਵਿੱਚ ਅੱਗੇ ਸਪਲਾਈ ਕਰਨ ਵਾਲੇ ਨੈੱਟਵਰਕ ਖ਼ਿਲਾਫ਼ ਵੱਡੀ ਕਾਰਵਾਈ ਕਰਦਿਆਂ 8 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਮੁੱਢਲੀ ਜਾਂਚ ਵਿੱਚ ਮੁਲਜ਼ਮਾਂ ਦੇ ਵਿਦੇਸ਼-ਅਧਾਰਿਤ ਤਸਕਰਾਂ ਨਾਲ ਸੰਪਰਕ ਸਾਹਮਣੇ ਆਏ ਹਨ।




ਪੁਲਿਸ ਜਾਂਚ ਅਨੁਸਾਰ ਸਰਹੱਦ ਪਾਰੋਂ ਡਰੋਨ ਰਾਹੀਂ ਭੇਜੀਆਂ ਜਾਣ ਵਾਲੀਆਂ ਖੇਪਾਂ ਨੂੰ ਪੰਜਾਬ ਵਿੱਚ ਪ੍ਰਾਪਤ ਕਰਕੇ ਅੱਗੇ ਅਪਰਾਧਿਕ ਤੱਤਾਂ ਤੱਕ ਪਹੁੰਚਾਇਆ ਜਾਂਦਾ ਸੀ। ਜਾਂਚ ਏਜੰਸੀਆਂ ਹੁਣ ਇਸ ਨੈੱਟਵਰਕ ਦੇ ਫਾਰਵਰਡ ਅਤੇ ਬੈਕਵਰਡ ਲਿੰਕੇਜ, ਵਿਦੇਸ਼ੀ ਹੈਂਡਲਰਾਂ ਅਤੇ ਹੋਰ ਸਾਥੀਆਂ ਦੀ ਪਛਾਣ ਕਰਨ ਵਿੱਚ ਜੁਟੀਆਂ ਹਨ। ਪੰਜਾਬ ਵਿੱਚ ਹਾਲੀਆ ਕਾਰਵਾਈਆਂ ਦੌਰਾਨ ਡਰੋਨ-ਆਧਾਰਿਤ ਤਸਕਰੀ ਦੇ ਕਈ ਮਾਮਲੇ ਸਾਹਮਣੇ ਆਏ ਹਨ। ਅੰਮ੍ਰਿਤਸਰ ਵਿੱਚ ਐਸਐਸਓਸੀ ਅਤੇ ਕਾਊਂਟਰ ਇੰਟੈਲੀਜੈਂਸ ਦੀ ਇੱਕ ਤਾਜ਼ਾ ਕਾਰਵਾਈ ਵਿੱਚ ਵੀ 2.920 ਕਿਲੋ ਹੈਰੋਇਨ ਅਤੇ 8 ਪਿਸਤੌਲ ਬਰਾਮਦ ਕਰਕੇ 6 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ। ਪੁਲਿਸ ਮੁਤਾਬਕ ਖੇਪਾਂ ਡਰੋਨ ਰਾਹੀਂ ਸਰਹੱਦ ਪਾਰੋਂ ਆਉਣ ਦੀ ਮੁੱਢਲੀ ਜਾਣਕਾਰੀ ਮਿਲੀ ਸੀ।

ਪੁਲਿਸ ਨੇ ਸਬੰਧਤ ਮਾਮਲਿਆਂ ਵਿੱਚ ਐਫ.ਆਈ.ਆਰ ਦਰਜ ਕਰਕੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਹੈ। ਜਾਂਚ ਦਾ ਮੁੱਖ ਕੇਂਦਰ ਇਹ ਪਤਾ ਲਗਾਉਣਾ ਹੈ ਕਿ ਡਰੋਨ ਰਾਹੀਂ ਖੇਪ ਕਿੱਥੋਂ ਭੇਜੀ ਜਾਂਦੀ ਸੀ, ਪੰਜਾਬ ਵਿੱਚ ਇਸ ਨੂੰ ਕੌਣ ਪ੍ਰਾਪਤ ਕਰਦਾ ਸੀ ਅਤੇ ਹਥਿਆਰ ਤੇ ਨਸ਼ਾ ਕਿਹੜੇ ਗਿਰੋਹਾਂ ਤੱਕ ਪਹੁੰਚਾਇਆ ਜਾਂਦਾ ਸੀ। ਇਹ ਕਾਰਵਾਈ ਸਰਹੱਦ ਪਾਰੋਂ ਡਰੋਨ ਰਾਹੀਂ ਹੋ ਰਹੀ ਨਸ਼ਾ ਅਤੇ ਗੈਰਕਾਨੂੰਨੀ ਹਥਿਆਰਾਂ ਦੀ ਤਸਕਰੀ ’ਤੇ ਪੰਜਾਬ ਪੁਲਿਸ ਦੀ ਸਖ਼ਤ ਨਿਗਰਾਨੀ ਨੂੰ ਦਰਸਾਉਂਦੀ ਹੈ। ਨਾਲ ਹੀ, ਵਿਦੇਸ਼ੀ ਤਸਕਰਾਂ ਅਤੇ ਪੰਜਾਬ ਵਿੱਚ ਮੌਜੂਦ ਸਥਾਨਕ ਨੈੱਟਵਰਕ ਵਿਚਕਾਰ ਕੜੀ ਤੋੜਨਾ ਜਾਂਚ ਦਾ ਅਹਿਮ ਪੱਖ ਬਣ ਗਿਆ ਹੈ।

## ਕੈਨੇਡਾ ਨੇ ਮੁੜ 4 ਪੰਜਾਬੀਆਂ ਨੂੰ ਕੀਤਾ ਡਿਪੋਰਟ, ਐਕਸਟੌਰਸ਼ਨ ਤੇ ਸੰਗਠਿਤ ਅਪਰਾਧ ਨਾਲ ਜੁੜੇ ਮਾਮਲੇ

**ਓਟਾਵਾ, 15 ਸਤੰਬਰ, (ਸ਼ਹੀਦ-ਏ-ਆਜ਼ਮ ਬਿਊਰੋ) :** ਕੈਨੇਡਾ ਨੇ ਐਕਸਟੌਰਸ਼ਨ ਅਤੇ ਸੰਗਠਿਤ ਅਪਰਾਧ ਖ਼ਿਲਾਫ਼ ਸਖ਼ਤੀ ਵਧਾਉਂਦਿਆਂ ਚਾਰ ਪੰਜਾਬੀ ਮੂਲ ਦੇ ਭਾਰਤੀ ਨਾਗਰਿਕਾਂ—ਪਲਵਿੰਦਰ ਸਿੰਘ, ਜਸਮੇਰ ਸਿੰਘ, ਅਮਿਤੋਜ਼ ਬਾਜਵਾ ਅਤੇ ਸਾਹਿਬਜੋਤ ਸਿੰਘ—ਨੂੰ ਡਿਪੋਰਟ ਕੀਤਾ ਹੈ। ਕੈਨੇਡੀਅਨ ਅਧਿਕਾਰੀਆਂ ਮੁਤਾਬਕ ਇਨ੍ਹਾਂ ਦੇ ਮਾਮਲੇ ਐਕਸਟੌਰਸ਼ਨ, ਹਿੰਸਾ, ਹਥਿਆਰਾਂ ਅਤੇ ਅਪਰਾਧਿਕ ਸੰਗਠਨਾਂ ਨਾਲ ਜੁੜੇ ਸਨ। CBSA ਮੁਤਾਬਕ 3 ਸਤੰਬਰ 2026 ਤੱਕ 188 ਰਿਮੂਵਲ ਆਰਡਰ ਜਾਰੀ ਕੀਤੇ ਗਏ ਅਤੇ 111 ਵਿਅਕਤੀਆਂ ਨੂੰ ਕੈਨੇਡਾ ਤੋਂ ਹਟਾਇਆ ਗਿਆ। ਸਭ ਤੋਂ ਵੱਧ ਕਾਰਵਾਈ ਬ੍ਰਿਟਿਸ਼ ਕੋਲੰਬੀਆ ਸਮੇਤ ਪੈਸਿਫਿਕ ਖੇਤਰ ਵਿੱਚ ਹੋਈ। 2026 ਦੇ ਪਹਿਲੇ ਛੇ ਮਹੀਨਿਆਂ ਵਿੱਚ 3,323 ਭਾਰਤੀ ਨਾਗਰਿਕਾਂ ਨੂੰ ਕੈਨੇਡਾ ਤੋਂ ਹਟਾਇਆ ਗਿਆ, ਜੋ ਕਿਸੇ ਵੀ ਕੌਮੀਅਤ ਲਈ ਸਭ ਤੋਂ ਵੱਧ ਗਿਣਤੀ ਦੱਸੀ ਗਈ ਹੈ। ਕੈਨੇਡੀਅਨ ਸਰਕਾਰ ਦਾ ਕਹਿਣਾ ਹੈ ਕਿ ਗੰਭੀਰ ਅਪਰਾਧਿਕਤਾ ਅਤੇ ਸੰਗਠਿਤ ਅਪਰਾਧ ਨਾਲ ਜੁੜੇ ਵਿਦੇਸ਼ੀ ਨਾਗਰਿਕਾਂ ਖ਼ਿਲਾਫ਼ ਰਿਮੂਵਲ ਕਾਰਵਾਈ ਜਾਰੀ ਰਹੇਗੀ।






## ਕੈਨੇਡਾ ਤੋਂ ਡਿਪੋਰਟ ਹੋਇਆ ਲਾਰੈਂਸ ਬਿਸ਼ਨੋਈ ਦਾ ਕਰੀਬੀ ਸਾਥੀ, ਦਿੱਲੀ ਏਅਰਪੋਰਟ ਤੋਂ ਪੰਜਾਬ ਪੁਲਿਸ ਨੇ ਕੀਤਾ ਗ੍ਰਿਫ਼ਤਾਰ

**ਚੰਡੀਗੜ੍ਹ, 15 ਸਤੰਬਰ -ਜੀ. ਐਸ. ਤੁੰਗ-**

ਪੰਜਾਬ ਪੁਲਿਸ ਦੀ ਐਂਟੀ-ਗੈਂਗਸਟਰ ਟਾਸਕ ਫੋਰਸ (ਏ ਜੀ ਟੀ ਐਫ) ਨੇ ਲਾਰੈਂਸ ਬਿਸ਼ਨੋਈ ਗੈਂਗ ਦੇ ਕਰੀਬੀ ਸਾਥੀ ਕਰਮਵੀਰ ਸਿੰਘ ਉਰਫ਼ ਕਰਮਵੀਰ ਦਿਓ ਨੂੰ ਕੈਨੇਡਾ ਤੋਂ ਡਿਪੋਰਟ ਹੋ ਕੇ ਭਾਰਤ ਪਹੁੰਚਣ ਮਗਰੋਂ ਦਿੱਲੀ ਦੇ ਆਈ.ਜ਼ੀ.ਆਈ ਏਅਰਪੋਰਟ ਤੋਂ ਹਿਰਾਸਤ ਵਿੱਚ ਲੈ ਕੇ ਗ੍ਰਿਫ਼ਤਾਰ ਕੀਤਾ ਹੈ। ਪੰਜਾਬ ਦੇ ਡੀਜੀਪੀ ਗੌਰਵ ਯਾਦਵ ਨੇ ਇਸ ਕਾਰਵਾਈ ਦੀ ਪੁਸ਼ਟੀ ਕੀਤੀ ਹੈ।



ਪੁਲਿਸ ਮੁਤਾਬਕ ਕਰਮਵੀਰ ’ਤੇ ਅਨਮੋਲ ਬਿਸ਼ਨੋਈ, ਜੋ ਲਾਰੈਂਸ ਬਿਸ਼ਨੋਈ ਦਾ ਭਰਾ ਹੈ, ਨੂੰ ਅਮਰੀਕਾ ਵਿੱਚ ਲਾਜਿਸਟਿਕ ਸਹਾਇਤਾ, ਠਿਕਾਣਾ ਅਤੇ ਹੋਰ ਸਹੂਲਤਾਂ ਮੁਹੱਈਆ ਕਰਵਾਉਣ ਦੇ ਦੋਸ਼ ਹਨ। ਉਸ ਖ਼ਿਲਾਫ਼ ਐਸ.ਏ.ਐਸ ਨਗਰ ਦੇ ਸਟੇਟ ਕ੍ਰਾਈਮ ਥਾਣੇ ਵਿੱਚ ਆਈਪੀਸੀ , ਆਰਮਜ਼ ਐਕਟ ਅਤੇ ਪਾਸਪੋਰਟ ਐਕਟ ਤਹਿਤ ਮਾਮਲਾ ਦਰਜ ਹੈ। ਪੰਜਾਬ ਏ ਜੀ ਟੀ ਐਫ ਨੇ ਉਸ ਖ਼ਿਲਾਫ਼ 3 ਸਤੰਬਰ 2026 ਨੂੰ ਲੁਕ ਆਊਟ ਸਰਕੂਲਰ ਜਾਰੀ ਕੀਤਾ ਸੀ। ਜਾਂਚ ਵਿੱਚ ਉਸ ਦਾ ਨਾਮ ਕੈਨੇਡਾ ਵਿੱਚ ਪੰਜਾਬੀ ਗਾਇਕ ਏਪੀ ਢਿੱਲੋਂ ਦੀ ਰਿਹਾਇਸ਼ ’ਤੇ 2024 ਦੀ ਗੋਲੀਬਾਰੀ ਅਤੇ ਅੱਗਜ਼ਨੀ ਨਾਲ ਜੁੜੇ ਬਿਸ਼ਨੋਈ ਗੈਂਗ ਦੇ ਨੈੱਟਵਰਕ ਦੇ ਸੰਦਰਭ ਵਿੱਚ ਵੀ ਸਾਹਮਣੇ ਆਇਆ ਹੈ। ਹਾਲਾਂਕਿ ਕੈਨੇਡਾ ਵਿੱਚ ਇਸ ਮਾਮਲੇ ਵਿੱਚ ਉਸ ’ਤੇ ਦੋਸ਼ ਤੈਅ ਹੋਣ ਦੀ ਪੁਸ਼ਟੀ ਨਹੀਂ ਹੋਈ ਹੈ।

ਕਰਮਵੀਰ ਦਾ ਪੁਰਾਣਾ ਅਪਰਾਧਿਕ ਰਿਕਾਰਡ ਵੀ ਦੱਸਿਆ ਗਿਆ ਹੈ, ਜਿਸ ਵਿੱਚ ਕਤਲ, ਕਤਲ ਦੀ ਕੋਸ਼ਿਸ਼, ਲੁੱਟ, ਫਿਰੌਤੀ ਅਤੇ ਹਥਿਆਰਾਂ ਨਾਲ ਸਬੰਧਤ ਮਾਮਲੇ ਸ਼ਾਮਲ ਹਨ। 2012 ਵਿੱਚ ਪੰਜਾਬ ਵਿੱਚ ਉਸ ’ਤੇ ਕਤਲ ਦਾ ਮਾਮਲਾ ਦਰਜ ਹੋਇਆ ਸੀ ਅਤੇ 2019 ਵਿੱਚ ਉਹ ਜ਼ਮਾਨਤ ’ਤੇ ਬਾਹਰ ਆਇਆ ਸੀ। ਇਸ ਤੋਂ ਬਾਅਦ ਉਹ ਵਿਦੇਸ਼ ਚਲਾ ਗਿਆ ਸੀ। ਇਹ ਗ੍ਰਿਫ਼ਤਾਰੀ ਭਾਰਤ, ਕੈਨੇਡਾ ਅਤੇ ਅਮਰੀਕਾ ਵਿੱਚ ਫੈਲੇ ਬਿਸ਼ਨੋਈ ਗੈਂਗ ਦੇ ਕਥਿਤ ਟਰਾਂਸਨੈਸ਼ਨਲ ਅਪਰਾਧਿਕ ਨੈੱਟਵਰਕ ’ਤੇ ਕਾਰਵਾਈ ਦੇ ਵੱਡੇ ਕਦਮ ਵਜੋਂ ਦੇਖੀ ਜਾ ਰਹੀ ਹੈ। ਕੈਨੇਡਾ ਦੀ ਆਰਸੀਐਮਪੀ ਅਤੇ ਐਫਬੀਆਈ ਨੇ ਵੀ ਜੁਲਾਈ 2026 ਵਿੱਚ ਬਿਸ਼ਨੋਈ ਸਮੇਤ ਕਈ ਅੰਤਰਰਾਸ਼ਟਰੀ ਅਪਰਾਧਿਕ ਨੈੱਟਵਰਕਾਂ ਖ਼ਿਲਾਫ਼ ਸਾਂਝੀ ਕਾਰਵਾਈ ਦੀ ਜਾਣਕਾਰੀ ਦਿੱਤੀ ਸੀ। ਪੁਲਿਸ ਹੁਣ ਕਰਮਵੀਰ ਤੋਂ ਵਿਦੇਸ਼ੀ ਨੈੱਟਵਰਕ, ਅਨਮੋਲ ਬਿਸ਼ਨੋਈ ਨਾਲ ਉਸ ਦੇ ਸੰਪਰਕ ਅਤੇ ਪੰਜਾਬ ਵਿੱਚ ਗੈਂਗ ਦੀਆਂ ਗਤੀਵਿਧੀਆਂ ਨਾਲ ਜੁੜੀਆਂ ਕੜੀਆਂ ਬਾਰੇ ਪੁੱਛਗਿੱਛ ਕਰ ਰਹੀ ਹੈ।

## ਪਟਿਆਲਾ ਨੂੰ ਨਸ਼ਾ ਮੁਕਤ ਬਣਾਉਣ ਲਈ ਲਗਾਤਾਰ ਜਾਰੀ ਰਹੇਗੀ ਮੁਹਿੰਮ: ਅਜੀਤਪਾਲ ਸਿੰਘ ਕੋਹਲੀ



**ਪਟਿਆਲਾ, 15 ਸਤੰਬਰ -ਛਤਰਪਾਲ ਸਿੰਘ-**

ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਵਿੱਢੀ ਗਈ ਮੁਹਿੰਮ ਤਹਿਤ 551 ਦਿਨ ਪੂਰੇ ਹੋਣ ’ਤੇ ਹਰੇਕ ਵਿਧਾਨ ਸਭਾ ਹਲਕੇ ਵਿੱਚ ਹਲਕਾ ਪੱਧਰੀ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਇਸੇ ਤਹਿਤ ਪਟਿਆਲਾ ਵਿਧਾਨ ਸਭਾ ਹਲਕੇ ਵਿੱਚ ਵਿਧਾਇਕ ਸ. ਅਜੀਤਪਾਲ ਸਿੰਘ ਕੋਹਲੀ ਵੱਲੋਂ ਹਲਕਾ ਪੱਧਰੀ ਮੀਟਿੰਗ ਕੀਤੀ ਗਈ, ਜਿਸ ਵਿੱਚ ਨਸ਼ਿਆਂ ਦੀ ਰੋਕਥਾਮ ਅਤੇ ਨਸ਼ਾ ਮੁਕਤੀ ਸਬੰਧੀ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਹਲਕਾ ਪ੍ਰਧਾਨ ਸ. ਦਵਿੰਦਰ ਪਾਲ ਸਿੰਘ ਵਿੱਕੀ, ਡੀ.ਐਸ.ਪੀ. ਸਿਟੀ ਸ. ਸੰਜੀਵ ਸਿੰਗਲਾ ਅਤੇ ਐਸ.ਡੀ.ਐਮ. ਸ. ਗੁਰਦੇਵ ਸਿੰਘ ਧੰਮ ਸਮੇਤ ਹੋਰ ਪਤਵੰਤੇ ਅਤੇ ਸਬੰਧਤ ਅਧਿਕਾਰੀ ਮੌਜੂਦ ਸਨ। ਵਿਧਾਇਕ ਸ. ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਤਹਿਤ ਨਸ਼ਾ ਤਸਕਰਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪਟਿਆਲਾ ਹਲਕੇ ਵਿੱਚ ਵੀ ਨਸ਼ਿਆਂ ਦੀ ਰੋਕਥਾਮ ਲਈ ਪੁਲਿਸ ਅਤੇ ਪ੍ਰਸ਼ਾਸਨ ਨਾਲ ਮਿਲ ਕੇ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਬੀ.ਡੀ.ਸੀ. ਅਤੇ ਡਬਲਯੂ.ਡੀ.ਸੀ. ਮੈਂਬਰਾਂ ਵੱਲੋਂ ਨਸ਼ਿਆਂ ਨਾਲ ਸਬੰਧਤ ਮਾਮਲਿਆਂ ਬਾਰੇ ਦਿੱਤੀ ਜਾਣਕਾਰੀ ਨੂੰ ਗੰਭੀਰਤਾ ਨਾਲ ਲੈਂਦਿਆਂ ਸਬੰਧਤ ਮਾਮਲਿਆਂ ਵਿੱਚ ਕਾਰਵਾਈ ਕਰਵਾਈ ਜਾ ਰਹੀ ਹੈ। ਇਸ ਤੋਂ ਇਲਾਵਾ ਨਸ਼ੀਲੇ ਪਦਾਰਥਾਂ ਦੀ ਬਰਾਮਦਗੀ ਅਤੇ ਨਸ਼ਾ ਤਸਕਰੀ ਨਾਲ ਸਬੰਧਤ ਵਿਅਕਤੀਆਂ ਖ਼ਿਲਾਫ਼ ਕਾਨੂੰਨੀ ਕਾਰਵਾਈ ਵੀ ਕੀਤੀ ਜਾ ਰਹੀ ਹੈ। ਸ. ਕੋਹਲੀ ਨੇ ਕਿਹਾ ਕਿ ਸਰਕਾਰ ਵੱਲੋਂ ਚਲਾਏ ਜਾ ਰਹੇ ਨਸ਼ਾ ਛੁਡਾਊ ਕੇਂਦਰਾਂ ਦੀ ਕਾਰਗੁਜ਼ਾਰੀ ਅਤੇ ਉੱਥੇ ਇਲਾਜ ਕਰਵਾ ਰਹੇ ਨੌਜਵਾਨਾਂ ਦੀ ਸਥਿਤੀ ਬਾਰੇ ਵੀ ਲਗਾਤਾਰ ਜਾਣਕਾਰੀ ਲਈ ਜਾ ਰਹੀ ਹੈ। ਨਸ਼ਾ ਮੁਕਤੀ ਮੋਰਚੇ ਵੱਲੋਂ ਮਿਲਣ ਵਾਲੀ ਜਾਣਕਾਰੀ ਦੇ ਆਧਾਰ ’ਤੇ ਪੁਲਿਸ ਕਾਰਵਾਈ ਸਬੰਧੀ ਵੀ ਲਗਾਤਾਰ ਅਪਡੇਟ ਲਈ ਜਾਂਦੀ ਹੈ। ਉਨ੍ਹਾਂ ਕਿਹਾ ਕਿ ਨਸ਼ਾ ਛੁਡਾਊ ਕੇਂਦਰਾਂ ਵਿੱਚ ਇਲਾਜ ਲਈ ਦਾਖ਼ਲ ਕਰਵਾਏ ਗਏ ਨੌਜਵਾਨਾਂ ਦਾ ਫਾਲੋਅਪ ਲੈਣਾ ਵੀ ਬਹੁਤ ਜ਼ਰੂਰੀ ਹੈ, ਤਾਂ ਜੋ ਉਨ੍ਹਾਂ ਨੂੰ ਮੁੜ ਨਸ਼ਿਆਂ ਵੱਲ ਜਾਣ ਤੋਂ ਰੋਕਿਆ ਜਾ ਸਕੇ। ਇਸ ਸਬੰਧੀ ਸਬੰਧਤ ਐਮ.ਸੀ. ਸਾਹਿਬਾਨ ਨੂੰ ਵੀ ਲਗਾਤਾਰ ਫਾਲੋਅਪ ਕਰਨ ਲਈ ਕਿਹਾ ਗਿਆ ਹੈ।

## ਕੈਨੇਡਾ ਦਾ ਪੰਜਾਬੀ ਵਿਦਿਆਰਥੀਆਂ-ਕਾਮਿਆਂ ਨੂੰ ਸੁਨੇਹਾ: ਸਿਰਫ਼ ਪਰਮਿਟ ਨਹੀਂ, ਸ਼ਰਤਾਂ ਦੀ ਪਾਲਣਾ ਵੀ ਲਾਜ਼ਮੀ

**ਓਟਵਾ, 15 ਸਤੰਬਰ, -ਸ਼ਹੀਦ-ਏ-ਅਜ਼ਾਨ ਬਿਊਰੋ) :** ਕੈਨੇਡਾ ਦੇ ਇਮੀਗ੍ਰੇਸ਼ਨ ਵਿਭਾਗ ਨੇ ਵਿਦੇਸ਼ੀ ਵਿਦਿਆਰਥੀਆਂ ਅਤੇ ਕਾਮਿਆਂ ਨੂੰ ਚੇਤਾਵਨੀ ਦਿੱਤੀ ਹੈ ਕਿ ਸਿਰਫ਼ ਵੈਧ ਵਰਕ ਪਰਮਿਟ ਕਾਫ਼ੀ ਨਹੀਂ; ਪਰਮਿਟ ’ਤੇ ਦਰਜ ਹਰ ਸ਼ਰਤ ਦੀ ਪਾਲਣਾ ਲਾਜ਼ਮੀ ਹੈ। ਮਾਲਕ, ਕੰਮ ਦੀ ਕਿਸਮ ਜਾਂ ਕੰਮ ਵਾਲੀ ਥਾਂ ਬਦਲਣ ਤੋਂ ਪਹਿਲਾਂ ਨਿਯਮਾਂ ਦੀ ਜਾਂਚ ਕਰਨੀ ਜ਼ਰੂਰੀ ਹੈ। ਸਮੇਂ ਸਿਰ ਐਕਸਟੈਂਸ਼ਨ ਅਰਜ਼ੀ ਦੇਣ ਨਾਲ ਫ਼ੈਸਲਾ ਆਉਣ ਤੱਕ ਕੈਨੇਡਾ ਵਿੱਚ ਰਹਿਣ ਦੀ ਸਥਿਤੀ ਬਣੀ ਰਹਿੰਦੀ ਹੈ।

ਕੈਨੇਡਾ ਵਿੱਚ ਸਟੱਡੀ ਪਰਮਿਟ ਧਾਰਕਾਂ ਦੀ ਗਿਣਤੀ 2024 ਦੇ 9.3 ਲੱਖ ਤੋਂ ਘਟ ਕੇ 2025 ਵਿੱਚ ਲਗਭਗ 6.9 ਲੱਖ ਰਹਿ ਗਈ। 2026 ਵਿੱਚ ਵੱਧ ਤੋਂ ਵੱਧ 4.1 ਲੱਖ ਸਟੱਡੀ ਪਰਮਿਟ ਜਾਰੀ ਕਰਨ ਦਾ ਟੀਚਾ ਹੈ। ਵਿਦੇਸ਼ੀ ਕਾਮਿਆਂ ਲਈ ਵੀ ਨਿਯੰਤਰਣ ਵਧਿਆ ਹੈ—2024 ਵਿੱਚ ਲਗਭਗ 3.9 ਲੱਖ ਨਵੇਂ ਵਰਕ ਪਰਮਿਟ ਧਾਰਕਾਂ ਦੇ ਮੁਕਾਬਲੇ 2025 ਵਿੱਚ ਕਰੀਬ 2.1 ਲੱਖ ਰਹੇ ਅਤੇ ਜਨਵਰੀ-ਜੂਨ 2026 ਵਿੱਚ ਲਗਭਗ 98 ਹਜ਼ਾਰ ਰਹੇ। ਸਰਕਾਰ ਦਾ ਟੀਚਾ 2027 ਦੇ ਅੰਤ ਤੱਕ ਅਸਥਾਈ ਨਿਵਾਸੀਆਂ ਦੀ ਗਿਣਤੀ ਕੁੱਲ ਆਬਾਦੀ ਦੇ 5 ਫ਼ੀਸਦੀ ਤੋਂ ਹੇਠਾਂ ਲਿਆਉਣਾ ਹੈ। ਇਸੇ ਦੌਰਾਨ, 1 ਅਪ੍ਰੈਲ 2026 ਤੋਂ ਯੋਗ ਉੱਚ ਸਿੱਖਿਆ ਸੰਸਥਾਵਾਂ ਦੇ ਵਿਦਿਆਰਥੀਆਂ ਨੂੰ ਕੁਝ ਲਾਜ਼ਮੀ ਸਿਖਲਾਈ/ਇੰਡਸਟਰੀਅਲ ਟ੍ਰੇਨਿੰਗ ਲਈ ਵੱਖਰੇ ਟ੍ਰੇਨਿੰਗ ਵਰਕ ਪਰਮਿਟ ਦੀ ਲੋੜ ਨਹੀਂ ਰਹੇਗੀ। ਕੈਨੇਡਾ ਦੀ ਨੀਤੀ ਦਾ ਸਪੱਸ਼ਟ ਸੰਦੇਸ਼ ਹੈ. ਘੱਟ ਗਿਣਤੀ, ਵਧੇਰੇ ਜਾਂਚ ਅਤੇ ਨਿਯਮਾਂ ਦੀ ਸਖ਼ਤ ਪਾਲਣਾ। ਪੰਜਾਬੀ ਵਿਦਿਆਰਥੀਆਂ ਤੇ ਕਾਮਿਆਂ ਨੂੰ ਨੌਕਰੀ ਜਾਂ ਸਟੇਟਸ ਬਦਲਣ ਤੋਂ ਪਹਿਲਾਂ ਸਰਕਾਰੀ ਇਮੀਗ੍ਰੇਸ਼ਨ ਨਿਯਮਾਂ ਦੀ ਪੁਸ਼ਟੀ ਕਰਨੀ ਚਾਹੀਦੀ ਹੈ।

## ਘਟਣ ਲੱਗਾ ਭਾਰਤ ਦਾ ਫਰਟੀਲਿਟੀ ਰੇਟ ! ਪਹਿਲੀ ਵਾਰ ਰਿਪਲੇਸਮੈਂਟ ਰੇਟ ਤੋਂ ਹੇਠਾਂ

**ਨਵੀਂ ਦਿੱਲੀ, 15 ਸਤੰਬਰ -ਚੌਧਰੀ ਪ੍ਰਭਜੀਤ ਸਿੰਘ-**

ਭਾਰਤ ਵਿੱਚ ਜਨਮ ਦਰ ਲਗਾਤਾਰ ਘਟ ਰਹੀ ਹੈ। 2024 ਦੇ ਸੈਂਪਲ ਰਜਿਸਟ੍ਰੇਸ਼ਨ ਸਿਸਟਮ ਅੰਕੜਿਆਂ ਮੁਤਾਬਕ ਦੇਸ਼ ਦਾ ਟੋਟਲ ਫਰਟੀਲਿਟੀ ਰੇਟ 1.9 ਬੱਚੇ ਪ੍ਰਤੀ ਔਰਤ ਰਹਿ ਗਿਆ ਹੈ, ਜੋ 2.1 ਦੇ ਰਿਪਲੇਸਮੈਂਟ ਲੈਵਲ ਤੋਂ ਹੇਠਾਂ ਹੈ। ਰਿਪਲੇਸਮੈਂਟ ਰੇਟ 2.1 ਦਾ ਭਾਵ ਹੈ ਕਿ ਲੰਬੇ ਸਮੇਂ ਵਿੱਚ ਮੌਜੂਦਾ ਆਬਾਦੀ ਨੂੰ ਲਗਭਗ ਸਥਿਰ ਰੱਖਣ ਲਈ ਔਸਤਨ ਇੱਕ ਔਰਤ ਦੇ ਕਰੀਬ 2.1 ਬੱਚੇ ਹੋਣੇ ਚਾਹੀਦੇ ਹਨ। ਟੀਐਫਆਰ 1.9 ਹੋਣ ਦਾ ਮਤਲਬ ਹੈ ਕਿ ਨਵੀਂ ਪੀੜ੍ਹੀ ਪਿਛਲੀ ਪੀੜ੍ਹੀ ਦੇ ਮੁਕਾਬਲੇ ਛੋਟੀ ਹੋ ਰਹੀ ਹੈ। ਹਾਲਾਂਕਿ ਇਸ ਦਾ ਅਰਥ ਤੁਰੰਤ ਆਬਾਦੀ ਘਟਣਾ ਨਹੀਂ ਹੈ, ਕਿਉਂਕਿ ਭਾਰਤ ਦੀ ਵੱਡੀ ਨੌਜਵਾਨ ਆਬਾਦੀ ਕਾਰਨ ਆਬਾਦੀ ਕੁਝ ਸਮੇਂ ਤੱਕ ਵਧਦੀ ਰਹਿ ਸਕਦੀ ਹੈ।

ਰਾਜਾਂ ਵਿੱਚ ਵੀ ਵੱਡਾ ਫ਼ਰਕ ਹੈ। ਸਿਰਫ਼ 6 ਰਾਜ—ਬਿਹਾਰ, ਉੱਤਰ ਪ੍ਰਦੇਸ਼, ਮੱਧ ਪ੍ਰਦੇਸ਼, ਰਾਜਸਥਾਨ, ਛੱਤੀਸਗੜ੍ਹ ਅਤੇ ਝਾਰਖੰਡ—ਦਾ ਟੀਐਫਆਰ 2.1 ਤੋਂ ਉੱਪਰ ਹੈ, ਜਦਕਿ ਦਿੱਲੀ ਵਿੱਚ ਇਹ ਲਗਭਗ 1.2 ਦਰਜ ਕੀਤਾ ਗਿਆ। ਵਧਦੀ ਮਹਿਲਾ ਸਿੱਖਿਆ, ਸ਼ਹਿਰੀਕਰਨ, ਵਿਆਹ ਦੀ ਉਮਰ ਵਿੱਚ ਵਾਧਾ, ਪਰਿਵਾਰ ਨਿਯੋਜਨ ਅਤੇ ਛੋਟੇ ਪਰਿਵਾਰ ਦੀ ਪਸੰਦ ਇਸ ਗਿਰਾਵਟ ਦੇ ਮੁੱਖ ਕਾਰਕਾਂ ਵਿੱਚ ਸ਼ਾਮਲ ਹਨ। ਇਹ ਬਦਲਾਅ ਭਵਿੱਖ ਵਿੱਚ ਬੁੱਢੀ ਹੁੰਦੀ ਆਬਾਦੀ, ਮਜ਼ਦੂਰ ਸ਼ਕਤੀ ਦੀ ਉਪਲਬਧਤਾ ਅਤੇ ਸਮਾਜਿਕ ਸੁਰੱਖਿਆ ਲਈ ਨਵੀਆਂ ਚੁਣੌਤੀਆਂ ਪੈਦਾ ਕਰ ਸਕਦਾ ਹੈ।

## ਭਵਿੱਖ ਦੀ ਜੰਗ ’ਚ ਤਕਨਾਲੋਜੀ ਤੈਅ ਕਰੇਗੀ ਬੜ੍ਹਤ: ਰਾਜਨਾਥ ਸਿੰਘ ਨੇ ਆਤਮਨਿਰਭਰ ਰੱਖਿਆ ’ਤੇ ਦਿੱਤਾ ਜ਼ੋਰ

**ਨਵੀਂ ਦਿੱਲੀ, 15 ਸਤੰਬਰ -ਚੌਧਰੀ ਪ੍ਰਭਜੀਤ ਸਿੰਘ-**

ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਡੀਆਰਡੀਓ -ਇੰਡਸਟਰੀ ਸਿਨਰਜੀ ਮੀਟ ‘ਵਿਮਰਸ਼-2026’ ਦੌਰਾਨ ਕਿਹਾ ਕਿ ਭਵਿੱਖ ਦੀ ਜੰਗ ਵਿੱਚ ਤਕਨੀਕੀ ਬੜ੍ਹਤ ਹੀ ਰਣਨੀਤਕ ਫ਼ਾਇਦਾ ਤੈਅ ਕਰੇਗੀ। ਉਨ੍ਹਾਂ ਮੁਤਾਬਕ ਭਾਰਤ ਲਈ ਰੱਖਿਆ ਖੇਤਰ ਵਿੱਚ ਆਤਮਨਿਰਭਰਤਾ ਹੁਣ ਸਿਰਫ਼ ਆਰਥਿਕ ਲੋੜ ਨਹੀਂ, ਸਗੋਂ ਰਾਸ਼ਟਰੀ ਸੁਰੱਖਿਆ ਦੀ ਰਣਨੀਤਕ ਜ਼ਰੂਰਤ ਹੈ। ਸਿੰਘ ਨੇ ਏ ਆਈ , ਡਰੋਨ, ਰੋਬੋਟਿਕਸ, ਸਾਈਬਰ ਅਤੇ ਸਪੇਸ ਤਕਨਾਲੋਜੀ ਵਰਗੇ ਨਵੇਂ ਖੇਤਰਾਂ ਵਿੱਚ ਦੇਸੀ ਖੋਜ ਅਤੇ ਵਿਕਾਸ ਤੇਜ਼ ਕਰਨ ਦੀ ਲੋੜ ਦੱਸੀ। ਉਨ੍ਹਾਂ ਕਿਹਾ ਕਿ ਡੀਆਰਡੀਓ , ਵੱਡੀਆਂ ਰੱਖਿਆ ਕੰਪਨੀਆਂ, ਐਮਐਸਐਮਈ ਅਤੇ ਸਟਾਰਟਅੱਪਸ ਨੂੰ ਮਿਲ ਕੇ ਕੰਮ ਕਰਨਾ ਹੋਵੇਗਾ, ਤਾਂ ਜੋ ਭਾਰਤ ਸਿਰਫ਼ ਹਥਿਆਰ ਖਰੀਦਣ ਵਾਲਾ ਨਹੀਂ, ਬਲਕਿ ਅਤਿ-ਆਧੁਨਿਕ ਰੱਖਿਆ ਤਕਨਾਲੋਜੀ ਵਿਕਸਿਤ ਅਤੇ ਨਿਰਯਾਤ ਕਰਨ ਵਾਲਾ ਦੇਸ਼ ਬਣੇ।



ਉਨ੍ਹਾਂ ਇਹ ਵੀ ਕਿਹਾ ਕਿ ਜੰਗ ਦਾ ਰਵਾਇਤੀ ਜ਼ਮੀਨ, ਸਮੁੰਦਰ ਅਤੇ ਹਵਾਈ ਖੇਤਰ ਤੱਕ ਸੀਮਿਤ ਦਾਇਰਾ ਹੁਣ ਬਦਲ ਚੁੱਕਾ ਹੈ। ਸਪੇਸ ਅਤੇ ਸਾਈਬਰਸਪੇਸ ਵੀ ਆਧੁਨਿਕ ਸੰਘਰਸ਼ ਦੇ ਮਹੱਤਵਪੂਰਨ ਖੇਤਰ ਬਣ ਗਏ ਹਨ। ਇਸ ਲਈ ਭਾਰਤ ਨੂੰ ਬਦਲਦੇ ਜੰਗੀ ਮਾਹੌਲ ਦੇ ਅਨੁਕੂਲ ਆਪਣੀ ਤਕਨੀਕੀ ਅਤੇ ਉਦਯੋਗਿਕ ਸਮਰੱਥਾ ਮਜ਼ਬੂਤ ਕਰਨੀ ਪਵੇਗੀ। ਇਹ ਬਿਆਨ ਅਜਿਹੇ ਸਮੇਂ ਆਇਆ ਹੈ ਜਦੋਂ ਭਾਰਤੀ ਹਵਾਈ ਸੈਨਾ ਨੇ ਡਰੋਨਾਥੋਨ -2026 ਰਾਹੀਂ ਦੇਸੀ ਡਰੋਨ ਅਤੇ ਕਾਊਂਟਰ-ਡਰੋਨ ਪ੍ਰਣਾਲੀਆਂ ਦੀ ਜਾਂਚ ਸ਼ੁਰੂ ਕੀਤੀ ਹੈ, ਜੋ ਭਵਿੱਖ ਦੀ ਜੰਗ ਵਿੱਚ ਅਨਮੈਨਡ ਸਿਸਟਮਜ਼ ਦੀ ਵਧ ਰਹੀ ਮਹੱਤਤਾ ਨੂੰ ਦਰਸਾਉਂਦਾ ਹੈ।

## ਪਟਿਆਲਾ ਦੇ ਸਰਕਾਰੀ ਮੈਡੀਕਲ ਕਾਲਜ ’ਚ ਪਹਿਲਾ ਕਿਡਨੀ ਟਰਾਂਸਪਲਾਂਟ, ਪੰਜਾਬ ਨੇ ਰਚਿਆ ਨਵਾਂ ਇਤਿਹਾਸ

**ਪਟਿਆਲਾ, 15 ਸਤੰਬਰ -ਛਤਰਪਾਲ ਸਿੰਘ-**

ਪੰਜਾਬ ਦੇ ਸਰਕਾਰੀ ਸਿਹਤ ਖੇਤਰ ਲਈ ਵੱਡੀ ਉਪਲਬਧੀ ਸਾਹਮਣੇ ਆਈ ਹੈ। ਸਰਕਾਰੀ ਮੈਡੀਕਲ ਕਾਲਜ (ਜੀਐਮਸੀ ) ਪਟਿਆਲਾ ਅਤੇ ਰਾਜਿੰਦਰਾ ਹਸਪਤਾਲ ਵਿੱਚ ਪਹਿਲੀ ਵਾਰ ਕਿਡਨੀ ਟਰਾਂਸਪਲਾਂਟ ਸਫਲਤਾਪੂਰਵਕ ਕੀਤਾ ਗਿਆ ਹੈ। 15 ਸਤੰਬਰ 2026 ਨੂੰ ਸਾਹਮਣੇ ਆਈ ਜਾਣਕਾਰੀ ਮੁਤਾਬਕ ਇਹ ਪੰਜਾਬ ਦੇ ਸਰਕਾਰੀ ਮੈਡੀਕਲ ਖੇਤਰ ਵਿੱਚ ਰੇਨਲ ਟਰਾਂਸਪਲਾਂਟ ਸੇਵਾਵਾਂ ਦੇ ਵਿਸਥਾਰ ਵੱਲ ਮਹੱਤਵਪੂਰਨ ਕਦਮ ਹੈ।



ਇਹ ਉਪਲਬਧੀ ਖਾਸ ਤੌਰ ’ਤੇ ਮਹੱਤਵਪੂਰਨ ਹੈ ਕਿਉਂਕਿ ਦਸੰਬਰ 2025 ਵਿੱਚ ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਐਲਾਨ ਕੀਤਾ ਸੀ ਕਿ ਜੀਐਮਸੀ ਪਟਿਆਲਾ ਨੂੰ ਸੂਬੇ ਦੀ ਪਹਿਲੀ ਸਰਕਾਰੀ ਸੰਸਥਾ ਬਣਾਉਣ ਦੀ ਤਿਆਰੀ ਕੀਤੀ ਜਾ ਰਹੀ ਹੈ, ਜਿੱਥੇ ਰੇਨਲ ਟਰਾਂਸਪਲਾਂਟ ਦੀ ਸਹੂਲਤ ਉਪਲਬਧ ਹੋਵੇਗੀ। ਇਸ ਦਿਸ਼ਾ ਵਿੱਚ ਪੀਜੀਆਈਐਮਈਆਰ ਚੰਡੀਗੜ੍ਹ ਦੇ ਰੋਟੋ ਨੋਰਥ ਵੱਲੋਂ ਜੂਨ 2026 ਵਿੱਚ ਜੀਐਮਸੀ ਪਟਿਆਲਾ ਦੀ ਡਾਕਟਰਾਂ ਅਤੇ ਨਰਸਿੰਗ ਟੀਮ ਨੂੰ ਰੇਨਲ ਟਰਾਂਸਪਲਾਂਟ ਸਬੰਧੀ ਵਿਸ਼ੇਸ਼ ਟ੍ਰੇਨਿੰਗ ਵੀ ਦਿੱਤੀ ਗਈ ਸੀ। ਇਸ ਵਿੱਚ ਟਰਾਂਸਪਲਾਂਟ ਕੋਆਰਡੀਨੇਸ਼ਨ ਅਤੇ ਮਲਟੀ-ਡਿਸ਼ਿਪਲਿਨਰੀ ਕਲੀਨਿਕਲ ਟ੍ਰੇਨਿੰਗ ਸ਼ਾਮਲ ਸੀ। ਇਸ ਤੋਂ ਪਹਿਲਾਂ ਮਾਰਚ 2025 ਵਿੱਚ ਜੀਐਮਸੀ ਪਟਿਆਲਾ ਨੇ ਪੀਜੀਆਈਐਮਈਆਰ -ਰੋਟੋ ਨੋਰਥ ਦੇ ਸਹਿਯੋਗ ਨਾਲ ਕੈਡੇਵਰਿਕ ਆਰਗਨ ਰਿਟਰੀਵਲ ਬਾਰੇ ਹੈਂਡਜ਼-ਆਨ ਵਰਕਸ਼ਾਪ ਵੀ ਕਰਵਾਈ ਸੀ, ਜਿਸ ਦਾ ਮਕਸਦ ਸਰਕਾਰੀ ਖੇਤਰ ਵਿੱਚ ਅੰਗਦਾਨ ਅਤੇ ਟਰਾਂਸਪਲਾਂਟ ਸਮਰੱਥਾ ਮਜ਼ਬੂਤ ਕਰਨਾ ਸੀ।

ਕਿਡਨੀ ਫੇਲ੍ਹ ਹੋਣ ਵਾਲੇ ਮਰੀਜ਼ਾਂ ਲਈ ਟਰਾਂਸਪਲਾਂਟ ਡਾਇਲਿਸਿਸ ’ਤੇ ਨਿਰਭਰਤਾ ਘਟਾਉਣ ਅਤੇ ਜੀਵਨ ਦੀ ਗੁਣਵੱਤਾ ਸੁਧਾਰਨ ਦਾ ਮਹੱਤਵਪੂਰਨ ਇਲਾਜ ਹੈ। ਪਟਿਆਲਾ ਵਿੱਚ ਸਰਕਾਰੀ ਪੱਧਰ ’ਤੇ ਇਹ ਸਹੂਲਤ ਸ਼ੁਰੂ ਹੋਣ ਨਾਲ ਪੰਜਾਬ ਦੇ ਮਰੀਜ਼ਾਂ ਨੂੰ ਮਹਿੰਗੇ ਨਿੱਜੀ ਇਲਾਜ ਜਾਂ ਦੂਜੇ ਸ਼ਹਿਰਾਂ ਵੱਲ ਜਾਣ ਦੀ ਲੋੜ ਘਟ ਸਕਦੀ ਹੈ। ਇਸ ਨਾਲ ਸਰਕਾਰੀ ਟਰਾਂਸਪਲਾਂਟ ਸੇਵਾਵਾਂ, ਅੰਗਦਾਨ ਜਾਗਰੂਕਤਾ ਅਤੇ ਮੈਡੀਕਲ ਟ੍ਰੇਨਿੰਗ ਨੂੰ ਵੀ ਹੁਲਾਰਾ ਮਿਲਣ ਦੀ ਉਮੀਦ ਹੈ।

## ਕਿਸ਼ਾਊ ਬਾਂਧ ’ਤੇ 6 ਸੂਬਿਆਂ ਦੀ ਵੱਡੀ ਸਹਿਮਤੀ, ਹਿਮਾਚਲ ਦੇ ਪਾਣੀ ਹਿੱਸੇ ’ਤੇ ਬਣੀ ਡੀਲ

**ਨਵੀਂ ਦਿੱਲੀ, 15 ਸਤੰਬਰ, (ਗੁਰਮੀਤ ਸਿੰਘ ਤੁੰਗ) :** ਲੰਬੇ ਸਮੇਂ ਤੋਂ ਲਟਕ ਰਹੇ ਕਿਸ਼ਾਊ ਬਹੁ-ਮੰਤਵੀ ਪ੍ਰੋਜੈਕਟ ਨੂੰ ਲੈ ਕੇ ਕੇਂਦਰ ਦੀ ਪਹਿਲ ’ਤੇ ਛੇ ਸੂਬਿਆਂ—ਹਿਮਾਚਲ ਪ੍ਰਦੇਸ਼, ਉੱਤਰਾਖੰਡ, ਉੱਤਰ ਪ੍ਰਦੇਸ਼, ਹਰਿਆਣਾ, ਰਾਜਸਥਾਨ ਅਤੇ ਦਿੱਲੀ—ਵਿਚਕਾਰ ਸਹਿਮਤੀ ਬਣ ਗਈ ਹੈ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਮੌਜੂਦਗੀ ਵਿੱਚ 15 ਸਤੰਬਰ ਨੂੰ ਸਮਝੌਤਾ ਹੋਇਆ। ਪ੍ਰੋਜੈਕਟ ਟੌਂਸ ਦਰਿਆ ’ਤੇ ਹਿਮਾਚਲ-ਉੱਤਰਾਖੰਡ ਸਰਹੱਦ ਨੇੜੇ ਬਣਾਇਆ ਜਾਣਾ ਹੈ।

ਇਸ ਦੀ ਪ੍ਰਸਤਾਵਿਤ ਸਮਰੱਥਾ 660 ਮੈਗਾਵਾਟ ਹੈ ਅਤੇ ਇਹ ਸਿੰਚਾਈ, ਪੀਣ ਵਾਲੇ ਪਾਣੀ, ਬਿਜਲੀ ਉਤਪਾਦਨ ਅਤੇ ਯਮੁਨਾ ਦੇ ਵਹਾਅ ਨੂੰ ਵਧਾਉਣ ਵਿੱਚ ਮਦਦ ਕਰੇਗਾ।

ਸਭ ਤੋਂ ਅਹਿਮ ਫ਼ੈਸਲਾ ਹਿਮਾਚਲ ਦੇ ਪਾਣੀ ਹਿੱਸੇ ਬਾਰੇ ਹੈ। ਹਿਮਾਚਲ ਨੂੰ ਮਿਲਣ ਵਾਲਾ ਪਾਣੀ ਦਿੱਲੀ ਅਤੇ ਰਾਜਸਥਾਨ ਨੂੰ ਦਿੱਤਾ ਜਾਵੇਗਾ, ਬਦਲੇ ਵਿੱਚ ਇਨ੍ਹਾਂ ਸੂਬਿਆਂ ਵੱਲੋਂ ਹਿਮਾਚਲ ਦੇ ਬਿਜਲੀ ਹਿੱਸੇ ਦੀ ਲਾਗਤ ਵਿੱਚ ਯੋਗਦਾਨ ਪਾਇਆ ਜਾਵੇਗਾ। ਪਾਣੀ ਵਾਲੇ ਹਿੱਸੇ ਦੀ 90% ਲਾਗਤ ਕੇਂਦਰ ਸਰਕਾਰ ਅਤੇ ਬਾਕੀ 10% ਛੇ ਸੂਬੇ ਸਾਂਝੇ ਕਰਨਗੇ। ਇਹ ਸਮਝੌਤਾ ਯਮੁਨਾ ਬੇਸਿਨ ਵਿੱਚ ਪਾਣੀ ਸੁਰੱਖਿਆ, ਬਿਜਲੀ ਉਤਪਾਦਨ, ਸਿੰਚਾਈ ਅਤੇ ਯਮੁਨਾ ਦੇ ਪੁਨਰਜੀਵਨ ਲਈ ਮਹੱਤਵਪੂਰਨ ਕਦਮ ਮੰਨਿਆ ਜਾ ਰਿਹਾ ਹੈ।

## ਚੰਡੀਗੜ੍ਹ ’ਚ ਕਾਂਗਰਸ ਦਾ ਪ੍ਰਦਰਸ਼ਨ ਤਣਾਅਪੂਰਨ, ਕੁਲਜੀਤ ਸਿੰਘ ਨਾਗਰਾ ਬੇਹੋਸ਼; ਸਚਿਨ ਪਾਇਲਟ ਸਮੇਤ ਕਈ ਆਗੂ ਹਿਰਾਸਤ ’ਚ

**ਚੰਡੀਗੜ੍ਹ, 15 ਸਤੰਬਰ -ਜੀ. ਐਸ. ਤੁੰਗ-**

ਸੰਗਰੂਰ ਦੇ ਗੁਲਜ਼ਾਰ ਸਿੰਘ ਖ਼ੁਦਕੁਸ਼ੀ ਮਾਮਲੇ ਨੂੰ ਲੈ ਕੇ ਪੰਜਾਬ ਕਾਂਗਰਸ ਵੱਲੋਂ ਚੰਡੀਗੜ੍ਹ ਵਿੱਚ ਕੀਤਾ ਗਿਆ ਪ੍ਰਦਰਸ਼ਨ ਉਸ ਵੇਲੇ ਤਣਾਅਪੂਰਨ ਹੋ ਗਿਆ ਜਦੋਂ ਪਾਰਟੀ ਆਗੂ ਕੁਲਜੀਤ ਸਿੰਘ ਨਾਗਰਾ ਮੰਚ ’ਤੇ ਬੇਹੋਸ਼ ਹੋ ਗਏ। ਪਾਰਟੀ ਆਗੂਆਂ ਮੁਤਾਬਕ ਉਨ੍ਹਾਂ ਦੀ ਸਿਹਤ ਅਚਾਨਕ ਵਿਗੜੀ, ਜਿਸ ਤੋਂ ਬਾਅਦ ਮੌਕੇ ’ਤੇ ਚਿੰਤਾ ਦਾ ਮਾਹੌਲ ਬਣ ਗਿਆ। ਪ੍ਰਦਰਸ਼ਨਕਾਰੀਆਂ ਨੂੰ ਅੱਗੇ ਵਧਣ ਤੋਂ ਰੋਕਣ ਲਈ ਪੁਲਿਸ ਨੇ ਪਾਣੀ ਦੀਆਂ ਬੁਛਾੜਾਂ ਕੀਤੀਆਂ। ਇਸ ਦੌਰਾਨ ਕਈ ਕਾਂਗਰਸੀ ਵਰਕਰਾਂ ਅਤੇ ਆਗੂਆਂ ਦੇ ਜ਼ਖ਼ਮੀ ਹੋਣ ਦੀ ਜਾਣਕਾਰੀ ਸਾਹਮਣੇ ਆਈ ਹੈ। ਕਾਂਗਰਸ ਨੇ ਐਂਬੂਲੈਂਸ ਦੇ ਕਥਿਤ ਤੌਰ ’ਤੇ ਦੇਰ ਨਾਲ ਪਹੁੰਚਣ ’ਤੇ ਵੀ ਇਤਰਾਜ਼ ਜਤਾਇਆ।



ਪੰਜਾਬ ਕਾਂਗਰਸ ਦੇ ਨਵੇਂ ਇੰਚਾਰਜ ਸਚਿਨ ਪਾਇਲਟ ਵੀ ਪ੍ਰਦਰਸ਼ਨ ਵਿੱਚ ਸ਼ਾਮਲ ਹੋਏ। ਪੁਲਿਸ ਨੇ ਪਾਇਲਟ ਸਮੇਤ ਕਈ ਕਾਂਗਰਸੀ ਆਗੂਆਂ ਅਤੇ ਵਰਕਰਾਂ ਨੂੰ ਹਿਰਾਸਤ ਵਿੱਚ ਲਿਆ। ਕਾਂਗਰਸ ਵੱਲੋਂ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੇ ਅਸਤੀਫ਼ੇ ਅਤੇ ਗੁਲਜ਼ਾਰ ਸਿੰਘ ਮਾਮਲੇ ਵਿੱਚ ਜਵਾਬਦੇਹੀ ਦੀ ਮੰਗ ਕੀਤੀ ਜਾ ਰਹੀ ਹੈ। ਇਹ ਪ੍ਰਦਰਸ਼ਨ ਪਾਇਲਟ ਦੇ ਪੰਜਾਬ ਕਾਂਗਰਸ ਇੰਚਾਰਜ ਬਣਨ ਤੋਂ ਬਾਅਦ ਉਨ੍ਹਾਂ ਦੀ ਪਹਿਲੀ ਵੱਡੀ ਸਿਆਸੀ ਸਰਗਰਮੀ ਵੀ ਹੈ, ਜਿਸ ਨੂੰ 2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਪਾਰਟੀ ਦੀ ਇਕਜੁੱਟਤਾ ਅਤੇ ਸੂਬਾ ਸਰਕਾਰ ਖ਼ਿਲਾਫ਼ ਹਮਲਾਵਰ ਰਣਨੀਤੀ ਨਾਲ ਜੋੜ ਕੇ ਦੇਖਿਆ ਜਾ ਰਿਹਾ ਹੈ।

# ਸੰਪਾਦਕੀ

## ਵਿਲੱਖਣ ਵਿਚਾਰ, ਸਿਰਜਣ ਇਨਸਾਨੀ ਕਿਰਦਾਰ

ਅਸਲ ਅਮੀਰੀ ਕੰਧਾਂ ਦੀ ਉਚਾਈ ਵਿੱਚ ਨਹੀਂ, ਵਿਚਾਰਾਂ ਦੀ ਗਹਿਰਾਈ ਵਿੱਚ ਵੱਸਦੀ ਹੈ। ਇੱਕ ਮਹਿੰਗੇ ਅਤੇ ਇੱਕ ਸਸਤੇ ਮਕਾਨ ਵਿੱਚ ਕੀ ਫ਼ਰਕ ਹੁੰਦਾ ਹੈ ? ਸਸਤੇ ਮਕਾਨ ਵਿੱਚ ਵੀ ਉਹ ਸਾਰੀਆਂ ਬੁਨਿਆਦੀ ਚੀਜ਼ਾਂ ਹੁੰਦੀਆਂ ਹਨ, ਜਿਹੜੀਆਂ ਇੱਕ ਘਰ ਨੂੰ ਰਹਿਣ ਯੋਗ ਬਣਾਉਂਦੀਆਂ ਹਨ। ਛੱਤ ਹੁੰਦੀ ਹੈ, ਕੰਧਾਂ ਹੁੰਦੀਆਂ ਹਨ, ਦਰਵਾਜ਼ੇ ਹੁੰਦੇ ਹਨ ਅਤੇ ਜ਼ਿੰਦਗੀ ਦੀਆਂ ਲੋੜਾਂ ਪੂਰੀਆਂ ਕਰਨ ਵਾਲਾ ਸਾਮਾਨ ਹੁੰਦਾ ਹੈ। ਪਰ ਇੱਕ ਮਹਿੰਗੇ ਮਕਾਨ ਦੀ ਖ਼ੂਬਸੂਰਤੀ ਸਿਰਫ਼ ਉਸ ਦੀਆਂ ਕੰਧਾਂ ਜਾਂ ਛੱਤ ਵਿੱਚ ਨਹੀਂ ਹੁੰਦੀ। ਉੱਥੇ ਇੱਕ ਤੋਂ ਇੱਕ ਵੰਨ-ਸੁਵੰਨੀਆਂ, ਮਹਿੰਗੀਆਂ ਅਤੇ ਨਾਇਬ ਚੀਜ਼ਾਂ ਹੁੰਦੀਆਂ ਹਨ। ਕੀਮਤੀ ਕਾਰਪੇਟ, ਸੁੰਦਰ ਲਿਖਤਾਂ, ਕਲਾਤਮਕ ਚਿੱਤਰ, ਸ਼ਾਨਦਾਰ ਸਜਾਵਟੀ ਸਮਾਨ ਅਤੇ ਸੁੰਦਰਤਾ ਦੇ ਅਨੇਕਾਂ ਡੈਕੋਰੇਸ਼ਨ ਪੀਸ ਉਸ ਮਕਾਨ ਨੂੰ ਵਿਲੱਖਣ ਬਣਾਉਂਦੇ ਹਨ। ਇਹੀ ਫ਼ਰਕ ਮਨੁੱਖ ਦੀ ਸੋਚ ਵਿੱਚ ਵੀ ਹੁੰਦਾ ਹੈ। ਹਰ ਇਨਸਾਨ ਕਿਸੇ ਨਾ ਕਿਸੇ ਭਾਸ਼ਾ ਵਿੱਚ ਸੋਚਦਾ ਹੈ। ਅਕਸਰ ਮਨੁੱਖ ਦੀ ਸੋਚ ਦੀ ਪਹਿਲੀ ਭਾਸ਼ਾ ਉਸ ਦੀ ਮਾਂ ਬੋਲੀ ਹੁੰਦੀ ਹੈ। ਉਹ ਆਪਣੇ ਦੁੱਖ, ਸੁੱਖ, ਸੁਪਨੇ, ਡਰ, ਪਿਆਰ ਅਤੇ ਆਸਾਂ ਨੂੰ ਸ਼ਬਦਾਂ ਰਾਹੀਂ ਹੀ ਸਮਝਦਾ ਹੈ। ਸ਼ਬਦ ਸਿਰਫ਼ ਬੋਲਣ ਦਾ ਸਾਧਨ ਨਹੀਂ, ਸਗੋਂ ਸੋਚ ਦੇ ਉਹ ਸੰਦ ਹਨ, ਜਿਨ੍ਹਾਂ ਨਾਲ ਮਨੁੱਖ ਆਪਣੇ ਅੰਦਰਲੀ ਦੁਨੀਆ ਦਾ ਨਿਰਮਾਣ ਕਰਦਾ ਹੈ। ਜੇਕਰ ਤੁਹਾਡੀ ਸੋਚ ਸਸਤੀ ਹੈ, ਤਾਂ ਇਸ ਦਾ ਮਤਲਬ ਇਹ ਨਹੀਂ ਕਿ ਤੁਹਾਡੇ ਕੋਲ ਪੈਸੇ ਘੱਟ ਹਨ। ਸਸਤੀ ਸੋਚ ਦਾ ਅਰਥ ਹੈ—ਵਿਚਾਰਾਂ ਦੀ ਗਰੀਬੀ, ਨਜ਼ਰੀਏ ਦੀ ਤੰਗੀ ਅਤੇ ਸ਼ਬਦਾਂ ਦੀ ਸੀਮਿਤ ਦੁਨੀਆ। ਜਿਸ ਮਨੁੱਖ ਕੋਲ ਉਹੀ ਕੁਝ ਗਿਣੇ-ਚੁਣੇ ਸ਼ਬਦ ਹਨ, ਜਿਹੜੇ ਹਰ ਕੋਈ ਵਰਤਦਾ ਹੈ, ਉਹ ਅਕਸਰ ਉਸੇ ਸੀਮਿਤ ਦਾਇਰੇ ਵਿੱਚ ਸੋਚਦਾ ਹੈ। ਉਸ ਦੀ ਗੱਲਬਾਤ ਵਿੱਚ ਡੂੰਘਾਈ ਘੱਟ ਹੁੰਦੀ ਹੈ, ਉਸ ਦੇ ਵਿਚਾਰਾਂ ਵਿੱਚ ਵਿਸ਼ਾਲਤਾ ਘੱਟ ਹੁੰਦੀ ਹੈ ਅਤੇ ਉਸ ਦੀ ਸਮਝ ਅਕਸਰ ਦਿਖਾਈ ਦੇਣ ਵਾਲੀਆਂ ਚੀਜ਼ਾਂ ਤੱਕ ਹੀ ਸੀਮਿਤ ਰਹਿ ਜਾਂਦੀ ਹੈ।

ਇਸ ਦੇ ਉਲਟ, ਮਹਿੰਗੀ ਸੋਚ ਵਾਲਾ ਮਨੁੱਖ ਆਪਣੇ ਵਿਚਾਰਾਂ ਨੂੰ ਬਿਹਤਰੀਨ ਸ਼ਬਦਾਂ, ਵਿਸ਼ਾਲ ਗਿਆਨ ਅਤੇ ਉੱਚੇ ਨਜ਼ਰੀਏ ਨਾਲ ਸਜਾਉਂਦਾ ਹੈ। ਜਿਵੇਂ ਇੱਕ ਮਹਿੰਗੇ ਮਕਾਨ ਦੀ ਸੁੰਦਰਤਾ ਉਸ ਦੇ ਨਾਇਬ ਸਾਮਾਨ ਨਾਲ ਵਧਦੀ ਹੈ, ਉਸੇ ਤਰ੍ਹਾਂ ਮਨੁੱਖ ਦੀ ਸੋਚ ਦੀ ਕੀਮਤ ਉਸ ਦੇ ਸ਼ਬਦਾਂ, ਵਿਚਾਰਾਂ ਅਤੇ ਸਮਝ ਨਾਲ ਵਧਦੀ ਹੈ। ਇੱਥੇ ਮਹਿੰਗੇ ਸ਼ਬਦਾਂ ਦਾ ਮਤਲਬ ਔਖੇ ਜਾਂ ਵਿਦੇਸ਼ੀ ਸ਼ਬਦ ਨਹੀਂ, ਸਗੋਂ ਉਹ ਲਫ਼ਜ਼ ਹਨ ਜਿਨ੍ਹਾਂ ਵਿੱਚ ਅਰਥ, ਸੰਵੇਦਨਾ, ਸੱਚਾਈ ਅਤੇ ਸਿਆਣਪ ਵੱਸਦੀ ਹੋਵੇ।

ਇੱਕ ਮਨੁੱਖ ਜਿਹੜੇ ਸ਼ਬਦ ਸਿੱਖਦਾ ਹੈ, ਉਹ ਉਸ ਦੀ ਸੋਚ ਦੇ ਦਰਵਾਜ਼ੇ ਖੋਲ੍ਹਦੇ ਹਨ। ਜੇਕਰ ਉਸ ਦੀ ਸ਼ਬਦਾਵਲੀ ਵਿੱਚ ਪਿਆਰ ਹੈ, ਤਾਂ ਉਹ ਰਿਸ਼ਤਿਆਂ ਨੂੰ ਸਮਝੇਗਾ। ਜੇਕਰ ਉਸ ਦੇ ਸ਼ਬਦਾਂ ਵਿੱਚ ਨਿਆਂ ਹੈ, ਤਾਂ ਉਹ ਦੂਜਿਆਂ ਦੇ ਹੱਕਾਂ ਬਾਰੇ ਸੋਚੇਗਾ। ਜੇਕਰ ਉਸ ਦੀ ਭਾਸ਼ਾ ਵਿੱਚ ਸਹਿਣਸ਼ੀਲਤਾ ਹੈ, ਤਾਂ ਉਹ ਵੱਖਰੇ ਵਿਚਾਰਾਂ ਨੂੰ ਵੀ ਸਤਿਕਾਰ ਦੇਵੇਗਾ। ਪਰ ਜੇਕਰ ਉਸ ਦੀ ਜ਼ੁਬਾਨ ਵਿੱਚ ਸਿਰਫ਼ ਨਫ਼ਰਤ, ਤੌਹੀਨ, ਈਰਖਾ ਅਤੇ ਅਪਮਾਨ ਦੇ ਸ਼ਬਦ ਹਨ, ਤਾਂ ਉਸ ਦੀ ਸੋਚ ਵੀ ਹੌਲੀ-ਹੌਲੀ ਉਸੇ ਰੰਗ ਵਿੱਚ ਰੰਗੀ ਜਾਂਦੀ ਹੈ।

ਇਸ ਲਈ ਮਾਂ ਬੋਲੀ ਦੀ ਅਮੀਰੀ ਸਿਰਫ਼ ਉਸ ਨੂੰ ਬੋਲਣ ਵਿੱਚ ਨਹੀਂ, ਸਗੋਂ ਉਸ ਦੇ ਸ਼ਬਦ-ਭੰਡਾਰ ਨੂੰ ਵਿਸ਼ਾਲ ਬਣਾਉਣ ਵਿੱਚ ਹੈ। ਪੰਜਾਬੀ ਦੀ ਅਸਲ ਤਾਕਤ ਉਸ ਦੀ ਮਿਠਾਸ ਦੇ ਨਾਲ-ਨਾਲ ਉਸ ਦੀ ਵਿਚਾਰਕ ਡੂੰਘਾਈ ਵਿੱਚ ਹੈ। ਗੁਰਬਾਣੀ, ਪੰਜਾਬੀ ਸਾਹਿਤ, ਸੂਫ਼ੀ ਕਾਵਿ ਅਤੇ ਲੋਕ-ਵਿਰਸੇ ਨੇ ਸਾਡੀ ਭਾਸ਼ਾ ਨੂੰ ਅਜਿਹੇ ਅਣਮੁੱਲੇ ਸ਼ਬਦ ਦਿੱਤੇ ਹਨ, ਜਿਨ੍ਹਾਂ ਵਿੱਚ ਸਦੀਆਂ ਦਾ ਗਿਆਨ ਅਤੇ ਮਨੁੱਖੀ ਤਜਰਬਾ ਸਮਾਇਆ ਹੋਇਆ ਹੈ। ਜਿਹੜਾ ਮਨੁੱਖ ਆਪਣੀ ਭਾਸ਼ਾ ਨੂੰ ਪੜ੍ਹਦਾ, ਸਮਝਦਾ ਅਤੇ ਨਿਖਾਰਦਾ ਹੈ, ਉਹ ਆਪਣੀ ਸੋਚ ਨੂੰ ਵੀ ਨਿਖਾਰਦਾ ਹੈ।

ਪਰ ਸਿਰਫ਼ ਬਹੁਤ ਸਾਰੇ ਸ਼ਬਦ ਜਾਣ ਲੈਣਾ ਹੀ ਮਹਿੰਗੀ ਸੋਚ ਦੀ ਨਿਸ਼ਾਨੀ ਨਹੀਂ। ਅਸਲ ਕੀਮਤ ਇਸ ਗੱਲ ਦੀ ਹੈ ਕਿ ਤੁਸੀਂ ਉਨ੍ਹਾਂ ਸ਼ਬਦਾਂ ਨੂੰ ਕਿਵੇਂ ਵਰਤਦੇ ਹੋ। ਕੋਈ ਮਨੁੱਖ ਵੱਡੇ-ਵੱਡੇ ਸ਼ਬਦ ਬੋਲ ਸਕਦਾ ਹੈ, ਪਰ ਜੇਕਰ ਉਸ ਦੇ ਕੰਮਾਂ ਵਿੱਚ ਇਮਾਨਦਾਰੀ ਨਹੀਂ, ਤਾਂ ਉਸ ਦੀ ਸੋਚ ਖੋਖਲੀ ਹੈ। ਦੂਜੇ ਪਾਸੇ, ਕੋਈ ਸਧਾਰਨ ਭਾਸ਼ਾ ਵਿੱਚ ਗੱਲ ਕਰਦਾ ਹੋਇਆ ਵੀ ਆਪਣੇ ਚੰਗੇ ਆਚਰਨ, ਸੱਚਾਈ ਅਤੇ ਮਨੁੱਖਤਾ ਨਾਲ ਬਹੁਤ ਉੱਚਾ ਹੋ ਸਕਦਾ ਹੈ।

ਚੰਗੀ ਸੋਚ ਤੋਂ ਹੀ ਚੰਗਾ ਕਿਰਦਾਰ ਬਣਦਾ ਹੈ। ਮਨੁੱਖ ਦੇ ਵਿਚਾਰ ਉਸ ਦੇ ਫ਼ੈਸਲਿਆਂ ਨੂੰ ਜਨਮ ਦਿੰਦੇ ਹਨ, ਫ਼ੈਸਲੇ ਉਸ ਦੇ ਕੰਮਾਂ ਨੂੰ ਅਤੇ ਕੰਮ ਉਸ ਦੇ ਕਿਰਦਾਰ ਨੂੰ। ਜਿਹੜਾ ਮਨੁੱਖ ਦੂਜਿਆਂ ਦੇ ਦੁੱਖ ਨੂੰ ਆਪਣਾ ਦੁੱਖ ਸਮਝਦਾ ਹੈ, ਜਿਹੜਾ ਕਮਜ਼ੋਰ ਦਾ ਹੱਕ ਨਹੀਂ ਮਾਰਦਾ, ਜਿਹੜਾ ਸੱਚ ਦੇ ਨਾਲ ਖੜ੍ਹਦਾ ਹੈ ਅਤੇ ਜਿਹੜਾ ਆਪਣੀ ਕਾਮਯਾਬੀ ਵਿੱਚ ਵੀ ਨਿਮਰ ਰਹਿੰਦਾ ਹੈ, ਉਹ ਅਸਲ ਵਿੱਚ ਮਹਿੰਗਾ ਮਨੁੱਖ ਹੈ।

ਅਜਿਹੇ ਮਨੁੱਖ ਦੀ ਕੀਮਤ ਪੈਸਿਆਂ ਨਾਲ ਨਹੀਂ ਲਗਾਈ ਜਾ ਸਕਦੀ। ਉਸ ਦਾ ਸਤਿਕਾਰ ਉਸ ਦੀ ਦੌਲਤ ਨਾਲ ਨਹੀਂ, ਉਸ ਦੀ ਨੀਅਤ ਨਾਲ ਹੁੰਦਾ ਹੈ। ਉਸ ਦੀ ਪਛਾਣ ਉਸ ਦੇ ਕੱਪੜਿਆਂ, ਮਕਾਨ ਜਾਂ ਗੱਡੀ ਨਾਲ ਨਹੀਂ, ਸਗੋਂ ਉਸ ਦੇ ਵਿਹਾਰ, ਬੋਲਾਂ ਅਤੇ ਕਿਰਦਾਰ ਨਾਲ ਹੁੰਦੀ ਹੈ।

ਅੱਜ ਲੋੜ ਹੈ ਕਿ ਅਸੀਂ ਆਪਣੇ ਘਰਾਂ ਨੂੰ ਸਜਾਉਣ ਦੇ ਨਾਲ-ਨਾਲ ਆਪਣੀ ਸੋਚ ਨੂੰ ਵੀ ਸਜਾਈਏ। ਮਹਿੰਗੇ ਪਰਦੇ, ਕਾਰਪੇਟ ਅਤੇ ਡੈਕੋਰੇਸ਼ਨ ਪੀਸ ਘਰ ਨੂੰ ਸੋਹਣਾ ਬਣਾ ਸਕਦੇ ਹਨ, ਪਰ ਚੰਗੇ ਵਿਚਾਰ, ਸੁੰਦਰ ਸ਼ਬਦ ਅਤੇ ਉੱਚਾ ਕਿਰਦਾਰ ਮਨੁੱਖ ਨੂੰ ਅਣਮੁੱਲਾ ਬਣਾਉਂਦੇ ਹਨ।

ਯਾਦ ਰੱਖੋ, ਮਹਿੰਗਾ ਮਕਾਨ ਤੁਹਾਡੀ ਦੌਲਤ ਦੱਸਦਾ ਹੈ, ਪਰ ਮਹਿੰਗੀ ਸੋਚ ਤੁਹਾਡੀ ਅਸਲ ਔਕਾਤ ਦੱਸਦੀ ਹੈ। ਮਨੁੱਖ ਦੀ ਸਭ ਤੋਂ ਵੱਡੀ ਪੂੰਜੀ ਉਸ ਦੀ ਸੋਚ ਹੈ ਅਤੇ ਸਭ ਤੋਂ ਕੀਮਤੀ ਪਛਾਣ ਉਸ ਦਾ ਕਿਰਦਾਰ।

**-ਛੱਤਰਪਾਲ ਸਿੰਘ**






Shaheed-e-Azam Printed, publíshed and owned by Harjinder Chaudhary printed at Raftaar Printing Press, Factory Area, Patiala and publíshed at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

# ਹਿਮਾਲਿਆ ਦੇ ਪਿਘਲਦੇ ਗਲੇਸ਼ੀਅਰ: ਭਾਰਤ ਦੀ ਜਲ ਸੁਰੱਖਿਆ, ਆਰਥਿਕਤਾ ਅਤੇ ਮਨੁੱਖੀ ਜੀਵਨ ਲਈ ਖ਼ਤਰੇ ਦੀ ਘੰਟੀ



ਗੁਰਮੀਤ ਸਿੰਘ ਤੁੰਗ
ਬਿਊਰੋ ਚੀਫ.
9855221193

ਹਿਮਾਲਿਆ ਸਿਰਫ਼ ਦੁਨੀਆ ਦੀਆਂ ਸਭ ਤੋਂ ਉੱਚੀਆਂ ਪਹਾੜੀ ਚੋਟੀਆਂ ਦਾ ਸਮੂਹ ਨਹੀਂ। ਇਹ ਭਾਰਤ ਦੀ ਕੁਦਰਤੀ ਜਲ-ਤਿਜੋਰੀ, ਏਸ਼ੀਆ ਦੀਆਂ ਮਹੱਤਵਪੂਰਨ ਨਦੀਆਂ ਦਾ ਸਰੋਤ, ਅਨੇਕਾਂ ਜੀਵ-ਜੰਤੂਆਂ ਦਾ ਘਰ ਅਤੇ ਕਰੋੜਾਂ ਲੋਕਾਂ ਦੀ ਜ਼ਿੰਦਗੀ ਦਾ ਆਧਾਰ ਹੈ। ਇਸ ਦੀਆਂ ਬਰਫ਼ੀਲੀਆਂ ਚੋਟੀਆਂ ਸਦੀਆਂ ਤੋਂ ਗੰਗਾ, ਯਮੁਨਾ, ਸਿੰਧੂ ਅਤੇ ਬ੍ਰਹਮਪੁੱਤਰ ਵਰਗੇ ਦਰਿਆਈ ਤੰਤਰਾਂ ਨੂੰ ਪਾਣੀ ਪ੍ਰਦਾਨ ਕਰਦੀਆਂ ਆ ਰਹੀਆਂ ਹਨ। ਇਨ੍ਹਾਂ ਦਰਿਆਵਾਂ ਦੇ ਕੰਢਿਆਂ 'ਤੇ ਖੇਤੀਬਾੜੀ, ਸ਼ਹਿਰ, ਉਦਯੋਗ, ਧਾਰਮਿਕ ਕੇਂਦਰ ਅਤੇ ਮਨੁੱਖੀ ਸਭਿਅਤਾਵਾਂ ਵਿਕਸਿਤ ਹੋਏ।

ਪਰ ਅੱਜ ਇਹ ਕੁਦਰਤੀ ਪ੍ਰਣਾਲੀ ਗੰਭੀਰ ਦਬਾਅ ਹੇਠ ਹੈ। ਗਲੇਸ਼ੀਅਰਾਂ ਦੇ ਤੇਜ਼ੀ ਨਾਲ ਪਿਘਲਣ, ਬਰਫ਼ਬਾਰੀ ਦੇ ਬਦਲਦੇ ਪੈਟਰਨ, ਵਧਦੇ ਤਾਪਮਾਨ, ਕਾਲੇ ਕਾਰਬਨ ਦੇ ਪ੍ਰਦੂਸ਼ਣ ਅਤੇ ਪਹਾੜੀ ਖੇਤਰਾਂ ਵਿੱਚ ਬੇਤਰਤੀਬ ਮਨੁੱਖੀ ਦਖ਼ਲ ਨੇ ਭਵਿੱਖ ਦੀ ਜਲ ਸੁਰੱਖਿਆ ਬਾਰੇ ਵੱਡੇ ਸਵਾਲ ਖੜ੍ਹੇ ਕਰ ਦਿੱਤੇ ਹਨ। ਸਤੰਬਰ 2026 ਵਿੱਚ ਸਿਸਟੇਮਿਕ ਦੀ ਅਗਵਾਈ ਹੇਠ ਜਾਰੀ ਹੋਈ ਰਿਪੋਰਟ ਨੇ ਇਸ ਚਿੰਤਾ ਨੂੰ ਹੋਰ ਗੰਭੀਰ ਰੂਪ ਦਿੱਤਾ ਹੈ। ਰਿਪੋਰਟ ਅਨੁਸਾਰ ਹਿਮਾਲਿਆਈ ਗਲੇਸ਼ੀਅਰਾਂ ਦੇ ਬਰਫ਼ੀਲੇ ਭਾਰ ਵਿੱਚ ਕਮੀ ਦੀ ਰਫ਼ਤਾਰ ਇੱਕ ਦਹਾਕਾ ਪਹਿਲਾਂ ਨਾਲੋਂ 65 ਫ਼ੀਸਦੀ ਵੱਧ ਹੋ ਗਈ ਹੈ। ਭਾਰਤ ਵਿੱਚ 56 ਗਲੇਸ਼ੀਅਰ ਝੀਲਾਂ ਨੂੰ ਬਹੁਤ ਉੱਚ ਖ਼ਤਰੇ ਵਾਲੀ ਸ਼੍ਰੇਣੀ ਵਿੱਚ ਰੱਖਿਆ ਗਿਆ ਹੈ। ਇਹ ਅੰਕੜੇ ਇੱਕ ਅਜਿਹੇ ਸੰਕਟ ਵੱਲ ਇਸ਼ਾਰਾ ਕਰਦੇ ਹਨ, ਜਿਸ ਦਾ ਪ੍ਰਭਾਵ ਆਉਣ ਵਾਲੇ ਦਹਾਕਿਆਂ ਵਿੱਚ ਭਾਰਤ ਦੇ ਪਾਣੀ, ਖੇਤੀਬਾੜੀ, ਊਰਜਾ ਅਤੇ ਅਰਥਵਿਵਸਥਾ 'ਤੇ ਪੈ ਸਕਦਾ ਹੈ।

ਬਰਫ਼ ਦਾ ਪਿਘਲਣਾ ਕੁਦਰਤੀ ਪ੍ਰਕਿਰਿਆ ਤੋਂ ਖ਼ਤਰਨਾਕ ਰਫ਼ਤਾਰ ਤੱਕ: ਗਲੇਸ਼ੀਅਰ ਹੌਲੀ-ਹੌਲੀ ਵਗਣ ਵਾਲੇ ਬਰਫ਼ੀਲੇ ਦਰਿਆ ਹੁੰਦੇ ਹਨ। ਸਰਦੀਆਂ ਵਿੱਚ ਬਰਫ਼ ਇਕੱਠੀ ਹੁੰਦੀ ਹੈ ਅਤੇ ਗਰਮੀਆਂ ਵਿੱਚ ਇਸ ਦਾ ਕੁਝ ਹਿੱਸਾ ਪਿਘਲ ਕੇ ਦਰਿਆਵਾਂ ਅਤੇ ਝਰਨਿਆਂ ਰਾਹੀਂ ਹੇਠਾਂ ਵਗਦਾ ਹੈ। ਕੁਦਰਤੀ ਸੰਤੁਲਨ ਵਿੱਚ ਇਹ ਪ੍ਰਕਿਰਿਆ ਪਾਣੀ ਦੀ ਸਪਲਾਈ ਨੂੰ ਕਾਇਮ ਰੱਖਦੀ ਹੈ। ਪਰ ਜਦੋਂ ਬਰਫ਼ ਜਮ੍ਹਾਂ ਹੋਣ ਨਾਲੋਂ ਪਿਘਲਣ ਦੀ ਮਾਤਰਾ ਵੱਧ ਜਾਂਦੀ ਹੈ, ਤਾਂ ਗਲੇਸ਼ੀਅਰ ਆਪਣਾ ਭਾਰ ਗੁਆਉਣ ਲੱਗਦਾ ਹੈ।

ਜਲਵਾਯੂ ਪਰਿਵਰਤਨ ਕਾਰਨ ਹਿਮਾਲਿਆਈ ਖੇਤਰ ਵਿੱਚ ਤਾਪਮਾਨ ਵਧ ਰਿਹਾ ਹੈ। ਕਈ ਥਾਵਾਂ 'ਤੇ ਬਰਫ਼ਬਾਰੀ ਦਾ ਸਮਾਂ ਅਤੇ ਮਾਤਰਾ ਬਦਲ ਰਹੀ ਹੈ। ਇਸ ਨਾਲ ਗਲੇਸ਼ੀਅਰਾਂ ਨੂੰ ਆਪਣਾ ਬਰਫ਼ੀਲਾ ਭੰਡਾਰ ਮੁੜ ਭਰਨ ਵਿੱਚ ਮੁਸ਼ਕਲ ਆਉਂਦੀ ਹੈ। ਗਲੇਸ਼ੀਅਰਾਂ ਦੇ ਪਿੱਛੇ ਹਟਣ ਨਾਲ ਨਵੀਆਂ ਝੀਲਾਂ ਬਣ ਸਕਦੀਆਂ ਹਨ ਅਤੇ ਪਹਾੜੀ ਢਲਾਣਾਂ ਦੀ ਸਥਿਰਤਾ ਵੀ ਪ੍ਰਭਾਵਿਤ ਹੋ ਸਕਦੀ ਹੈ।

ਇੱਥੇ ਇੱਕ ਮਹੱਤਵਪੂਰਨ ਗੱਲ ਸਮਝਣੀ ਜ਼ਰੂਰੀ ਹੈ। ਗਲੇਸ਼ੀਅਰਾਂ ਦਾ ਤੇਜ਼ੀ ਨਾਲ ਪਿਘਲਣਾ ਸ਼ੁਰੂਆਤੀ ਦੌਰ ਵਿੱਚ ਕੁਝ ਦਰਿਆਵਾਂ ਵਿੱਚ ਪਾਣੀ ਵਧਾ ਸਕਦਾ ਹੈ, ਪਰ ਜੇ ਬਰਫ਼ ਦਾ ਭੰਡਾਰ ਲਗਾਤਾਰ ਘਟਦਾ ਗਿਆ ਤਾਂ ਲੰਮੇ ਸਮੇਂ ਵਿੱਚ ਸੁੱਕੇ ਮੌਸਮ ਦੌਰਾਨ ਪਾਣੀ ਦੀ ਉਪਲਬਧਤਾ ਘਟ ਸਕਦੀ ਹੈ। ਇਸ ਸਥਿਤੀ ਨੂੰ ਵਿਗਿਆਨਕ ਭਾਸ਼ਾ ਵਿੱਚ ਪੀਕ ਵਾਟਰ ਨਾਲ ਜੋੜਿਆ ਜਾਂਦਾ ਹੈ ਭਾਵ ਉਹ ਮੋੜ ਜਿੱਥੇ ਗਲੇਸ਼ੀਅਰਾਂ ਦੇ ਪਿਘਲਣ ਨਾਲ ਮਿਲਣ ਵਾਲਾ ਪਾਣੀ ਆਪਣੀ ਚਰਮ ਸੀਮਾ 'ਤੇ ਪਹੁੰਚ ਕੇ ਘਟਣਾ ਸ਼ੁਰੂ ਕਰ ਸਕਦਾ ਹੈ।

**ਭਾਰਤ ਦੀ ਜਲ ਸੁਰੱਖਿਆ ਲਈ ਵੱਡਾ ਖ਼ਤਰਾ:**

ਭਾਰਤ ਦੇ ਉੱਤਰੀ ਮੈਦਾਨੀ ਇਲਾਕਿਆਂ ਦੀ ਖੇਤੀਬਾੜੀ ਅਤੇ ਪਾਣੀ ਦੀ ਪ੍ਰਣਾਲੀ ਹਿਮਾਲਿਆਈ ਦਰਿਆਵਾਂ ਨਾਲ ਡੂੰਘੀ ਤਰ੍ਹਾਂ ਜੁੜੀ ਹੋਈ ਹੈ। ਪੰਜਾਬ, ਹਰਿਆਣਾ, ਉੱਤਰ ਪ੍ਰਦੇਸ਼, ਬਿਹਾਰ ਅਤੇ ਪੱਛਮੀ ਬੰਗਾਲ ਵਰਗੇ ਖੇਤਰਾਂ ਵਿੱਚ ਸਿੰਚਾਈ, ਪੀਣ ਵਾਲਾ ਪਾਣੀ ਅਤੇ ਭੂ-ਜਲ ਦੀ ਰੀਚਾਰਜ ਪ੍ਰਕਿਰਿਆ ਦਰਿਆਈ ਪ੍ਰਣਾਲੀ ਨਾਲ ਸਬੰਧਤ ਹੈ। ਜੇ ਗਲੇਸ਼ੀਅਰਾਂ ਦੇ ਪਿਘਲਣ ਦੀ ਰਫ਼ਤਾਰ ਵਧਦੀ ਰਹੀ ਅਤੇ ਬਰਫ਼ ਦਾ ਭੰਡਾਰ ਘਟਦਾ ਗਿਆ, ਤਾਂ ਦਰਿਆਵਾਂ ਦੇ ਵਹਾਅ ਵਿੱਚ ਮੌਸਮੀ ਅਸਥਿਰਤਾ ਵਧ ਸਕਦੀ ਹੈ। ਕੁਝ ਮੌਸਮਾਂ ਵਿੱਚ ਵੱਧ ਪਾਣੀ ਅਤੇ ਕੁਝ ਵਿੱਚ ਘੱਟ ਪਾਣੀ ਦੀ ਸਥਿਤੀ ਬਣ ਸਕਦੀ ਹੈ। ਇਸ ਨਾਲ ਪਾਣੀ ਦੀ ਯੋਜਨਾਬੰਦੀ, ਸਿੰਚਾਈ ਅਤੇ ਸ਼ਹਿਰੀ ਸਪਲਾਈ ਪ੍ਰਣਾਲੀ ਲਈ ਚੁਣੌਤੀਆਂ ਵਧਣਗੀਆਂ।

ਭਾਰਤ ਵਿੱਚ ਪਹਿਲਾਂ ਹੀ ਕਈ ਖੇਤਰ ਭੂ-ਜਲ ਦੀ ਕਮੀ, ਵਧਦੀ ਆਬਾਦੀ ਅਤੇ ਖੇਤੀਬਾੜੀ ਦੀ ਵੱਧਦੀ ਪਾਣੀ ਮੰਗ ਦਾ ਸਾਹਮਣਾ ਕਰ ਰਹੇ ਹਨ। ਜੇ ਹਿਮਾਲਿਆਈ ਜਲ-ਪ੍ਰਣਾਲੀ ਵੀ ਅਸਥਿਰ ਹੋ ਜਾਂਦੀ ਹੈ, ਤਾਂ ਇਹ ਸਮੱਸਿਆ ਹੋਰ ਗੰਭੀਰ ਹੋ ਸਕਦੀ ਹੈ।

ਖੇਤੀਬਾੜੀ ਅਤੇ ਕਿਸਾਨਾਂ 'ਤੇ ਪ੍ਰਭਾਵ: ਭਾਰਤ ਦੀ ਖੁਰਾਕੀ ਸੁਰੱਖਿਆ ਵਿੱਚ ਪੰਜਾਬ ਅਤੇ ਹਰਿਆਣਾ ਦੀ ਭੂਮਿਕਾ ਬੇਹੱਦ ਮਹੱਤਵਪੂਰਨ ਹੈ। ਕਣਕ, ਝੋਨਾ ਅਤੇ ਹੋਰ ਫ਼ਸਲਾਂ ਦੀ ਪੈਦਾਵਾਰ ਲਈ ਸਿੰਚਾਈ ਪਾਣੀ ਦੀ ਲੋੜ ਹੁੰਦੀ ਹੈ। ਹਿਮਾਲਿਆਈ ਦਰਿਆਵਾਂ ਦੇ ਵਹਾਅ ਵਿੱਚ ਲੰਮੇ ਸਮੇਂ ਦੀ ਅਸਥਿਰਤਾ ਖੇਤੀਬਾੜੀ 'ਤੇ ਅਸਰ ਪਾ ਸਕਦੀ ਹੈ। ਜੇ ਸੁੱਕੇ ਮੌਸਮ ਵਿੱਚ ਦਰਿਆਵਾਂ ਦਾ ਪਾਣੀ ਘਟਦਾ ਹੈ, ਤਾਂ ਨਹਿਰਾਂ ਅਤੇ ਭੂ-ਜਲ 'ਤੇ ਦਬਾਅ ਵਧ ਸਕਦਾ ਹੈ। ਕਿਸਾਨਾਂ ਨੂੰ ਵੱਧ ਟਿਊਬਵੈੱਲ ਚਲਾਉਣੇ ਪੈ ਸਕਦੇ ਹਨ, ਜਿਸ ਨਾਲ ਬਿਜਲੀ ਅਤੇ ਡੀਜ਼ਲ ਦੀ ਲਾਗਤ ਵਧੇਗੀ। ਪਾਣੀ ਦੀ ਘਾਟ ਕਾਰਨ ਫ਼ਸਲਾਂ ਦੀ ਚੋਣ ਵਿੱਚ ਤਬਦੀਲੀ, ਪੈਦਾਵਾਰ ਵਿੱਚ ਕਮੀ ਅਤੇ ਖੇਤੀਬਾੜੀ ਆਮਦਨ 'ਤੇ ਦਬਾਅ ਦੀ ਸੰਭਾਵਨਾ ਬਣ ਸਕਦੀ ਹੈ।

ਇਸ ਦੇ ਨਾਲ, ਜੇ ਹਿਮਾਲਿਆਈ ਖੇਤਰਾਂ ਵਿੱਚ ਅਚਾਨਕ ਹੜ੍ਹ ਆਉਂਦੇ ਹਨ, ਤਾਂ ਹੇਠਲੇ ਇਲਾਕਿਆਂ ਵਿੱਚ ਵੀ ਦਰਿਆਈ ਬਾੜ੍ਹਾਂ ਦਾ ਖ਼ਤਰਾ ਵਧ ਸਕਦਾ ਹੈ। ਖੇਤਾਂ, ਫ਼ਸਲਾਂ, ਪਸ਼ੂਆਂ ਅਤੇ ਪੇਂਡੂ ਬੁਨਿਆਦੀ ਢਾਂਚੇ ਨੂੰ ਨੁਕਸਾਨ ਹੋ ਸਕਦਾ ਹੈ।

ਇਸ ਲਈ ਹਿਮਾਲਿਆ ਦੀ ਬਰਫ਼ ਦੀ ਸੁਰੱਖਿਆ ਪੰਜਾਬ ਦੇ ਕਿਸਾਨਾਂ ਦੀ ਸੁਰੱਖਿਆ ਨਾਲ ਵੀ ਜੁੜੀ ਹੋਈ ਹੈ।

ਗਲੇਸ਼ੀਅਰ ਝੀਲਾਂ ਦਾ ਫਟਣਾ ਅਚਾਨਕ ਤਬਾਹੀ ਦਾ ਖ਼ਤਰਾ: ਗਲੇਸ਼ੀਅਰ ਪਿਘਲਣ ਨਾਲ ਪਹਾੜਾਂ ਵਿੱਚ ਪਾਣੀ ਨਾਲ ਭਰੀਆਂ ਝੀਲਾਂ ਬਣ ਸਕਦੀਆਂ ਹਨ। ਕਈ ਝੀਲਾਂ ਕੁਦਰਤੀ ਮਲਬੇ, ਪੱਥਰਾਂ ਅਤੇ ਬਰਫ਼ ਦੇ ਬੰਨ੍ਹਾਂ ਨਾਲ ਰੁਕੀਆਂ ਹੁੰਦੀਆਂ ਹਨ। ਜੇ ਇਹ ਬੰਨ੍ਹ ਟੁੱਟ ਜਾਵੇ, ਤਾਂ ਪਾਣੀ ਅਤੇ ਮਲਬੇ ਦਾ ਬੇਹੱਦ ਤੇਜ਼ ਰੇਲਾ ਹੇਠਾਂ ਵਗ ਸਕਦਾ ਹੈ। ਇਸ ਘਟਨਾ ਨੂੰ ਗਲੇਸ਼ੀਅਰ ਝੀਲ ਵਿਸਫੋਟਕ ਹੜ੍ਹ ਜਾਂ 7*®6 ਕਿਹਾ ਜਾਂਦਾ ਹੈ।

ਭਾਰਤ ਵਿੱਚ 56 ਗਲੇਸ਼ੀਅਰ ਝੀਲਾਂ ਨੂੰ ਬਹੁਤ ਉੱਚ ਖ਼ਤਰੇ ਵਾਲੀ ਸ਼੍ਰੇਣੀ ਵਿੱਚ ਰੱਖਿਆ ਜਾਣਾ ਇਸ ਲਈ ਗੰਭੀਰ ਚਿੰਤਾ ਦਾ ਵਿਸ਼ਾ ਹੈ। ਅਜਿਹੀ ਬਾੜ੍ਹ ਆਮ ਮਾਨਸੂਨੀ ਬਾੜ੍ਹ ਨਾਲੋਂ ਵੱਖਰੀ ਹੋ ਸਕਦੀ ਹੈ। ਇਸ ਵਿੱਚ ਪਾਣੀ ਦੇ ਨਾਲ ਭਾਰੀ ਪੱਥਰ, ਚੱਟਾਨਾਂ, ਮਿੱਟੀ ਅਤੇ ਬਰਫ਼ ਵੀ ਆ ਸਕਦੀ ਹੈ।

ਇਸ ਦਾ ਪ੍ਰਭਾਵ ਪਹਾੜੀ ਪਿੰਡਾਂ, ਸੜਕਾਂ, ਪੁਲਾਂ, ਜਲ-ਬਿਜਲੀ ਪ੍ਰਾਜੈਕਟਾਂ ਅਤੇ ਬਿਜਲੀ ਦੀਆਂ ਲਾਈਨਾਂ 'ਤੇ ਪੈ ਸਕਦਾ ਹੈ। ਲੋਕਾਂ ਨੂੰ ਚੇਤਾਵਨੀ ਮਿਲਣ ਲਈ ਬਹੁਤ ਘੱਟ ਸਮਾਂ ਮਿਲ ਸਕਦਾ ਹੈ। ਇਸ ਲਈ ਉੱਚ-ਖ਼ਤਰੇ ਵਾਲੀਆਂ ਝੀਲਾਂ ਦੀ ਲਗਾਤਾਰ ਨਿਗਰਾਨੀ ਅਤੇ ਸਥਾਨਕ ਪੱਧਰ 'ਤੇ ਐਮਰਜੈਂਸੀ ਯੋਜਨਾਵਾਂ ਬਣਾਉਣਾ ਜ਼ਰੂਰੀ ਹੈ।

ਜਲ-ਬਿਜਲੀ ਅਤੇ ਬੁਨਿਆਦੀ ਢਾਂਚੇ ਦੀ ਸੁਰੱਖਿਆ: ਹਿਮਾਲਿਆਈ ਦਰਿਆਵਾਂ 'ਤੇ ਬਣੇ ਜਲ-ਬਿਜਲੀ ਪ੍ਰਾਜੈਕਟ ਭਾਰਤ ਦੀ ਊਰਜਾ ਪ੍ਰਣਾਲੀ ਦਾ ਮਹੱਤਵਪੂਰਨ ਹਿੱਸਾ ਹਨ। ਪਰ ਬਦਲਦਾ ਮੌਸਮ ਇਨ੍ਹਾਂ ਪ੍ਰਾਜੈਕਟਾਂ ਲਈ ਨਵੇਂ ਖ਼ਤਰੇ ਪੈਦਾ ਕਰ ਰਿਹਾ ਹੈ।

ਅਚਾਨਕ ਹੜ੍ਹ, ਭੂ-ਸਖਲਨ, ਪੱਥਰਾਂ ਦਾ ਮਲਬਾ ਅਤੇ ਦਰਿਆਵਾਂ ਵਿੱਚ ਵਧਦੀ ਗਾਦ ਬਾਧਾਂ, ਟਰਬਾਈਨਾਂ ਅਤੇ ਬਿਜਲੀ ਦੀਆਂ ਲਾਈਨਾਂ ਨੂੰ ਨੁਕਸਾਨ ਪਹੁੰਚਾ ਸਕਦੇ ਹਨ। ਇਸ ਨਾਲ ਬਿਜਲੀ ਉਤਪਾਦਨ ਪ੍ਰਭਾਵਿਤ ਹੋ ਸਕਦਾ ਹੈ ਅਤੇ ਵੱਡੇ ਆਰਥਿਕ ਨੁਕਸਾਨ ਦੀ ਸੰਭਾਵਨਾ ਬਣ ਸਕਦੀ ਹੈ।

ਵਿਕਾਸ ਪ੍ਰਾਜੈਕਟਾਂ ਦੀ ਲੋੜ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ, ਪਰ ਪਹਾੜੀ ਖੇਤਰਾਂ ਵਿੱਚ ਨਿਰਮਾਣ ਲਈ ਨਵੀਂ ਸੋਚ ਦੀ ਲੋੜ ਹੈ। ਹਰ ਪ੍ਰਾਜੈਕਟ ਦੀ ਯੋਜਨਾ ਬਣਾਉਂਦੇ ਸਮੇਂ ਗਲੇਸ਼ੀਅਰ ਝੀਲਾਂ, ਭੂ-ਸਖਲਨ, ਭੂਚਾਲੀ ਖ਼ਤਰੇ ਅਤੇ ਬਦਲਦੇ ਮੌਸਮ ਨੂੰ ਧਿਆਨ ਵਿੱਚ ਰੱਖਣਾ ਲਾਜ਼ਮੀ ਹੋਣਾ ਚਾਹੀਦਾ ਹੈ।

ਵਾਤਾਵਰਣ ਅਤੇ ਜੀਵ-ਵਿਭਿੰਨਤਾ 'ਤੇ ਅਸਰ: ਹਿਮਾਲਿਆ ਦੁਨੀਆ ਦੇ ਸਭ ਤੋਂ ਵੱਧ ਜੀਵ-ਵਿਭਿੰਨਤਾ ਵਾਲੇ ਖੇਤਰਾਂ ਵਿੱਚੋਂ ਇੱਕ ਹੈ। ਇੱਥੇ ਹਿਮ ਤਿੰਦੂਆ, ਕਸਤੂਰੀ ਹਿਰਨ, ਲਾਲ ਪਾਂਡਾ, ਹਿਮਾਲਿਆਈ ਭਾਲੂ ਅਤੇ ਅਨੇਕਾਂ ਪੰਛੀਆਂ ਤੇ ਪੌਦਿਆਂ ਦੀਆਂ ਕਿਸਮਾਂ ਮਿਲਦੀਆਂ ਹਨ।

ਗਲੇਸ਼ੀਅਰਾਂ ਦੇ ਪਿੱਛੇ ਹਟਣ ਅਤੇ ਤਾਪਮਾਨ ਵਧਣ ਨਾਲ ਇਨ੍ਹਾਂ ਪ੍ਰਜਾਤੀਆਂ ਦੇ ਕੁਦਰਤੀ ਆਵਾਸ ਬਦਲ ਸਕਦੇ ਹਨ। ਕੁਝ ਜੀਵ ਉੱਚੀਆਂ ਥਾਵਾਂ ਵੱਲ ਜਾਣ ਲਈ ਮਜਬੂਰ ਹੋ ਸਕਦੇ ਹਨ, ਜਦਕਿ ਕੁਝ ਲਈ ਨਵਾਂ ਆਵਾਸ ਉਪਲਬਧ ਨਹੀਂ ਹੋਵੇਗਾ। ਇਸ ਨਾਲ ਖੁਰਾਕੀ ਲੜੀ, ਪ੍ਰਜਨਨ ਅਤੇ ਜੰਗਲੀ ਜੀਵਾਂ ਦੀ ਸੁਰੱਖਿਆ ਪ੍ਰਭਾਵਿਤ ਹੋ ਸਕਦੀ ਹੈ। ਬਰਫ਼ ਦੇ ਪਿਘਲਣ ਨਾਲ ਪਹਾੜੀ ਢਲਾਣਾਂ ਦੀ ਸਥਿਰਤਾ ਵੀ ਪ੍ਰਭਾਵਿਤ ਹੋ ਸਕਦੀ ਹੈ। ਜਦੋਂ ਜੰਗਲ ਕਮਜ਼ੋਰ ਹੁੰਦੇ ਹਨ, ਤਾਂ ਮਿੱਟੀ ਦਾ ਕਟਾਅ, ਭੂ-ਸਖਲਨ ਅਤੇ ਦਰਿਆਵਾਂ ਵਿੱਚ ਗਾਦ ਵਧ ਸਕਦੀ ਹੈ। ਇਹ ਸਥਿਤੀ ਮਨੁੱਖੀ ਬਸਤੀਆਂ ਅਤੇ ਕੁਦਰਤੀ ਤੰਤਰ ਦੋਵਾਂ ਲਈ ਖ਼ਤਰਨਾਕ ਹੈ।

ਕਾਲਾ ਕਾਰਬਨ: ਬਰਫ਼ 'ਤੇ ਜਮਦਾ ਪ੍ਰਦੂਸ਼ਣ: ਹਿਮਾਲਿਆਈ ਗਲੇਸ਼ੀਅਰਾਂ ਦੇ ਪਿਘਲਣ ਵਿੱਚ ਕਾਲੇ ਕਾਰਬਨ ਦੀ ਭੂਮਿਕਾ ਵੀ ਮਹੱਤਵਪੂਰਨ ਚਿੰਤਾ ਹੈ। ਕਾਲਾ ਕਾਰਬਨ ਬਹੁਤ ਬਰੀਕ ਕਾਲੇ ਕਣ ਹੁੰਦੇ ਹਨ, ਜੋ ਕੋਇਲਾ, ਡੀਜ਼ਲ, ਲੱਕੜ ਅਤੇ ਹੋਰ ਈਂਧਨਾਂ ਦੇ ਅਧੂਰੇ ਦਹਿਨ ਨਾਲ ਪੈਦਾ ਹੁੰਦੇ ਹਨ।

ਇੱਟਾਂ ਦੇ ਭੱਠੇ, ਡੀਜ਼ਲ ਇੰਜਣ ਅਤੇ ਉਦਯੋਗਿਕ ਪ੍ਰਦੂਸ਼ਣ ਇਸ ਦੇ ਸਰੋਤਾਂ ਵਿੱਚ ਸ਼ਾਮਲ ਹਨ। ਜਦੋਂ ਇਹ ਕਣ ਹਿਮਾਲਿਆ ਦੀ ਬਰਫ਼ 'ਤੇ ਜਮ ਜਾਂਦੇ ਹਨ, ਤਾਂ ਬਰਫ਼ ਦੀ ਚਿੱਟੀ ਸਤ੍ਹਾ ਸੂਰਜੀ ਰੌਸ਼ਨੀ ਘੱਟ ਵਾਪਸ ਪਰਤਾਉਂਦੀ ਹੈ ਅਤੇ ਵੱਧ ਗਰਮੀ ਸੋਖ ਸਕਦੀ ਹੈ। ਇਸ ਨਾਲ ਪਿਘਲਣ ਦੀ ਪ੍ਰਕਿਰਿਆ ਤੇਜ਼ ਹੋ ਸਕਦੀ ਹੈ।

ਦੱਖਣੀ ਏਸ਼ੀਆਈ ਦੇਸ਼ਾਂ ਲਈ ਇਹ ਇੱਕ ਅਜਿਹਾ ਖੇਤਰ ਹੈ, ਜਿੱਥੇ ਤੁਰੰਤ ਕਾਰਵਾਈ ਕੀਤੀ ਜਾ ਸਕਦੀ ਹੈ। ਇੱਟਾਂ ਦੇ ਭੱਠਿਆਂ ਵਿੱਚ ਸਾਫ਼ ਤਕਨੀਕ, ਬਿਹਤਰ ਈਂਧਨ, ਡੀਜ਼ਲ ਪ੍ਰਦੂਸ਼ਣ ਵਿੱਚ ਕਮੀ ਅਤੇ ਖੇਤਰੀ ਹਵਾ-ਪ੍ਰਦੂਸ਼ਣ ਨਿਗਰਾਨੀ ਇਸ ਦਿਸ਼ਾ ਵਿੱਚ ਮਹੱਤਵਪੂਰਨ ਕਦਮ ਹੋ ਸਕਦੇ ਹਨ।

ਮਨੁੱਖੀ ਜੀਵਨ ਅਤੇ ਪਹਾੜੀ ਸਮਾਜ: ਹਿਮਾਲਿਆਈ ਸੰਕਟ ਦਾ ਸਭ ਤੋਂ ਵੱਡਾ ਪ੍ਰਭਾਵ ਆਮ ਲੋਕਾਂ 'ਤੇ ਪਵੇਗਾ। ਪਹਾੜੀ ਪਿੰਡਾਂ ਵਿੱਚ ਰਹਿਣ ਵਾਲੇ ਲੋਕ ਸਿੱਧੇ ਤੌਰ 'ਤੇ ਹੜ੍ਹਾਂ, ਭੂ-ਸਖਲਨ, ਪਾਣੀ ਦੀ ਕਮੀ ਅਤੇ ਸੜਕਾਂ ਦੇ ਨੁਕਸਾਨ ਦਾ ਸਾਹਮਣਾ ਕਰ ਸਕਦੇ ਹਨ।

ਘਰਾਂ, ਖੇਤਾਂ, ਸਕੂਲਾਂ ਅਤੇ ਸਿਹਤ ਕੇਂਦਰਾਂ ਨੂੰ ਨੁਕਸਾਨ ਹੋਣ ਨਾਲ ਲੋਕਾਂ ਦੀ ਰੋਜ਼ੀ-ਰੋਟੀ ਪ੍ਰਭਾਵਿਤ ਹੋਵੇਗੀ। ਜੇ ਪਾਣੀ ਦੇ ਸਰੋਤ ਸੁੱਕਦੇ ਜਾਂ ਪ੍ਰਦੂਸ਼ਿਤ ਹੁੰਦੇ ਹਨ, ਤਾਂ ਲੋਕਾਂ ਨੂੰ ਦੂਰੋਂ ਪਾਣੀ ਲਿਆਉਣਾ ਪੈ ਸਕਦਾ ਹੈ। ਇਸ ਨਾਲ ਔਰਤਾਂ, ਬੱਚਿਆਂ ਅਤੇ ਬਜ਼ੁਰਗਾਂ 'ਤੇ ਵਾਧੂ ਬੋਝ ਪੈ ਸਕਦਾ ਹੈ।

ਪਹਾੜੀ ਖੇਤਰਾਂ ਵਿੱਚ ਰੋਜ਼ਗਾਰ ਦੇ ਸੀਮਤ ਮੌਕੇ ਅਤੇ ਆਫ਼ਤਾਂ ਕਾਰਨ ਨੌਜਵਾਨਾਂ ਦਾ ਸ਼ਹਿਰਾਂ ਵੱਲ ਪਲਾਇਨ ਵਧ ਸਕਦਾ ਹੈ। ਇਸ ਨਾਲ ਪਹਾੜੀ ਪਿੰਡਾਂ ਦੀ ਸਮਾਜਿਕ ਅਤੇ ਸੱਭਿਆਚਾਰਕ ਬਣਤਰ ਵੀ ਪ੍ਰਭਾਵਿਤ ਹੋ ਸਕਦੀ ਹੈ।

**ਆਰਥਿਕਤਾ ਅਤੇ ਰਾਸ਼ਟਰੀ ਸੁਰੱਖਿਆ:** ਹਿਮਾਲਿਆਈ ਖੇਤਰ ਭਾਰਤ ਦੀ ਅਰਥਵਿਵਸਥਾ ਲਈ ਬੇਹੱਦ ਮਹੱਤਵਪੂਰਨ ਹੈ। ਤਾਜ਼ਾ ਰਿਪੋਰਟ ਅਨੁਸਾਰ ਇਹ ਖੇਤਰ ਭਾਰਤ ਦੇ GDP ਵਿੱਚ 20 ਫ਼ੀਸਦੀ ਤੋਂ ਵੱਧ ਯੋਗਦਾਨ ਪਾਉਂਦਾ ਹੈ। ਰਿਪੋਰਟ ਵਿੱਚ ਕੁਦਰਤੀ ਆਫ਼ਤਾਂ ਵਿੱਚ ਇਸ ਖੇਤਰ ਦੀ ਭੂਮਿਕਾ ਲਗਭਗ 35 ਫ਼ੀਸਦੀ ਦੱਸੀ ਗਈ ਹੈ।

ਇਹ ਅੰਕੜੇ ਦਰਸਾਉਂਦੇ ਹਨ ਕਿ ਹਿਮਾਲਿਆ ਦੀ ਸੁਰੱਖਿਆ ਸਿਰਫ਼ ਵਾਤਾਵਰਣ ਦਾ ਮੁੱਦਾ ਨਹੀਂ। ਇਹ ਆਰਥਿਕ ਸਥਿਰਤਾ, ਬੁਨਿਆਦੀ ਢਾਂਚੇ, ਖੁਰਾਕੀ ਸੁਰੱਖਿਆ ਅਤੇ ਰਾਸ਼ਟਰੀ ਸੁਰੱਖਿਆ ਦਾ ਹਿੱਸਾ ਹੈ।

ਪਹਾੜੀ ਖੇਤਰਾਂ ਵਿੱਚ ਸੜਕਾਂ, ਸੁਰੰਗਾਂ, ਪੁਲਾਂ ਅਤੇ ਬਿਜਲੀ ਪ੍ਰਾਜੈਕਟਾਂ ਨੂੰ ਨੁਕਸਾਨ ਹੋਣ ਨਾਲ ਸਰਹੱਦੀ ਖੇਤਰਾਂ ਦੀ ਕਨੈਕਟੀਵਿਟੀ ਅਤੇ ਰਣਨੀਤਕ ਤਿਆਰੀ ਵੀ ਪ੍ਰਭਾਵਿਤ ਹੋ ਸਕਦੀ ਹੈ। ਇਸ ਲਈ ਹਿਮਾਲਿਆ ਦੀ ਵਾਤਾਵਰਣਕ ਸਥਿਰਤਾ ਨੂੰ ਰਾਸ਼ਟਰੀ ਸੁਰੱਖਿਆ ਦੀਆਂ ਯੋਜਨਾਵਾਂ ਵਿੱਚ ਸ਼ਾਮਲ ਕਰਨਾ ਜ਼ਰੂਰੀ ਹੈ।

ਭਾਰਤ ਨੂੰ ਹੁਣ ਕੀ ਕਰਨਾ ਚਾਹੀਦਾ ਹੈ ?: ਹਿਮਾਲਿਆਈ ਸੰਕਟ ਨਾਲ ਨਜਿੱਠਣ ਲਈ ਕੇਂਦਰ ਸਰਕਾਰ, ਰਾਜ ਸਰਕਾਰਾਂ, ਵਿਗਿਆਨਕ ਸੰਸਥਾਵਾਂ ਅਤੇ ਸਥਾਨਕ ਪ੍ਰਸ਼ਾਸਨ ਨੂੰ ਸਾਂਝੀ ਕਾਰਵਾਈ ਕਰਨੀ ਹੋਵੇਗੀ।

ਸਭ ਤੋਂ ਪਹਿਲਾਂ ਗਲੇਸ਼ੀਅਰਾਂ ਅਤੇ ਝੀਲਾਂ ਦੀ ਨਿਗਰਾਨੀ ਮਜ਼ਬੂਤ ਕੀਤੀ ਜਾਵੇ। ਸੈਟੇਲਾਈਟ, ਡਰੋਨ, ਸੈਂਸਰ ਅਤੇ ਮੌਸਮੀ ਡਾਟਾ ਦੀ ਮਦਦ ਨਾਲ ਖ਼ਤਰਨਾਕ ਖੇਤਰਾਂ ਦੀ ਲਗਾਤਾਰ ਨਿਗਰਾਨੀ ਕੀਤੀ ਜਾਵੇ।

ਦੂਜਾ, ਗਲੇਸ਼ੀਅਰ ਝੀਲਾਂ ਲਈ ਪ੍ਰਭਾਵਸ਼ਾਲੀ ਅਰਲੀ ਵਾਰਨਿੰਗ ਸਿਸਟਮ ਬਣਾਇਆ ਜਾਵੇ। ਪਹਾੜੀ ਪਿੰਡਾਂ ਦੇ ਲੋਕਾਂ ਨੂੰ ਹੜ੍ਹ ਦੀ ਚੇਤਾਵਨੀ ਮਿਲਣ 'ਤੇ ਸੁਰੱਖਿਅਤ ਥਾਵਾਂ ਤੱਕ ਪਹੁੰਚਣ ਦੀ ਸਿਖਲਾਈ ਦਿੱਤੀ ਜਾਵੇ।

ਤੀਜਾ, ਪਹਾੜੀ ਖੇਤਰਾਂ ਵਿੱਚ ਨਿਰਮਾਣ ਲਈ ਵਿਗਿਆਨਕ ਅਤੇ ਵਾਤਾਵਰਣਕ ਮਾਪਦੰਡ ਸਖ਼ਤੀ ਨਾਲ ਲਾਗੂ ਕੀਤੇ ਜਾਣ। ਦਰਿਆਵਾਂ ਅਤੇ ਢਲਾਣਾਂ ਦੇ ਨੇੜੇ ਬੇਤਰਤੀਬ ਨਿਰਮਾਣ ਨੂੰ ਰੋਕਿਆ ਜਾਵੇ।

ਚੌਥਾ, ਕਾਲੇ ਕਾਰਬਨ ਅਤੇ ਹਵਾ ਪ੍ਰਦੂਸ਼ਣ ਨੂੰ ਘਟਾਉਣ ਲਈ ਸਾਫ਼ ਤਕਨੀਕ ਅਤੇ ਈਂਧਨ ਨੂੰ ਉਤਸ਼ਾਹਿਤ ਕੀਤਾ ਜਾਵੇ।

ਪੰਜਵਾਂ, ਪਾਣੀ ਦੀ ਲੰਮੇ ਸਮੇਂ ਦੀ ਯੋਜਨਾ ਬਣਾਈ ਜਾਵੇ। ਵਰਖਾ-ਜਲ ਸੰਭਾਲ, ਭੂ-ਜਲ ਰੀਚਾਰਜ, ਫ਼ਸਲੀ ਵਿਭਿੰਨਤਾ ਅਤੇ ਪਾਣੀ ਦੀ ਸੁਚੱਜੀ ਵਰਤੋਂ ਨੂੰ ਵਧਾਇਆ ਜਾਵੇ।

ਦੱਖਣੀ ਏਸ਼ੀਆ ਲਈ ਸਾਂਝੀ ਜ਼ਿੰਮੇਵਾਰੀ: ਹਿਮਾਲਿਆ ਅੱਠ ਦੇਸ਼ਾਂ ਵਿੱਚ ਫੈਲਿਆ ਹੋਇਆ ਹੈ ਅਤੇ ਇਸ ਦੀਆਂ ਨਦੀਆਂ ਸਰਹੱਦਾਂ ਤੋਂ ਪਰੇ ਵਗਦੀਆਂ ਹਨ। ਇਸ ਲਈ ਭਾਰਤ, ਨੇਪਾਲ, ਭੂਟਾਨ, ਚੀਨ, ਬੰਗਲਾਦੇਸ਼ ਅਤੇ ਹੋਰ ਪ੍ਰਭਾਵਿਤ ਦੇਸ਼ਾਂ ਵਿਚਕਾਰ ਸਹਿਯੋਗ ਬੇਹੱਦ ਜ਼ਰੂਰੀ ਹੈ।

ਸਾਂਝੀ ਗਲੇਸ਼ੀਅਰ ਨਿਗਰਾਨੀ, ਦਰਿਆਈ ਡਾਟਾ ਸਾਂਝਾ ਕਰਨਾ, ਸਰਹੱਦ ਪਾਰ ਹੜ੍ਹ ਚੇਤਾਵਨੀ ਪ੍ਰਣਾਲੀ ਅਤੇ ਕਾਲੇ ਕਾਰਬਨ ਨੂੰ ਘਟਾਉਣ ਲਈ ਖੇਤਰੀ ਯੋਜਨਾਵਾਂ ਬਣਾਈਆਂ ਜਾਣੀਆਂ ਚਾਹੀਦੀਆਂ ਹਨ।

ਕਿਸੇ ਇੱਕ ਦੇਸ਼ ਦੀ ਕਾਰਵਾਈ ਕਾਫ਼ੀ ਨਹੀਂ ਹੋਵੇਗੀ। ਹਿਮਾਲਿਆ ਇੱਕ ਸਾਂਝੀ ਕੁਦਰਤੀ ਵਿਰਾਸਤ ਹੈ ਅਤੇ ਇਸ ਦੀ ਰੱਖਿਆ ਵੀ ਸਾਂਝੀ ਜ਼ਿੰਮੇਵਾਰੀ ਹੈ।

ਹਿਮਾਲਿਆ ਦੀ ਬਰਫ਼ ਸਦੀਆਂ ਤੋਂ ਭਾਰਤ ਦੀਆਂ ਨਦੀਆਂ ਨੂੰ ਜੀਵਨ ਦਿੰਦੀ ਆ ਰਹੀ ਹੈ। ਪਰ ਜੇ ਗਲੇਸ਼ੀਅਰਾਂ ਦੇ ਪਿਘਲਣ ਦੀ ਰਫ਼ਤਾਰ ਤੇਜ਼ ਹੁੰਦੀ ਰਹੀ, ਤਾਂ ਭਵਿੱਖ ਵਿੱਚ ਪਾਣੀ ਦੀ ਅਸਥਿਰਤਾ, ਵਧਦੀਆਂ ਆਫ਼ਤਾਂ ਅਤੇ ਆਰਥਿਕ ਨੁਕਸਾਨ ਦਾ ਖ਼ਤਰਾ ਵਧ ਸਕਦਾ ਹੈ।

ਇਹ ਸੰਕਟ ਸਾਨੂੰ ਪੁੱਛਦਾ ਹੈ ਕਿ ਕੀ ਅਸੀਂ ਵਿਕਾਸ ਦੀ ਦੌੜ ਵਿੱਚ ਕੁਦਰਤ ਦੀ ਉਸ ਪ੍ਰਣਾਲੀ ਨੂੰ ਕਮਜ਼ੋਰ ਕਰ ਰਹੇ ਹਾਂ, ਜਿਸ 'ਤੇ ਸਾਡੀ ਆਪਣੀ ਜ਼ਿੰਦਗੀ ਨਿਰਭਰ ਕਰਦੀ ਹੈ ?

ਸੜਕਾਂ, ਬਿਜਲੀ, ਉਦਯੋਗ ਅਤੇ ਆਰਥਿਕ ਵਿਕਾਸ ਜ਼ਰੂਰੀ ਹਨ। ਪਰ ਜੇ ਵਿਕਾਸ ਦੀ ਯੋਜਨਾ ਪਹਾੜਾਂ, ਜੰਗਲਾਂ, ਦਰਿਆਵਾਂ ਅਤੇ ਵਾਤਾਵਰਣ ਦੀ ਸਮਰੱਥਾ ਨੂੰ ਨਜ਼ਰਅੰਦਾਜ਼ ਕਰੇ, ਤਾਂ ਇਸ ਦੀ ਕੀਮਤ ਆਉਣ ਵਾਲੀਆਂ ਪੀੜ੍ਹੀਆਂ ਨੂੰ ਚੁਕਾਉਣੀ ਪੈ ਸਕਦੀ ਹੈ।

ਹਿਮਾਲਿਆ ਦੀ ਬਰਫ਼ ਨੂੰ ਬਚਾਉਣਾ ਸਿਰਫ਼ ਪਹਾੜਾਂ ਨੂੰ ਬਚਾਉਣਾ ਨਹੀਂ। ਇਹ ਭਾਰਤ ਦੇ ਦਰਿਆਵਾਂ, ਖੇਤਾਂ, ਸ਼ਹਿਰਾਂ, ਉਦਯੋਗਾਂ, ਪਿੰਡਾਂ ਅਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਬਚਾਉਣਾ ਹੈ।

ਅੱਜ ਦੀ ਲਾਪਰਵਾਹੀ ਕੱਲ੍ਹ ਦੀ ਤਬਾਹੀ ਬਣ ਸਕਦੀ ਹੈ। ਪਰ ਜੇ ਵਿਗਿਆਨਕ ਨਿਗਰਾਨੀ, ਜ਼ਿੰਮੇਵਾਰ ਵਿਕਾਸ, ਸਾਫ਼ ਊਰਜਾ, ਕਾਲੇ ਕਾਰਬਨ ਵਿੱਚ ਕਮੀ ਅਤੇ ਖੇਤਰੀ ਸਹਿਯੋਗ ਨੂੰ ਤਰਜੀਹ ਦਿੱਤੀ ਜਾਵੇ, ਤਾਂ ਇਸ ਖ਼ਤਰੇ ਨੂੰ ਘਟਾਇਆ ਜਾ ਸਕਦਾ ਹੈ।

ਹਿਮਾਲਿਆ ਦੀ ਰੱਖਿਆ ਹੁਣ ਚੋਣ ਨਹੀਂ, ਭਾਰਤ ਦੇ ਭਵਿੱਖ ਦੀ ਲੋੜ ਹੈ।

## ਜੋੜੀਆਂ ਭੱਠੀਆਂ ਚੌਕ ਵਿੱਚ ਸ੍ਰੀ ਰਾਮਲੀਲਾ ਦੇ ਆਯੋਜਨ ਦੀਆਂ ਤਿਆਰੀਆਂ ਜ਼ੋਰਾਂ 'ਤੇ



**ਪਟਿਆਲਾ, 15 ਸਤੰਬਰ**
**-ਵਿਸ਼ਾਲ ਗੁਪਤਾ-**

ਜੋੜੀਆਂ ਭੱਠੀਆਂ ਰੌਇਲ ਯੂਥ ਕਲੱਬ ਅਤੇ ਸ੍ਰੀ ਰਾਮਲੀਲਾ ਪ੍ਰਬੰਧਕ ਕਮੇਟੀ ਵੱਲੋਂ ਪ੍ਰਧਾਨ ਵਰੁਣ ਜਿੰਦਲ ਦੀ ਦੇਖ-ਰੇਖ ਹੇਠ ਸ੍ਰੀ ਰਾਮਲੀਲਾ 2026 ਦੇ ਆਯੋਜਨ ਦੀਆਂ ਤਿਆਰੀਆਂ ਤੇਜ਼ ਕਰ ਦਿੱਤੀਆਂ ਗਈਆਂ ਹਨ। ਸ੍ਰੀ ਰਾਮਲੀਲਾ ਵਿੱਚ ਵੱਖ-ਵੱਖ ਪਾਤਰਾਂ ਦੀ ਭੂਮਿਕਾ ਨਿਭਾਉਣ ਲਈ ਸ਼ਹਿਰ ਦੇ ਨੌਜਵਾਨਾਂ ਵੱਲੋਂ ਜ਼ੋਰਾਂ-ਸ਼ੋਰਾਂ ਨਾਲ ਰਿਹਰਸਲ ਕੀਤੀ ਜਾ ਰਹੀ ਹੈ। ਇਸ ਸਾਲ ਸ੍ਰੀ ਰਾਮਲੀਲਾ ਵਿੱਚ ਦਿਖਾਏ ਜਾਣ ਵਾਲੇ ਦ੍ਰਿਸ਼ਾਂ ਨੂੰ ਬਹੁਤ ਹੀ ਵਧੀਆ ਢੰਗ ਨਾਲ ਪੇਸ਼ ਕਰਨ ਦੀ ਤਿਆਰੀ ਕੀਤੀ ਜਾ ਰਹੀ ਹੈ।

ਇਸ ਸਾਲ ਸ੍ਰੀ ਰਾਮਲੀਲਾ ਦਾ ਨਿਰਦੇਸ਼ਨ ਪ੍ਰਸਿੱਧ ਸ੍ਰੀ ਰਾਮਲੀਲਾ ਨਿਰਦੇਸ਼ਕ ਮੋਹਨ ਕੰਬੋਜ ਅਤੇ ਉਨ੍ਹਾਂ ਦੇ ਸਪੁੱਤਰ ਐਸ. ਕੁੰਤਲ ਕੰਬੋਜ ਵੱਲੋਂ ਕੀਤਾ ਜਾ ਰਿਹਾ ਹੈ। ਪ੍ਰਧਾਨ ਵਰੁਣ ਜਿੰਦਲ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਜੋੜੀਆਂ ਭੱਠੀਆਂ ਚੌਕ ਵਿੱਚ ਸ੍ਰੀ ਰਾਮਲੀਲਾ ਦਾ ਭਵਿਆ ਆਯੋਜਨ ਕੀਤਾ ਜਾ ਰਿਹਾ ਹੈ, ਜੋ 11 ਅਕਤੂਬਰ ਤੋਂ ਸ਼ੁਰੂ ਹੋ ਕੇ 20 ਅਕਤੂਬਰ ਤੱਕ, ਦੁਸਹਿਰੇ ਵਾਲੇ ਦਿਨ ਤੱਕ ਚੱਲੇਗੀ। 20 ਅਕਤੂਬਰ ਨੂੰ ਦੁਸਹਿਰੇ ਦਾ ਤਿਉਹਾਰ ਮਨਾਇਆ ਜਾਵੇਗਾ, ਜਿਸ ਦੌਰਾਨ ਰਾਵਣ ਦੇ ਪੁਤਲੇ ਦਾ ਦਹਨ ਕੀਤਾ ਜਾਵੇਗਾ।

ਉਨ੍ਹਾਂ ਦੱਸਿਆ ਕਿ ਜੋੜੀਆਂ ਭੱਠੀਆਂ ਚੌਕ ਵਿੱਚ ਹੋਣ ਵਾਲੀ ਸ੍ਰੀ ਰਾਮਲੀਲਾ ਵਿੱਚ ਪੁਰਸ਼ ਦੇ ਪਾਤਰ ਪੁਰਸ਼ਾਂ ਵੱਲੋਂ, ਜਦਕਿ ਇਸਤਰੀ ਦੇ ਪਾਤਰ ਮਹਿਲਾਵਾਂ ਵੱਲੋਂ ਨਿਭਾਏ ਜਾਂਦੇ ਹਨ। ਕਿਰਦਾਰਾਂ ਦੀ ਚੋਣ ਲਈ ਕਈ ਪੜਾਵਾਂ ਵਿੱਚ ਆਡੀਸ਼ਨ ਲਏ ਗਏ। ਇਸ ਤੋਂ ਬਾਅਦ ਪੂਰੀ ਟੀਮ ਨੂੰ ਅੰਤਿਮ ਰੂਪ ਦਿੱਤਾ ਗਿਆ ਹੈ, ਜੋ ਸ੍ਰੀ ਰਾਮਲੀਲਾ ਦਾ ਮੰਚਨ ਕਰੇਗੀ।

ਉਨ੍ਹਾਂ ਦੱਸਿਆ ਕਿ ਇਸ ਵਾਰ ਸ੍ਰੀ ਰਾਮਲੀਲਾ ਨੂੰ ਪਹਿਲਾਂ ਨਾਲੋਂ ਵਧੇਰੇ ਭਵਿਆ ਅਤੇ ਪ੍ਰਭਾਵਸ਼ਾਲੀ ਬਣਾਉਣ ਲਈ ਆਧੁਨਿਕ ਤਕਨਾਲੋਜੀ, ਆਕਰਸ਼ਕ ਅਤੇ ਭਵਿਆ ਮੰਚ ਸਜਾਵਟ, ਬਿਹਤਰ ਅਦਾਕਾਰੀ ਅਤੇ ਪ੍ਰਭਾਵਸ਼ਾਲੀ ਪੇਸ਼ਕਾਰੀ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ। ਇਸ ਤੋਂ ਇਲਾਵਾ ਜੋੜੀਆਂ ਭੱਠੀਆਂ ਚੌਕ ਨੂੰ ਅਯੋਧਿਆ ਨਗਰੀ ਦੇ ਰੂਪ ਵਿੱਚ ਸਜਾਇਆ ਜਾਵੇਗਾ। ਪ੍ਰਧਾਨ ਵਰੁਣ ਜਿੰਦਲ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਸਮੇਤ ਸ੍ਰੀ ਰਾਮਲੀਲਾ ਵਿੱਚ ਵੱਧ-ਚੜ੍ਹ ਕੇ ਸ਼ਾਮਲ ਹੋਣ।






## ਖੇਡਾਂ ਵਤਨ ਪੰਜਾਬ ਦੀਆਂ-2026- ਬਲਾਕ ਖਮਾਣੋ,ਖੇੜਾ ਅਤੇ ਬਸੀ ਪਠਾਣਾ ਵਿਖੇ ਖੇਡ ਮੁਕਾਬਲਿਆਂ ਵਿੱਚ ਖਿਡਾਰੀਆਂ ਨੇ ਆਪਣੀ ਪ੍ਰਤਿਭਾ ਦੇ ਜੌਹਰ ਦਿਖਾਏ

**ਫ਼ਤਹਿਗੜ੍ਹ ਸਾਹਿਬ, 4 ਸਤੰਬਰ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਜ਼ਿਲ੍ਹਾ ਫਤਹਿਗੜ੍ਹ ਸਾਹਿਬ ਵਿੱਚ ਚੱਲ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ-2026' ਤਹਿਤ ਅੱਜ ਬਲਾਕ ਖਮਾਣੋਂ,ਖੇੜਾ ਅਤੇ ਬਸੀ ਪਠਾਣਾ ਅਤੇ ਵਿਖੇ ਵੱਖ-ਵੱਖ ਖੇਡਾਂ ਦੇ ਦਿਲਚਸਪ ਮੁਕਾਬਲੇ ਹੋਏ। ਬਲਾਕ ਖਮਾਣੋਂ ਵਿਖੇ ਐਥਲੈਟਿਕਸ, ਫੁੱਟਬਾਲ, ਵਾਲੀਬਾਲ ਦੇ ਮੁਕਾਬਲੇ ਖੇਡ ਨਰਸਰੀ ਪਿੰਡ ਉੱਚਾ ਜਟਾਣਾ ਅਤੇ ਖੋਹ-ਖੋਹ, ਕਬੱਡੀ ਦੇ ਮੁਕਾਬਲੇ ਪਿੰਡ ਮਾਨਪੁਰ ਵਿਖੇ ਅਤੇ ਬਲਾਕ ਖੇੜਾ ਦੇ ਟੈਨਿਸ ਬਾਲ ਕ੍ਰਿਕਟ ਦੇ ਮੁਕਾਬਲੇ ਪਿੰਡ ਹੰਸਾਲੀ ਵਿਖੇ ਅਤੇ ਬਲਾਕ ਬੱਸੀ ਪਠਾਣਾਂ ਦੇ ਟੈਨਿਸ ਬਾਲ ਕ੍ਰਿਕਟ ਦੇ ਮੁਕਾਬਲੇ ਪੁਲਿਸ ਲਾਈਨ ਮਹੱਦੀਆ ਵਿਖੇ ਕਰਵਾਏ ਗਏ।

ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖੇਡ ਅਫ਼ਸਰ ਸ੍ਰੀ ਹਰਪਿੰਦਰ ਸਿੰਘ ਨੇ ਦੱਸਿਆ ਕਿ ਬਲਾਕ ਖਮਾਣੋਂ ਦੇ ਐਥਲੈਟਿਕਸ ਦੇ ਅੰਡਰ 17 ਉਮਰ ਵਰਗ ਦੇ 100 ਮੀਟਰ (ਲੜਕੀਆਂ) ਮੁਕਾਬਲੇ ਵਿੱਚ ਮਨਰੂਪ ਕੌਰ ਨੇ ਪਹਿਲਾ, ਕੋਮਲਪ੍ਰੀਤ ਕੌਰ ਨੇ ਦੂਜਾ ਅਤੇ ਇਸ਼ਵੀਨ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਅੰਡਰ-21 ਵਰਗ ਦੇ 100 ਮੀਟਰ (ਲੜਕੇ) ਮੁਕਾਬਲੇ ਵਿੱਚ ਜਗਦੀਪ ਸਿੰਘ ਨੇ ਪਹਿਲਾ, ਜਸਕਰਨ ਸਿੰਘ ਨੇ ਦੂਜਾ ਅਤੇ ਸਹਿਜਪ੍ਰੀਤ ਸਿੰਘ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਕਬੱਡੀ ਸਰਕਲ ਸਟਾਇਲ ਦੇ ਅੰਡਰ-17 ਲੜਕੀਆਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਖੇੜੀ ਨੌਧ ਸਿੰਘ ਦੀ ਟੀਮ ਨੇ ਪਹਿਲਾ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਨੈਲੀ ਧਨੋਲਾ ਦੀ ਟੀਮ ਨੇ ਦੂਜਾ ਸਥਾਨ ਹਾਸਲ ਕੀਤਾ। ਅੰਡਰ-17 ਲੜਕਿਆਂ ਦੇ ਮੁਕਾਬਲੇ ਵਿੱਚ ਪਿੰਡ ਭੜੀ ਦੀ ਟੀਮ ਨੇ ਪਹਿਲਾ ਅਤੇ ਜੀ.ਟੀ.ਬੀ. ਖੰਟਮਾਨਪੁਰ ਦੀ ਟੀਮ ਨੇ ਦੂਜਾ ਸਥਾਨ ਪ੍ਰਾਪਤ ਕੀਤਾ।



ਸ੍ਰੀ ਹਰਪਿੰਦਰ ਸਿੰਘ ਨੇ ਦੱਸਿਆ ਕਿ ਬਲਾਕ ਬੱਸੀ ਪਠਾਣਾਂ ਦੇ ਟੈਨਿਸ ਬਾਲ ਕ੍ਰਿਕਟ ਦੇ ਮੁਕਾਬਲੇ ਵਿੱਚ ਬੱਸੀ ਕਿੰਗਜ਼ ਇਲੈਵਨ ਦੀ ਟੀਮ ਨੇ ਸਨਰਾਈਜ਼ ਬੱਸੀ ਦੀ ਟੀਮ ਨੂੰ 70 ਦੌੜਾਂ ਦੇ ਫਰਕ ਨਾਲ ਹਰਾ ਕੇ ਜਿੱਤ ਦਰਜ ਕੀਤੀ। ਬਲਾਕ ਖੇੜਾ ਵਿਖੇ ਟੈਨਿਸ ਬਾਲ ਕ੍ਰਿਕਟ ਦੇ ਮੁਕਾਬਲਿਆਂ ਵਿੱਚ ਖੇਡ ਵਿਭਾਗ ਦੀ ਟੀਮ ਨੇ ਪਿੰਡ ਢੋਲਾਂ ਦੀ ਟੀਮ ਨੂੰ 25 ਦੌੜਾਂ ਨਾਲ ਹਰਾਇਆ, ਜਦਕਿ ਦੂਜੇ ਮੁਕਾਬਲੇ ਵਿੱਚ ਬਰਾਸ ਦੀ ਟੀਮ ਨੇ ਬਡਾਲੀ ਆਲਾ ਸਿੰਘ ਦੀ ਟੀਮ ਨੂੰ 13 ਦੌੜਾਂ ਨਾਲ ਮਾਤ ਦਿੱਤੀ।

## ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵਲੋਂ ਪੱਕੇ ਮੋਰਚੇ ਦੀ ਸਮਾਪਤੀ ਤੇ ਅਗਲੇ ਪ੍ਰੋਗਰਾਮ ਦਾ ਐਲਾਨ



**ਪਟਿਆਲਾ, 15 ਸਤੰਬਰ**
**-ਬਲਜੀਤ ਸਰਨਾ-**

ਭਾਰਤੀ ਕਿਸਾਨ ਯੂਨੀਅਨ (ਏਕਤਾ—ਉਗਰਾਹਾਂ) ਜਿਲਾ ਪਟਿਆਲਾ ਵੱਲੋਂ ਡਿਪਟੀ ਕਮਿਸ਼ਨਰ ਪਟਿਆਲਾ ਦੇ ਦਫਤਰ ਅੱਗੇ ਵੱਡਾ ਇਕੱਠ ਕਰਕੇ ਪੱਕੇ ਮੋਰਚੇ ਦੀ ਸਮਾਪਤੀ ਕੀਤੀ ਗਈ ਅਤੇ ਅਗਲੇ ਪ੍ਰੋਗਰਾਮ ਦਾ ਐਲਾਨ ਕੀਤਾ। ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਜਿਲੇ ਦੇ ਜਨਰਲ ਸਕੱਤਰ ਸੁਖਮਿੰਦਰ ਸਿੰਘ ਬਾਰਨ ਨੇ ਦੱਸਿਆ ਕਿ f14—9—26 ਨੂੰ ਜਿਲੇ ਦੇ ਪ੍ਰਸ਼ਾਸ਼ਨਿਕ ਅਧਿਕਾਰੀਆਂ ਨਾਲ ਹੋਈਆਂ ਮੀਟਿੰਗਾਂ ਵਿੱਚ ਜਿਲੇ ਨਾਲ ਸਬੰਧਤ ਕਈ ਮੰਗਾਂ ਦਾ ਨਿਪਟਾਰਾ ਕੀਤਾ ਗਿਆ। ਜਿਲੇ ਦੇ ਐਸ.ਐਸ.ਪੀ. ਹਰਮਨਦੀਪ ਹਾਂਸ ਵਲੋਂ ਕਿਸਾਨਾਂ ਤੇ ਵੱਖ—ਵੱਖ ਸਮੇਂ ਦਰਜ ਕੀਤੇ ਪਰਚਿਆਂ ਨੂੰ ਵਾਪਸ ਲੈਣ ਦਾ ਭਰੋਸਾ ਦਿਵਾਇਆ। ਇਸੇ ਤਰ੍ਹਾਂ ਡਿਪਟੀ ਕਮਿਸ਼ਨਰ ਦੀ ਹਾਜਰੀ ਵਿੱਚ ਏ.ਡੀ.ਸੀ. ਮੈਡਮ ਅਨੁਪਰਿਤਾ ਜ਼ੌਹਲ ਨੇ ਧਰਨੇ ਵਿੱਚ ਆਕੇ ਜਿੱਲੇ ਨਾਲ ਸਬੰਧਤ ਮੰਗਾਂ ਦੇ ਹੱਲ ਲਈ 10 ਦਿਨਾਂ ਦਾ ਸਮਾਂ ਦਿੱਤਾ। ਜਿਲਾ ਸੀਨੀਅਰ ਮੀਤ ਪ੍ਰਧਾਨ ਜਗਦੀਪ ਸਿੰਘ ਛੰਨਾ, ਬਲਰਾਜ ਜ਼ੋਸ਼ੀ, ਜਗਮੇਲ ਸਿੰਘ ਗਾਜੇਵਾਸ, ਅਵਤਾਰ ਸਿੰਘ ਬੁਰੜ੍ਹ, ਮੱਖਣ ਸਿੰਘ ਕਲਵਾਣੂ, ਭਰਪੂਰ ਸਿੰਘ ਰਾਜੇਵਾਸ, ਵਰਿੰਦਰ ਸਿੰਘ ਕਕਰਾਲਾ, ਜ਼ਸਵਿੰਦਰ ਸਿੰਘ ਸਾਲੂਵਾਲ, ਅਵਤਾਰ ਸਿੰਘ ਫੱਗਣਮਾਜਰਾ, ਗੁਰਵੀਰ ਸਿੰਘ ਨੰਦਪੁਰ ਕੇਸ਼ੋ, ਗੁਰਦੀਪ ਸਿੰਘ ਸਨੌਰ, ਹਰਦੀਪ ਸਿੰਘ ਡਰੌਲੀ, ਪ੍ਰੇਮ ਲਲੋਛੀ, ਦਵਿੰਦਰ ਸਿੰਘ ਸੀਲ, ਗੁਰਮੀਤ ਸਿੰਘ ਚਮਾਰੂ, ਬਲਜੀਤ ਸਿੰਘ ਕਲ੍ਹੇ ਮਾਜਰਾ ਨੇ ਵਿਚਾਰ ਪੇਸ਼ ਕੀਤੇ। ਅਗਲੇ ਪ੍ਰੋਗਰਾਮ ਦਾ ਐਲਾਨ ਵਿੱਚ ਮਿਤੀ 24—09—2026 ਨੂੰ ਡਿਪਟੀ ਕਮਿਸ਼ਨਰ ਪਟਿਆਲਾ ਦਾ ਮੁਕੰਮਲ ਘਿਰਾਓ ਕਰਨ ਦਾ ਐਲਾਨ ਕੀਤਾ। ਬੁਲਾਰਿਆਂ ਨੇ ਪੰਜਾਬ ਸਰਕਾਰ ਤੇ ਮੋਦੀ ਸਰਕਾਰ ਦੀਆਂ ਨੀਤੀਆਂ ਦਾ ਵਿਰੋਧ ਕਰਦੇ ਹੋਏ ਮੰਗ ਕੀਤੀ ਕਿ ਭਾਰਤ—ਅਮਰੀਕਾ ਵਪਾਰ ਸਮਝੌਤਾ ਰੱਦ ਕੀਤਾ ਜਾਵੇ, ਕਿਸਾਨ ਮਜਦੂਰਾਂ ਦੇ ਕਰਜੇ ਮੁਆਫ ਕੀਤੇ ਜਾਣ, ਅਬਾਦਕਾਰਾਂ ਦੇ ਮਾਲਕੀ ਹੱਕ ਬਹਾਲ ਕੀਤੇ ਜਾਣ, ਐਮ.ਐਸ.ਪੀ. ਦੀ ਗਰੰਟੀ ਕਾਨੂੰਨ ਲਾਗੂ ਕੀਤਾ ਜਾਵੇ ਤੇ ਜਨਤਕ ਵੰਡ ਪ੍ਰਣਾਲੀ ਲਾਗੂ ਕੀਤੀ ਜਾਵੇ।



# ਪੋਲੀਟਿਕਸ



## 'ਮੇਰਾ ਪਟਿਆਲਾ ਮੈਂ ਹੀ ਸਵਾਰਾਂ' ਦੀ ਪਹਿਲੀ ਵਰ੍ਹੇਗੰਢ: ਇੱਕ ਸਾਲ ਵਿੱਚ 50 ਹਜ਼ਾਰ ਕਿਲੋ ਤੋਂ ਵੱਧ ਕੂੜਾ ਹਟਾ ਕੇ ਸਫ਼ਾਈ ਤੇ ਨਾਗਰਿਕ ਜ਼ਿੰਮੇਵਾਰੀ ਦਾ ਦਿੱਤਾ ਸੁਨੇਹਾ

**ਪਟਿਆਲਾ, 15 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪਟਿਆਲਾ ਨੂੰ ਸਾਫ਼-ਸੁਥਰਾ, ਸੁੰਦਰ ਅਤੇ ਬਿਹਤਰ ਸ਼ਹਿਰ ਬਣਾਉਣ ਲਈ ਨਾਗਰਿਕਾਂ ਦੀ ਸਰਗਰਮ ਭਾਗੀਦਾਰੀ ਨੂੰ ਉਤਸ਼ਾਹਿਤ ਕਰ ਰਹੀ ਸਮਾਜ ਸੇਵੀ ਸੰਸਥਾ 'ਮੇਰਾ ਪਟਿਆਲਾ ਮੈਂ ਹੀ ਸਵਾਰਾਂ' ਆਪਣੀ ਪਹਿਲੀ ਵਰ੍ਹੇਗੰਢ ਮੌਕੇ 16 ਤੋਂ 20 ਸਤੰਬਰ ਤੱਕ ਵੱਖ-ਵੱਖ ਸੇਵਾ, ਸ਼੍ਰਮਦਾਨ, ਨਾਗਰਿਕ ਜਾਗਰੂਕਤਾ ਅਤੇ ਸਮਾਜਿਕ ਜ਼ਿੰਮੇਵਾਰੀ ਨਾਲ ਸਬੰਧਤ ਗਤੀਵਿਧੀਆਂ ਕਰਵਾਏਗੀ। ਸੰਸਥਾ ਨੇ ਆਪਣੀ ਇੱਕ ਸਾਲ ਦੀ ਯਾਤਰਾ ਦੌਰਾਨ ਸ਼ਹਿਰ ਦੀ ਸਫ਼ਾਈ ਲਈ ਕੀਤੇ ਉਪਰਾਲਿਆਂ ਤਹਿਤ 50,000 ਕਿਲੋ ਤੋਂ ਵੱਧ ਕੂੜਾ ਹਟਾਉਣ ਦਾ ਮਹੱਤਵਪੂਰਨ ਮੀਲ ਪੱਥਰ ਹਾਸਲ ਕੀਤਾ ਹੈ। ਸੰਸਥਾ ਅਨੁਸਾਰ ਇਹ ਸਿਰਫ਼ ਇੱਕ ਅੰਕੜਾ ਨਹੀਂ, ਸਗੋਂ ਸੈਂਕੜੇ ਵਾਲੰਟੀਅਰਾਂ ਵੱਲੋਂ ਪਟਿਆਲਾ ਲਈ ਦਿੱਤੇ ਸਮੇਂ, ਮਿਹਨਤ, ਸ਼੍ਰਮਦਾਨ, ਵਚਨਬੱਧਤਾ ਅਤੇ ਸੇਵਾ ਭਾਵਨਾ ਦਾ ਪ੍ਰਤੀਕ ਹੈ।



ਸੰਸਥਾ ਦੇ ਬੁਲਾਰੇ ਨੇ ਦੱਸਿਆ ਕਿ ਵਰ੍ਹੇਗੰਢ ਹਫ਼ਤੇ ਦੀ ਸ਼ੁਰੂਆਤ 16 ਸਤੰਬਰ ਨੂੰ ਲੀਲਾ ਭਵਨ ਚੌਕ ਵਿਖੇ ਵਿਸ਼ੇਸ਼ 'ਵਿਜ਼ਿਲ ਫਾਰ ਕਲੀਨਲਿਨੈੱਸ ਐਂਡ ਸਿਵਿਕ ਸੈਂਸ' ਨਾਲ ਕੀਤੀ ਜਾਵੇਗੀ। ਸ਼ਾਮ 4:45 ਵਜੇ ਸੰਸਥਾ ਦੇ ਵਾਲੰਟੀਅਰ ਲੀਲਾ ਭਵਨ ਚੌਕ ਵਿਖੇ ਇਕੱਠੇ ਹੋ ਕੇ ਕਰੀਬ ਇੱਕ ਘੰਟੇ ਤੱਕ ਜਾਗਰੂਕਤਾ ਮੁਹਿੰਮ ਚਲਾਉਣਗੇ। ਇਸ ਦੌਰਾਨ ਜਾਗਰੂਕਤਾ ਤਖ਼ਤੀਆਂ ਰਾਹੀਂ ਚੌਕ ਵਿੱਚੋਂ ਲੰਘਣ ਵਾਲੇ ਹਜ਼ਾਰਾਂ ਲੋਕਾਂ ਨੂੰ ਸਫ਼ਾਈ, ਜ਼ਿੰਮੇਵਾਰ ਨਾਗਰਿਕ ਵਿਵਹਾਰ ਅਤੇ ਆਪਣੇ ਸ਼ਹਿਰ ਪ੍ਰਤੀ ਫ਼ਰਜ਼ ਨਿਭਾਉਣ ਦਾ ਸੁਨੇਹਾ ਦਿੱਤਾ ਜਾਵੇਗਾ।

ਇਸ ਤੋਂ ਇਲਾਵਾ 16 ਤੋਂ 18/ 19 ਸਤੰਬਰ ਤੱਕ ਪਟਿਆਲਾ ਦੇ ਵੱਖ-ਵੱਖ ਭੀੜ-ਭਾੜ ਵਾਲੇ ਅਤੇ ਵੱਧ ਆਵਾਜਾਈ ਵਾਲੇ ਇਲਾਕਿਆਂ ਵਿੱਚ ਨਾਗਰਿਕ ਜਾਗਰੂਕਤਾ ਮੁਹਿੰਮਾਂ ਚਲਾਈਆਂ ਜਾਣਗੀਆਂ। ਸੰਸਥਾ ਵੱਲੋਂ ਲੋਕਾਂ ਨੂੰ ਅਪੀਲ ਕੀਤੀ ਜਾਵੇਗੀ ਕਿ ਉਹ ਸਿਰਫ਼ ਸਫ਼ਾਈ ਨੂੰ ਲੈ ਕੇ ਸ਼ਿਕਾਇਤ ਕਰਨ ਵਾਲੇ ਨਹੀਂ, ਸਗੋਂ ਸ਼ਹਿਰ ਨੂੰ ਸਾਫ਼ ਰੱਖਣ ਵਿੱਚ ਸਰਗਰਮ ਭਾਈਵਾਲ ਬਣਨ।

ਵਰ੍ਹੇਗੰਢ ਮੌਕੇ 50 ਤੋਂ ਵੱਧ ਵਾਲੰਟੀਅਰਾਂ ਦੀ ਸ਼ਮੂਲੀਅਤ ਨਾਲ ਵਿਸ਼ੇਸ਼ ਮੈਸਿਵ ਕਲੀਨਲਿਨੈੱਸ ਡਰਾਈਵ ਵੀ ਕਰਵਾਈ ਜਾਵੇਗੀ। ਸੰਸਥਾ ਵੱਲੋਂ ਇਸ ਮੌਕੇ ਸ਼੍ਰਮਦਾਨ ਨੂੰ ਸਭ ਤੋਂ ਵਧੀਆ ਢੰਗ ਨਾਲ ਆਪਣੀ ਇੱਕ ਸਾਲ ਦੀ ਸੇਵਾ ਦਾ ਜਸ਼ਨ ਮਨਾਉਣ ਦਾ ਸਾਧਨ ਦੱਸਿਆ ਗਿਆ ਹੈ। ਇਸੇ ਤਰ੍ਹਾਂ ਨਾਗਰਿਕ ਜ਼ਿੰਮੇਵਾਰੀ ਅਤੇ ਸਫ਼ਾਈ ਦਾ ਸੁਨੇਹਾ ਪ੍ਰਭਾਵਸ਼ਾਲੀ ਢੰਗ ਨਾਲ ਲੋਕਾਂ ਤੱਕ ਪਹੁੰਚਾਉਣ ਲਈ ਨੁੱਕੜ ਨਾਟਕ ਕਰਵਾਉਣ ਦੀ ਵੀ ਯੋਜਨਾ ਹੈ, ਜਿਸ ਨੂੰ ਮੌਸਮ ਅਨੁਕੂਲ ਹੋਣ 'ਤੇ ਕਰਵਾਇਆ ਜਾਵੇਗਾ।

19 ਸਤੰਬਰ ਨੂੰ ਸੰਸਥਾ ਵੱਲੋਂ ਸੈਫ਼ਦੀਪੁਰ ਸਥਿਤ ਵਿਸ਼ੇਸ਼ ਬੱਚਿਆਂ ਦੇ ਸਕੂਲ ਦਾ ਦੌਰਾ ਕਰਕੇ ਬੱਚਿਆਂ ਨਾਲ ਸਮਾਂ ਬਿਤਾਇਆ ਜਾਵੇਗਾ ਅਤੇ ਉਨ੍ਹਾਂ ਨਾਲ ਨਾਸ਼ਤਾ ਸਾਂਝਾ ਕੀਤਾ ਜਾਵੇਗਾ। ਇਸ ਉਪਰਾਲੇ ਰਾਹੀਂ ਸੰਸਥਾ ਆਪਣੀ ਵਰ੍ਹੇਗੰਢ ਨੂੰ ਸਮਾਜ ਸੇਵਾ ਅਤੇ ਲੋੜਵੰਦ ਵਰਗਾਂ ਨਾਲ ਸਾਂਝ ਪਾਉਣ ਲਈ ਸਮਰਪਿਤ ਕਰੇਗੀ। 20 ਸਤੰਬਰ ਨੂੰ ਮੈਂਬਰਾਂ ਦੀ ਸਾਂਝੀ ਭਾਗੀਦਾਰੀ ਨਾਲ ਯੋਗਦਾਨ-ਆਧਾਰਿਤ ਡਿਨਰ ਵੀ ਕਰਵਾਇਆ ਜਾਵੇਗਾ

ਸੰਸਥਾ ਦੇ ਵਾਲੰਟੀਅਰਾਂ ਦਾ ਕਹਿਣਾ ਹੈ ਕਿ ਇੱਕ ਸਾਲ ਦੌਰਾਨ 50,000 ਕਿਲੋ ਤੋਂ ਵੱਧ ਕੂੜਾ ਹਟਾਉਣਾ ਨਿਸ਼ਚਿਤ ਤੌਰ 'ਤੇ ਇੱਕ ਮਹੱਤਵਪੂਰਨ ਉਪਲਬਧੀ ਹੈ, ਪਰ ਅਸਲ ਮਕਸਦ ਸਿਰਫ਼ ਕੂੜਾ ਚੁੱਕਣਾ ਨਹੀਂ, ਸਗੋਂ ਨਾਗਰਿਕ ਚੇਤਨਾ ਪੈਦਾ ਕਰਨਾ ਹੈ। ਉਨ੍ਹਾਂ ਕਿਹਾ ਕਿ ਜਦੋਂ ਹਰ ਨਾਗਰਿਕ ਆਪਣੇ ਸ਼ਹਿਰ ਨੂੰ ਆਪਣਾ ਸਮਝ ਕੇ ਆਪਣੀ ਜ਼ਿੰਮੇਵਾਰੀ ਨਿਭਾਉਂਦਾ ਹੈ ਤਾਂ ਸਾਂਝੀ ਕੋਸ਼ਿਸ਼ ਵੱਡਾ ਬਦਲਾਅ ਲਿਆ ਸਕਦੀ ਹੈ।

'ਮੇਰਾ ਪਟਿਆਲਾ ਮੈਂ ਹੀ ਸਵਾਰਾਂ' ਵੱਲੋਂ ਆਪਣੀ ਪਹਿਲੀ ਵਰ੍ਹੇਗੰਢ ਨੂੰ ਸਿਰਫ਼ ਪਿਛਲੀਆਂ ਪ੍ਰਾਪਤੀਆਂ ਦੇ ਜਸ਼ਨ ਦੀ ਬਜਾਏ ਆਉਣ ਵਾਲੇ ਸਮੇਂ ਵਿੱਚ ਹੋਰ ਵੱਡੀ ਸੇਵਾ ਅਤੇ ਜ਼ਿੰਮੇਵਾਰੀ ਲਈ ਨਵਾਂ ਸੰਕਲਪ ਲੈਣ ਦਾ ਮੌਕਾ ਦੱਸਿਆ ਗਿਆ ਹੈ।

## 20 ਸਤੰਬਰ ਤੋਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਹੋਰ ਮਜ਼ਬੂਤੀ ਨਾਲ ਚਲਾਇਆ ਜਾਵੇਗਾ-ਲਖਵੀਰ ਸਿੰਘ ਰਾਏ



**ਫ਼ਤਹਿਗੜ੍ਹ ਸਾਹਿਬ, 4 ਸਤੰਬਰ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬਾ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਸ਼ੁਰੂ ਕੀਤੀ ਗਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਲੋਕਾਂ ਦੇ ਸਹਿਯੋਗ ਨਾਲ ਹੋਰ ਮਜ਼ਬੂਤ ਕੀਤਾ ਜਾ ਰਿਹਾ ਹੈ। 20 ਸਤੰਬਰ ਤੋਂ ਬਾਅਦ ਇਸ ਮੁਹਿੰਮ ਨੂੰ ਹੋਰ ਨਵੀਂ ਊਰਜਾ ਅਤੇ ਮਜ਼ਬੂਤ ਰੂਪ ਵਿੱਚ ਅੱਗੇ ਵਧਾਇਆ ਜਾਵੇਗਾ, ਜਿਸ ਲਈ ਪਿੰਡਾਂ ਅਤੇ ਸ਼ਹਿਰਾਂ ਦੀਆਂ ਡਿਫੈਂਸ ਕਮੇਟੀਆਂ ਹਰ ਇੱਕ ਪਿੰਡ ਅਤੇ ਵਾਰਡ ਵਿੱਚ ਲੋਕਾਂ ਨਾਲ ਮੀਟਿੰਗਾਂ ਕਰਨਗੀਆਂ। ਇਹ ਪ੍ਰਗਟਾਵਾ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਮਾਤਾ ਗੁਜਰੀ ਕਾਲਜ ਦੇ ਕਾਮਰਸ ਹਾਲ ਵਿਖੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਵਿਲੇਜ ਡਿਫੈਂਸ ਕਮੇਟੀਆਂ ਅਤੇ ਵਾਰਡ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਨਾਲ ਵਿਸ਼ੇਸ਼ ਸਮੀਖਿਆ ਮੀਟਿੰਗ ਨੂੰ ਸੰਬੋਧਨ ਕਰਦਿਆਂ ਕੀਤਾ। ਵਿਧਾਇਕ ਰਾਏ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਇਸ ਜੰਗ ਵਿੱਚ ਸਰਕਾਰ ਦੇ ਨਾਲ-ਨਾਲ ਸਮਾਜ ਦੇ ਹਰ ਵਰਗ ਦੀ ਸ਼ਮੂਲੀਅਤ ਜ਼ਰੂਰੀ ਹੈ। ਉਨ੍ਹਾਂ ਪਿੰਡਾਂ ਦੇ ਸਰਪੰਚਾਂ, ਬਲਾਕ ਪੱਧਰੀ ਨੁਮਾਇੰਦਿਆਂ, ਡਿਫੈਂਸ ਕਮੇਟੀਆਂ ਦੇ ਮੈਂਬਰਾਂ ਨੂੰ ਕਿਹਾ ਕਿ ਉਹ ਆਪੋ-ਆਪਣੇ ਖੇਤਰਾਂ ਵਿੱਚ ਨਸ਼ਿਆਂ ਦੀ ਰੋਕਥਾਮ ਲਈ ਪੂਰੀ ਤਨਦੇਹੀ ਨਾਲ ਕੰਮ ਕਰਨ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਉਸਾਰੂ ਮਾਹੌਲ ਸਿਰਜਣ।

ਵਿਧਾਇਕ ਨੇ ਕਿਹਾ ਕਿ ਨਸ਼ਿਆਂ ਦੀ ਸਮੱਸਿਆ ਕਿਸੇ ਇੱਕ ਵਿਅਕਤੀ ਜਾਂ ਪਰਿਵਾਰ ਦੀ ਸਮੱਸਿਆ ਨਹੀਂ, ਸਗੋਂ ਸਮੁੱਚੇ ਸਮਾਜ ਲਈ ਚੁਣੌਤੀ ਹੈ। ਇਸ ਲਈ ਇਸਦੇ ਖਾਤਮੇ ਲਈ ਸਰਕਾਰ ਅਤੇ ਲੋਕਾਂ ਨੂੰ ਮਿਲ ਕੇ ਕੰਮ ਕਰਨਾ ਹੋਵੇਗਾ। ਉਨ੍ਹਾਂ ਕਿਹਾ ਕਿ ਲੋਕਾਂ ਦੇ ਸਹਿਯੋਗ ਤੋਂ ਬਿਨਾਂ ਇਸ ਜੰਗ ਨੂੰ ਪੂਰੀ ਤਰ੍ਹਾਂ ਜਿੱਤਣਾ ਸੰਭਵ ਨਹੀਂ ਅਤੇ ਪੰਜਾਬ ਦੇ ਲੋਕਾਂ ਦਾ ਸਹਿਯੋਗ ਇਸ ਮੁਹਿੰਮ ਦੀ ਸਭ ਤੋਂ ਵੱਡੀ ਤਾਕਤ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਸਰਕਾਰ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਲੋਕਾਂ ਦੇ ਸਹਿਯੋਗ ਨਾਲ ਉਹ ਦਿਨ ਦੂਰ ਨਹੀਂ ਜਦੋਂ ਪੰਜਾਬ ਨਸ਼ਿਆਂ ਦੀ ਲਾਹਨਤ ਤੋਂ ਪੂਰੀ ਤਰ੍ਹਾਂ ਮੁਕਤ ਹੋਵੇਗਾ। ਉਨ੍ਹਾਂ ਕਿਹਾ ਕਿ ਸਾਂਝੇ ਯਤਨਾਂ ਸਦਕਾ ਪੰਜਾਬ ਨੂੰ ਮੁੜ 'ਰੰਗਲਾ ਪੰਜਾਬ' ਬਣਾਉਣ ਦਾ ਸੁਪਨਾ ਹਰ ਹਾਲ ਵਿੱਚ ਸਾਕਾਰ ਕੀਤਾ ਜਾਵੇਗਾ।

ਇਸ ਤੋਂ ਪਹਿਲਾਂ ਐਸ.ਡੀ.ਐਮ. ਸ੍ਰੀ ਕਰੁਣ ਗੁਪਤਾ ਨੇ ਦੱਸਿਆ ਕਿ ਨਸ਼ਿਆਂ ਸਬੰਧੀ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਪ੍ਰਸ਼ਾਸਨ ਜਾਂ ਸਬੰਧਤ ਅਧਿਕਾਰੀਆਂ ਤੱਕ ਪਹੁੰਚਾਉਣ ਵਾਲੇ ਵਿਅਕਤੀਆਂ ਦੀ ਪਛਾਣ ਅਤੇ ਸੂਚਨਾ ਨੂੰ ਪੂਰੀ ਤਰ੍ਹਾਂ ਗੁਪਤ ਰੱਖਿਆ ਜਾਵੇਗਾ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਬਿਨਾਂ ਕਿਸੇ ਡਰ ਜਾਂ ਝਿਜਕ ਦੇ ਨਸ਼ਿਆਂ ਦੀ ਵਿਕਰੀ, ਤਸਕਰੀ ਜਾਂ ਵਰਤੋਂ ਸਬੰਧੀ ਜਾਣਕਾਰੀ ਪ੍ਰਸ਼ਾਸਨ ਨਾਲ ਸਾਂਝੀ ਕਰਨ ਤਾਂ ਜੋ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਅੱਗੇ ਵਧਾਇਆ ਜਾ ਸਕੇ। ਇਸ ਮੌਕੇ ਜਿਲ੍ਹਾ ਕੋਆਰਡੀਨੇਟਰ ਯੁੱਧ ਨਸ਼ਿਆ ਵਿਰੁੱਧ ਸ੍ਰੀ ਓਂਕਾਰ ਸਿੰਘ ਚੌਹਾਨ, ਮਹਿਲਾ ਵਿੰਗ ਦੀ ਜ਼ਿਲ੍ਹਾ ਪ੍ਰਧਾਨ ਗੀਨਾ ਰਾਣੀ, ਤਹਿਸੀਲਦਾਰ ਵਿਸ਼ਾਲ ਵਰਮਾ ਬਿਕਰਮਜੀਤ ਸਿੰਘ ਵਿੱਕੀ, ਹਰਪਾਲ ਸਿੰਘ ਪੂਨੀਆ, ਗੁਰਦਰਸ਼ਨ ਸਿੰਘ ਹਨੀ, ਹਰਮੇਸ਼ ਸਿੰਘ ਪੂਨੀਆ, ਬਹਾਦਰ ਜਲਾਲ, ਪੀ.ਏ. ਸਤੀਸ਼ ਲਟੌਰ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਵੱਡੀ ਗਿਣਤੀ ਪਤਵੰਤੇ ਹਾਜਰ ਸਨ।

## ਡਾ. ਬਲਬੀਰ ਸਿੰਘ ਸਿਹਤ ਮੰਤਰੀ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਦੀ ਮੀਟਿੰਗ ਪੰਜਾਬ ਸਿਵਲ ਸਕੱਤਰੇਤ ਵਿਖੇ ਹੋਈ

**ਚੰਡੀਗੜ੍ਹ, 15 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਦੀ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ (1680) ਦੀ ਮੀਟਿੰਗ ਡਾ. ਬਲਬੀਰ ਸਿੰਘ ਸਿਹਤ ਮੰਤਰੀ ਪੰਜਾਬ ਨਾਲ ਉਹਨਾਂ ਦੇ ਦਫਤਰ ਪੰਜਾਬ ਸਿਵਲ ਸਕੱਤਰੇਤ ਵਿਖੇ ਹੋਈ।



ਮੀਟਿੰਗ ਵਿੱਚ ਪੰਜਾਬ ਵਿਚਲਿਆ ਸਿਹਤ ਸੰਸਥਾਵਾਂ ਖੋਜ਼ ਅਤੇ ਮੈਡੀਕਲ ਦੀਆਂ ਸੰਸਥਾਵਾਂ ਆਮ ਆਦਮੀ ਕਲੀਨਿੰਗ, ਸਿਵਲ ਹਸਪਤਾਲਾਂ, ਮਾਤਾ ਕੁਸ਼ਲਿਆ ਹਸਪਤਾਲ ਪਟਿਆਲਾ ਅਤੇ ਵੱਖ-ਵੱਖ ਡਿਸਪੈਂਸਰੀਆਂ ਵਿੱਚ ਲੰਮੇ ਸਮੇਂ ਤੋਂ ਕੰਮ ਕਰ ਰਹੇ ਕੰਟਰੈਕਟ, ਆਊਟ ਸੋਰਸ, ਡੀ.ਸੀ. ਰੇਟ ਅਤੇ ਯੂਜਰਜ਼ ਚਾਰਜਿਜ ਅਧੀਨ ਕੰਮ ਕਰਦੇ ਚੌਥਾ ਦਰਜਾ ਕਰਮਚਾਰੀਆਂ ਅਤੇ ਟੈਕਨੀਕਲ ਕਰਮਚਾਰੀਆਂ ਦੀਆਂ ਮੰਗਾਂ ਜਿਸ ਵਿੱਚ ਵਿਸ਼ੇਸ਼ ਤੌਰ ਤੇ ਘੱਟੋ-ਘੱਟ ਉਜਰਤਾਂ ਦੇਣਾ, ਘੱਟੋ-ਘੱਟ ਉਜਰਤਾਂ ਵਿੱਚ ਹੋਏ 15 ਪ੍ਰਤੀਸ਼ਤ ਵਾਧੇ ਨੂੰ ਲਾਗੂ ਕਰਨਾ, ਬਕਾਇਆ ਦੇਣਾ ਅਤੇ ਕੰਟਰੈਕਟ, ਆਊਟ ਸੋਰਸ, ਯੂਜਰ ਚਾਰਜਿਜ, ਕਰਮਚਾਰੀਆਂ ਨੂੰ ਠੇਕੇਦਾਰੀ ਪ੍ਰਥਾ ਤੋਂ ਨਿਯਾਤ ਦਿਵਾ ਕੇ ਵਿਭਾਗ ਵਿੱਚ ਖਪਾਉਣਾ ਆਦਿ ਇੱਕ ਦਰਜਨ ਮੰਗਾਂ ਤੇ ਵਿਚਾਰ ਵਟਾਂਦਰਾ ਕੀਤਾ ਗਿਆ।

ਇਸ ਮੀਟਿੰਗ ਵਿੱਚ ਸਿਹਤ ਸਕੱਤਰ ਸ੍ਰੀਮਤੀ ਸਾਕਸ਼ੀ ਸਾਹਨੀ ਆਈ.ਐਸ., ਡਾਇਰੈਕਟਰ ਮੈਡੀਕਲ ਤੇ ਖੋਜ ਤੇ ਸਿੱਖਿਆ ਵਿਭਾਗ ਡਾ. ਅਵਨੀਸ਼, ਡਾਇਰੈਕਟਰ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਡਾ. ਹਰਤਿੰਦਰ ਕੌਰ ਇਸ ਤਰ੍ਹਾਂ ਦਫਤਰੀ ਅਮਲਾ ਸ਼ਾਮਲ ਸੀ। ਯੂਨੀਅਨ ਵਲੋਂ ਸੂਬਾ ਪ੍ਰਧਾਨ ਦਰਸ਼ਨ ਸਿੰਘ ਲੁਬਾਣਾ, ਰਾਜੇਸ਼ ਕੁਮਾਰ ਗੋਲੂ, ਸ਼ਿਵ ਚਰਨ, ਅਜੇ ਕੁਮਾਰ ਨਾਭਾ, ਰਾਜੇਸ਼ ਕੁਮਾਰ (ਸੀ.ਐਮ.ਓ.) ਧਰਮਿੰਦਰ ਕੁਮਾਰ (ਮਾਤਾ ਕੁਸ਼ਲਿਆ) ਆਦਿ ਆਗੂ ਸ਼ਾਮਲ ਸਨ।

## 'ਖੇਡਾਂ ਵਤਨ ਪੰਜਾਬ ਦੀਆਂ-2026' ਦੇ 9ਵੇਂ ਦਿਨ ਬਲਾਕ ਖਮਾਣੋਂ,ਖੇੜਾ ਅਤੇ ਬਸੀ ਪਠਾਣਾ ਵਿਖੇ ਖਿਡਾਰੀਆਂ ਨੇ ਦਿਖਾਏ ਖੇਡ ਦੇ ਜੌਹਰ

ਖਮਾਣੋਂ/ਬਸੀ ਪਠਾਣਾ/ਫਤਹਿਗੜ੍ਹ ਸਾਹਿਬ, 15 ਸਤੰਬਰ, ( ਗੁਰਮੀਤ ਸਿੰਘ ਤੁੰਗ) : ਖੇਡਾਂ ਵਤਨ ਪੰਜਾਬ ਦੀਆਂ-2026 ਸੀਜ਼ਨ-4 ਦੇ 9ਵੇਂ ਦਿਨ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਦੇ ਤਿੰਨ ਬਲਾਕਾਂ ਖਮਾਣੋਂ,ਖੇੜਾ ਅਤੇ ਬਸੀ ਪਠਾਣਾ ਵਿਖੇ ਬਲਾਕ ਪੱਧਰੀ ਖੇਡਾਂ ਕਰਵਾਈਆਂ ਜਾ ਰਹੀਆਂ ਹਨ। ਜਿਹਨਾਂ ਵਿੱਚ ਵੱਖ-ਵੱਖ ਉਮਰ ਵਰਗ ਵਿੱਚ ਐਥਲੈਟਿਕਸ, ਫੁੱਟਬਾਲ, ਖੋ-ਖੋ, ਕਬੱਡੀ ਨੈਸ਼ਨਲ ਸਟਾਇਲ, ਕਬੱਡੀ ਸਰਕਲ ਸਟਾਇਲ, ਵਾਲੀਬਾਲ ਸ਼ੂਟਿੰਗ ਅਤੇ ਵਾਲੀਬਾਲ ਸਮੈਸ਼ਿੰਗ ਖੇਡਾਂ ਕਰਵਾਈਆਂ ਜਾ ਰਹੀਆਂ ਹਨ। ਇਸਦੇ ਨਾਲ ਹੀ ਬਲਾਕ ਬਸੀ ਪਠਾਣਾ ਵਿਖੇ ਟੈਨਿਸ ਬਾਲ ਕ੍ਰਿਕਟ ਦੇ ਮੈਚ ਵੀ ਕਰਵਾਏ ਜਾ ਰਹੇ ਹਨ।



ਇਹਨਾਂ ਖੇਡਾਂ ਬਾਰੇ ਜਾਣਕਾਰੀ ਦਿੰਦਿਆਂ ਜਿਲ੍ਹਾ ਖੇਡ ਅਫਸਰ, ਹਰਪਿੰਦਰ ਸਿੰਘ ਨੇ ਦੱਸਿਆ ਕਿ ਬਲਾਕ ਖਮਾਣੋਂ ਵਿੱਚ ਐਥਲੈਟਿਕਸ ਦੇ ਅੰਡਰ-17 ਲੜਕਿਆਂ ਦੇ 800 ਮੀਟਰ ਮੁਕਾਬਲੇ ਵਿੱਚ ਦਿਲਸ਼ਾਨ ਸਿੰਘ ਨੇ ਪਹਿਲਾ ਅਤੇ ਹਰਸ਼ਪ੍ਰੀਤ ਸਿੰਘ ਨੇ ਦੂਜਾ ਸਥਾਨ ਹਾਸਲ ਕੀਤਾ। ਅੰਡਰ-21 ਲੜਕਿਆਂ ਦੇ 800 ਮੀਟਰ ਮੁਕਾਬਲੇ ਵਿੱਚ ਮਨਵੀਰ ਸਿੰਘ ਨੇ ਪਹਿਲਾ, ਗੁਰਜੋਤ ਸਿੰਘ ਨੇ ਦੂਜਾ ਅਤੇ ਜਸਪ੍ਰੀਤ ਸਿੰਘ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਇਸੇ ਤਰ੍ਹਾਂ ਅੰਡਰ-21 ਲੜਕੀਆਂ ਦੇ 800 ਮੀਟਰ ਮੁਕਾਬਲੇ ਵਿੱਚ ਹਸਨਪ੍ਰੀਤ ਕੌਰ ਨੇ ਪਹਿਲਾ ਅਤੇ ਮਾਨਸੀ ਨੇ ਦੂਜਾ ਸਥਾਨ ਹਾਸਲ ਕੀਤਾ। ਅੰਡਰ-17 ਲੜਕੀਆਂ ਦੇ 800 ਮੀਟਰ ਮੁਕਾਬਲੇ ਵਿੱਚ ਸਹਿਜਪ੍ਰੀਤ ਕੌਰ ਨੇ ਪਹਿਲਾ ਅਤੇ ਨਵਜੋਤ ਕੌਰ ਨੇ ਦੂਜਾ ਸਥਾਨ ਪ੍ਰਾਪਤ ਕੀਤਾ।

ਸ੍ਰੀ ਹਰਪਿੰਦਰ ਸਿੰਘ ਨੇ ਦੱਸਿਆ ਕਿ ਖੋ-ਖੋ ਦੇ ਅੰਡਰ-14 ਲੜਕਿਆਂ ਦੇ ਮੁਕਾਬਲੇ ਵਿੱਚ ਸਰਕਾਰੀ ਮਿਡਲ ਸਕੂਲ ਖਮਾਣੋਂ ਕਲਾਂ ਦੀ ਟੀਮ ਨੇ ਪਹਿਲਾ ਸਥਾਨ ਹਾਸਲ ਕੀਤਾ। ਅੰਡਰ-14 ਲੜਕੀਆਂ ਦੇ ਮੁਕਾਬਲੇ ਵਿੱਚ ਵੀ ਸਰਕਾਰੀ ਮਿਡਲ ਸਕੂਲ ਖਮਾਣੋਂ ਕਲਾਂ ਦੀ ਟੀਮ ਨੇ ਪਹਿਲਾ ਸਥਾਨ, ਜਦਕਿ ਸਰਕਾਰੀ ਹਾਈ ਸਕੂਲ ਲੁਹਾਰ ਮਾਜਰਾ ਖੁਰਦ ਦੀ ਟੀਮ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਵਾਲੀਬਾਲ ਦੇ ਅੰਡਰ-14 ਲੜਕਿਆਂ ਦੇ ਮੁਕਾਬਲੇ ਵਿੱਚ ਸਰਕਾਰੀ ਹਾਈ ਸਕੂਲ ਲਖਣਪੁਰ ਦੀ ਟੀਮ ਨੇ ਪਹਿਲਾ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਫਰੌਰ ਦੀ ਟੀਮ ਨੇ ਦੂਜਾ ਸਥਾਨ ਹਾਸਲ ਕੀਤਾ। ਅੰਡਰ-14 ਲੜਕੀਆਂ ਦੇ ਮੁਕਾਬਲੇ ਵਿੱਚ ਸਰਕਾਰੀ ਹਾਈ ਸਕੂਲ ਲਖਣਪੁਰ ਦੀ ਟੀਮ ਨੇ ਪਹਿਲਾ ਅਤੇ ਸਰਕਾਰੀ ਹਾਈ ਸਕੂਲ ਉੱਚਾ ਜਟਾਣਾ ਦੀ ਟੀਮ ਨੇ ਦੂਜਾ ਸਥਾਨ ਪ੍ਰਾਪਤ ਕੀਤਾ।

ਉਨ੍ਹਾਂ ਦੱਸਿਆ ਕਿ ਅੰਡਰ-17 ਲੜਕੀਆਂ ਦੇ ਵਾਲੀਬਾਲ ਮੁਕਾਬਲੇ ਵਿੱਚ ਜੀ.ਐਨ.ਪੀ. ਸਕੂਲ ਖੰਟ ਦੀ ਟੀਮ ਨੇ ਪਹਿਲਾ ਅਤੇ ਸਰਕਾਰੀ ਹਾਈ ਸਕੂਲ ਲਖਣਪੁਰ ਦੀ ਟੀਮ ਨੇ ਦੂਜਾ ਸਥਾਨ ਹਾਸਲ ਕੀਤਾ। ਅੰਡਰ-21 ਲੜਕੀਆਂ ਦੇ ਵਾਲੀਬਾਲ ਮੁਕਾਬਲੇ ਵਿੱਚ ਸਕੂਲ ਆਫ਼ ਐਮੀਨੈਂਸ ਖਮਾਣੋਂ ਦੀ ਟੀਮ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਇਸ ਤੋਂ ਇਲਾਵਾ ਵਾਲੀਬਾਲ ਦੇ ਅੰਡਰ-14 ਲੜਕਿਆਂ ਦੇ ਇੱਕ ਹੋਰ ਮੁਕਾਬਲੇ ਵਿੱਚ ਪਿੰਡ ਫਰੌਰ ਦੀ ਟੀਮ ਨੇ ਪਹਿਲਾ ਅਤੇ ਫਰੌਰ ਦੀ ਟੀਮ ਨੇ ਦੂਜਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਬਲਾਕ ਬੱਸੀ ਪਠਾਣਾਂ ਵਿੱਚ ਟੈਨਿਸ ਬਾਲ ਕ੍ਰਿਕਟ ਦੇ ਫਾਈਨਲ ਮੁਕਾਬਲਿਆਂ ਵਿੱਚ ਮਹਿਮਦਪੁਰ ਦੀ ਟੀਮ ਨੇ ਪਹਿਲਾ, ਬੱਸੀ ਪਠਾਣਾਂ ਕਿੰਗਜ਼ ਨੇ ਦੂਜਾ ਅਤੇ ਸਨਰਾਈਜ਼ ਬੱਸੀ ਦੀ ਟੀਮ ਨੇ ਤੀਜਾ ਸਥਾਨ ਪ੍ਰਾਪਤ ਕੀਤਾ।

ਇਸ ਮੌਕੇ ਸ. ਜਸਵੀਰ ਸਿੰਘ ਡੀ.ਐਮ. ਸਿੱਖਿਆ ਵਿਭਾਗ, ਰਾਹੁਲਦੀਪ ਸਿੰਘ, ਲਖਵੀਰ ਸਿੰਘ, ਮਨੀਸ਼ ਕੁਮਾਰ, ਸੁਖਦੀਪ ਸਿੰਘ, ਮਨੋਜ ਕੁਮਾਰ, ਮਨਜੀਤ ਸਿੰਘ, ਯਾਦਵਿੰਦਰ ਸਿੰਘ, ਤੁਲਸੀ ਰਾਮ, ਦੀਪਕ, ਗੁਰਮੀਤ ਸਿੰਘ, ਪਵਨਦੀਪ ਸਿੰਘ, ਖੁਸ਼ਪ੍ਰੀਤ ਸਿੰਘ ਅਤੇ ਸਟਾਫ ਹਾਜ਼ਰ ਸਨ।

## ਸਰਹਿੰਦ ਦੀ ਅਨਾਜ ਮੰਡੀ ਵਿਖੇ 500 ਡਰੋਨਾਂ ਦੇ ਸ਼ਾਨਦਾਰ ਸ਼ੋਅ ਨੇ ਸੰਗਤਾਂ ਨੂੰ ਗੁਰੂ ਰਵਿਦਾਸ ਜੀ ਦੇ ਜੀਵਨ, ਬਾਣੀ ਤੇ ਫ਼ਲਸਫ਼ੇ ਤੋਂ ਕਰਵਾਇਆ ਜਾਣੂ



**ਫ਼ਤਹਿਗੜ੍ਹ ਸਾਹਿਬ, 4 ਸਤੰਬਰ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਕਰਵਾਏ ਜਾ ਰਹੇ ਵਿਸ਼ੇਸ਼ ਸਮਾਗਮਾਂ ਦੀ ਲੜੀ ਤਹਿਤ ਅੱਜ ਦੇਰ ਸ਼ਾਮ ਅਨਾਜ ਮੰਡੀ ਸਰਹਿੰਦ ਵਿਖੇ 500 ਡਰੋਨਾਂ ਦੇ ਸ਼ਾਨਦਾਰ ਸ਼ੋਅ ਨੇ ਸੰਗਤਾਂ ਨੂੰ ਗੁਰੂ ਰਵਿਦਾਸ ਜੀ ਦੇ ਜੀਵਨ, ਬਾਣੀ ਤੇ ਫ਼ਲਸਫ਼ੇ ਤੋਂ ਜਾਣੂੰ ਕਰਵਾਇਆ। ਇਸ ਮੌਕੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ, ਜ਼ਿਲ੍ਹਾ ਪੁਲੀਸ ਮੁਖੀ ਸ਼ੁਭਮ ਅਗਰਵਾਲ, ਐਸ ਡੀ ਐਮ ਫਤਿਹਗੜ ਸਾਹਿਬ ਕਰੁਣ ਗੁਪਤਾ ਅਤੇ ਹਲਕਾ ਫ਼ਤਹਿਗੜ੍ਹ ਸਾਹਿਬ 'ਚੋਂ ਵੱਡੀ ਗਿਣਤੀ ਪੁੱਜੀ ਸੰਗਤ ਨੇ ਇਸ ਦਿਲਕਸ਼ ਡਰੋਨ ਸ਼ੋਅ ਦਾ ਬੜੀ ਸ਼ਰਧਾ ਭਾਵਨਾ ਨਾਲ ਅਨੰਦ ਮਾਣਿਆ।

ਇਸ ਮੌਕੇ ਵਿਧਾਇਕ ਲਖਬੀਰ ਸਿੰਘ ਰਾਏ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਗੁਰੂ ਸਾਹਿਬ ਵੱਲੋਂ ਦਰਸਾਏ ਮਾਰਗ 'ਤੇ ਚੱਲਕੇ ਸਭ ਵਰਗਾਂ ਦੀ ਭਲਾਈ ਲਈ ਵਚਨਬੱਧ ਹੈ। ਅਨਾਜ ਮੰਡੀ ਸਰਹਿੰਦ ਵਿਖੇ ਅਸਮਾਨ ਵਿੱਚ ਰਾਤ ਦੇ ਹਨੇਰੇ 'ਚ ਇਕੱਠੇ ਉੱਡਦੇ ਸੈਂਕੜੇ ਡਰੋਨਾਂ ਰਾਹੀਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਜੀਵਨੀ ਅਤੇ ਵਿਚਾਰਧਾਰਾ ਨੂੰ ਦਰਸਾਉਂਦੇ ਦਿਲਕਸ਼ ਦ੍ਰਿਸ਼ ਪੇਸ਼ ਕੀਤੇ ਗਏ। ਸ਼ੋਅ ਦੀ ਪੇਸ਼ਕਾਰੀ ਤੋਂ ਪ ?ਭਾਵਿਤ ਸੰਗਤਾਂ ਨੇ ਪੰਜਾਬ ਸਰਕਾਰ ਦੇ ਉਪਰਾਲੇ ਦੀ ਜਿੱਥੇ ਸ਼ਲਾਘਾ ਕੀਤੀ ਉਥੇ ਮੁੱਖ ਮੰਤਰੀ ਪੰਜਾਬ ਸ੍. ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ।

ਵਿਧਾਇਕ ਰਾਏ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਬਾਣੀ ਅਤੇ ਸਿੱਖਿਆਵਾਂ ਸਮੁੱਚੀ ਮਨੁੱਖਤਾ ਲਈ ਬਰਾਬਰੀ, ਭਾਈਚਾਰੇ, ਮਿਹਨਤ, ਸੱਚੇ ਆਚਰਣ ਅਤੇ ਸਾਂਝੀਵਾਲਤਾ ਦਾ ਮਾਰਗ ਦਰਸਾਉਂਦੀਆਂ ਹਨ। ਉਨ੍ਹਾਂ ਨੇ ਕਿਹਾ ਕਿ ਗੁਰੂ ਰਵਿਦਾਸ ਮਹਾਰਾਜ ਜੀ ਦਾ ਫ਼ਲਸਫ਼ਾ ਕਿਸੇ ਇੱਕ ਵਰਗ ਜਾਂ ਭਾਈਚਾਰੇ ਤੱਕ ਸੀਮਤ ਨਹੀਂ, ਸਗੋਂ ਸਮੁੱਚੀ ਮਨੁੱਖਤਾ ਲਈ ਬਰਾਬਰੀ, ਆਜ਼ਾਦੀ, ਭਾਈਚਾਰੇ ਅਤੇ ਸਾਂਝੀਵਾਲਤਾ ਦਾ ਮਹਾਨ ਸੰਦੇਸ਼ ਹੈ। ਉਨ੍ਹਾਂ ਕਿਹਾ ਕਿ ਗੁਰੂ ਜੀ ਨੇ ਜਾਤ-ਪਾਤ, ਊਚ-ਨੀਚ ਅਤੇ ਸਮਾਜਿਕ ਵਿਤਕਰੇ ਵਿਰੁੱਧ ਆਵਾਜ਼ ਬੁਲੰਦ ਕਰਦਿਆਂ ਇਹ ਸੰਦੇਸ਼ ਦਿੱਤਾ ਕਿ ਮਨੁੱਖ ਦੀ ਮਹਾਨਤਾ ਉਸਦੇ ਜਨਮ ਜਾਂ ਕੁਲ ਵਿੱਚ ਨਹੀਂ, ਸਗੋਂ ਉਸਦੇ ਚੰਗੇ ਕਰਮਾਂ, ਉੱਚੇ ਆਚਰਣ ਅਤੇ ਮਾਨਵਤਾ ਪ੍ਰਤੀ ਸਮਰਪਣ ਵਿੱਚ ਹੈ।

ਉਨ੍ਹਾਂ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇੱਕ ਸਾਲ ਤੱਕ ਚੱਲਣ ਵਾਲੇ ਸਮਾਗਮਾਂ ਲਈ 100 ਕਰੋੜ ਰੁਪਏ ਤੋਂ ਵੱਧ ਦਾ ਬਜਟ ਰੱਖਿਆ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਸਮਾਗਮਾਂ ਦਾ ਮੁੱਖ ਉਦੇਸ਼ ਗੁਰੂ ਸਾਹਿਬ ਦੇ ਮਹਾਨ ਵਿਚਾਰਾਂ ਅਤੇ ਮਨੁੱਖਤਾ ਦੀ ਭਲਾਈ ਲਈ ਦਿੱਤੇ ਸੰਦੇਸ਼ ਨੂੰ ਨਵੀਂ ਪੀੜ੍ਹੀ ਤੱਕ ਆਧੁਨਿਕ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਉਣਾ ਹੈ। ਸਮਾਗਮ ਮੌਕੇ ਢਾਡੀ ਤਰਸੇਮ ਸਿੰਘ ਖੇਤਲਾ ਦੇ ਜਥੇ ਨੇ ਇਤਿਹਾਸ ਤੇ ਢਾਡੀ ਵਾਰਾਂ ਨਾਲ ਸੰਗਤ ਨੂੰ ਨਿਹਾਲ ਕੀਤਾ। ਇਸ ਮੌਕੇ ਚੈਅਰਮੈਨ ਮਾਰਕਿਟ ਕਮੇਟੀ ਸਰਹਿੰਦ ਅਮਰਿੰਦਰ ਸਿੰਘ ਮੰਡੋਫਲ, ਆਸ਼ਾ ਰਾਣੀ ਪ੍ਰਧਾਨ ਨਗਰ ਕੌਂਸਲ ਸਰਹਿੰਦ, ਆਪ ਦੇ ਯੂਥ ਪ੍ਰਧਾਨ ਦਿਲਪ੍ਰੀਤ ਸਿੰਘ ਭੱਟੀ, ਰਾਜਵਿੰਦਰ ਸਿੰਘ ਲਾਡੀ ਸਤਵੀਰ ਸਿੰਘ ਜੱਲ੍ਹਾ ਉੱਪ ਚੇਅਰਮੈਨ ਬਲਾਕ ਸੰਮਤੀ ਸਰਹਿੰਦ, ਬਿਕਰਮ ਸਿੰਘ ਵਿੱਕੀ ਉੱਪ ਚੇਅਰਮੈਨ ਬਲਾਕ ਸੰਮਤੀ ਖੇੜਾ, ਤਰਸੇਮ ਉੱਪਲ ਪ੍ਰਧਾਨ ਆੜ੍ਹਤੀ ਐਸੋਸੀਏਸ਼ਨ ਸਰਹਿੰਦ, ਬਿਕਰਮਜੀਤ ਸਿੰਘ ਸਹੋਤਾ ਮੀਡੀਆ ਇੰਚਾਰਜ ਵਿਧਾਇਕ ਲਖਬੀਰ ਸਿੰਘ ਰਾਏ ਸਮੇਤ ਹੋਰ ਅਧਿਕਾਰੀ ਅਤੇ ਪਤਵੰਤੇ ਹਾਜਰ ਸਨ।

## ਪੰਜਾਬ 'ਚ ਬਿਜਲੀ ਸੰਕਟ ਵਿਚਾਲੇ ਵੱਡਾ ਪ੍ਰਸ਼ਾਸਨਿਕ ਫੇਰਬਦਲ; ਬਸੰਤ ਗਰਗ ਦੀ ਥਾਂ ਗੁਰਕੀਰਤ ਕਿਰਪਾਲ ਸਿੰਘ ਹੋਣਗੇ ਨਵੇਂ ਮੁਖੀ

**ਚੰਡੀਗੜ੍ਹ, 15 ਸਤੰਬਰ**
**-ਜੀ. ਐਸ. ਤੁੰਗ-**

ਪੰਜਾਬ ਵਿੱਚ ਅਣ-ਐਲਾਨੇ ਅਤੇ ਲੰਬੇ ਬਿਜਲੀ ਕੱਟਾਂ ਕਾਰਨ ਉਦਯੋਗਪਤੀਆਂ ਅਤੇ ਕਿਸਾਨਾਂ ਵੱਲੋਂ ਖੋਲ੍ਹੇ ਗਏ ਮੋਰਚੇ ਤੋਂ ਬਾਅਦ ਪੰਜਾਬ ਸਰਕਾਰ ਨੇ ਇੱਕ ਵੱਡਾ ਪ੍ਰਸ਼ਾਸਨਿਕ ਫੇਰਬਦਲ ਕੀਤਾ ਹੈ। ਸਰਕਾਰ ਨੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਦੇ ਪ੍ਰਸ਼ਾਸਨਿਕ ਸਕੱਤਰ ਅਤੇ ਸੀ.ਐਮ.ਡੀ. ਡਾ. ਬਸੰਤ ਗਰਗ ਨੂੰ ਅਹੁਦੇ ਤੋਂ ਹਟਾ ਕੇ ਉਨ੍ਹਾਂ ਦੀ ਜਗ੍ਹਾ ਪ੍ਰਿੰਸੀਪਲ ਸਕੱਤਰ ਗੁਰਕੀਰਤ ਕਿਰਪਾਲ ਸਿੰਘ ਨੂੰ ਨਵਾਂ ਮੁਖੀ ਤਾਇਨਾਤ ਕੀਤਾ ਹੈ।

ਗੁਰਕੀਰਤ ਕਿਰਪਾਲ ਸਿੰਘ ਕੋਲ ਪਹਿਲਾਂ ਤੋਂ ਮੌਜੂਦ ਉਦਯੋਗ ਵਿਭਾਗ ਦੇ ਸਾਰੇ ਚਾਰਜ ਹੁਣ ਡਾ. ਬਸੰਤ ਗਰਗ ਨੂੰ ਸੌਂਪ ਦਿੱਤੇ ਗਏ ਹਨ। ਹਾਲਾਂਕਿ ਗੁਰਕੀਰਤ ਕਿਰਪਾਲ ਸਿੰਘ ਨੂੰ ਵੱਖ-ਵੱਖ ਵਿਭਾਗਾਂ ਦੇ ਚੰਗੇ ਪ੍ਰਬੰਧਨ ਲਈ ਜਾਣਿਆ ਜਾਂਦਾ ਹੈ, ਪਰ ਸੂਬੇ ਦੇ ਥਰਮਲ ਪਲਾਂਟਾਂ ਵਿੱਚ ਕੋਲੇ ਦੀ ਭਾਰੀ ਘਾਟ ਨੂੰ ਦੇਖਦਿਆਂ ਬਿਜਲੀ ਵਿਭਾਗ ਨੂੰ ਮੁੜ ਲੀਹ 'ਤੇ ਲਿਆਉਣਾ ਉਨ੍ਹਾਂ ਲਈ ਇੱਕ ਵੱਡੀ ਚੁਣੌਤੀ ਹੋਵੇਗਾ।



ਪਿਛਲੇ ਸਾਲ ਦੇ ਮੁਕਾਬਲੇ ਇਸ ਵਾਰ ਬਿਜਲੀ ਦੀ ਮੰਗ ਵਿੱਚ 3,500 ਮੈਗਾਵਾਟ ਦਾ ਵਾਧਾ ਹੋਇਆ ਹੈ, ਜੋ 16,000 ਮੈਗਾਵਾਟ ਤੱਕ ਪਹੁੰਚ ਗਈ ਹੈ। ਕੋਲੇ ਦੀ ਅਨਿਯਮਿਤ ਸਪਲਾਈ ਕਾਰਨ ਸੂਬੇ ਵਿੱਚ ਸਿਰਫ਼ 6,000 ਮੈਗਾਵਾਟ ਬਿਜਲੀ ਹੀ ਪੈਦਾ ਹੋ ਰਹੀ ਸੀ, ਜਿਸ ਕਾਰਨ ਸਰਕਾਰ ਵਧਦੀ ਮੰਗ ਨੂੰ ਪੂਰਾ ਕਰਨ ਵਿੱਚ ਅਸਮਰੱਥ ਰਹੀ।

ਬਿਜਲੀ ਵਿਭਾਗ ਦੇ ਮੁਖੀ ਵਿੱਚ ਇਹ ਬਦਲਾਅ ਅਜਿਹੇ ਸਮੇਂ ਹੋਇਆ ਹੈ ਜਦੋਂ ਖੇਤਾਂ ਨੂੰ ਪੂਰੀ ਬਿਜਲੀ ਨਾ ਮਿਲਣ ਕਰਕੇ ਕਿਸਾਨ ਵੱਖ-ਵੱਖ ਥਾਵਾਂ 'ਤੇ ਧਰਨੇ ਦੇ ਰਹੇ ਹਨ। ਦੂਜੇ ਪਾਸੇ, ਬਿਜਲੀ ਕੱਟਾਂ ਕਾਰਨ ਉਦਯੋਗਿਕ ਉਤਪਾਦਨ ਪ੍ਰਭਾਵਿਤ ਹੋਣ ਦਾ ਦੋਸ਼ ਲਗਾਉਂਦੇ ਹੋਏ ਉਦਯੋਗਪਤੀਆਂ ਨੇ ਵੀ ਅੱਜ ਦੁਪਹਿਰ ਲੁਧਿਆਣਾ-ਚੰਡੀਗੜ੍ਹ ਹਾਈਵੇਅ ਜਾਮ ਕਰਨ ਦੀ ਚਿਤਾਵਨੀ ਦਿੱਤੀ ਸੀ। ਸਰਕਾਰ ਦਾ ਲਗਾਤਾਰ ਇਹ ਦਾਅਵਾ ਰਿਹਾ ਹੈ ਕਿ ਕੇਂਦਰ ਵੱਲੋਂ ਥਰਮਲ ਪਲਾਂਟਾਂ ਨੂੰ ਲੋੜੀਂਦਾ ਕੋਲਾ ਨਾ ਮਿਲਣ ਕਾਰਨ ਇਹ ਬਿਜਲੀ ਕੱਟ ਲਗਾਉਣੇ ਪਏ ਹਨ।

ਇਸ ਦੌਰਾਨ ਉਦਯੋਗ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਲੁਧਿਆਣਾ ਵਿਖੇ ਐਲਾਨ ਕੀਤਾ ਹੈ ਕਿ ਮੰਗਲਵਾਰ ਤੋਂ ਸੂਬੇ ਵਿੱਚ ਕੋਈ ਬਿਜਲੀ ਕੱਟ ਨਹੀਂ ਲੱਗੇਗਾ। ਉਨ੍ਹਾਂ ਭਰੋਸਾ ਦਿੱਤਾ ਕਿ ਕਿਸਾਨਾਂ ਨੂੰ ਰੋਜ਼ਾਨਾ 10 ਘੰਟੇ ਬਿਜਲੀ ਸਪਲਾਈ ਮਿਲੇਗੀ ਅਤੇ ਨਿੱਜੀ ਥਰਮਲ ਪਲਾਂਟਾਂ ਸਮੇਤ ਸਾਰੇ ਪਲਾਂਟ ਚਾਲੂ ਹੋਣ ਨਾਲ ਉਦਯੋਗਾਂ ਨੂੰ ਵੀ ਬਿਜਲੀ ਸੰਕਟ ਦਾ ਸਾਹਮਣਾ ਨਹੀਂ ਕਰਨਾ ਪਵੇਗਾ।

## ਗੁਲਜ਼ਾਰ ਸਿੰਘ ਖੁਦਕੁਸ਼ੀ ਮਾਮਲੇ 'ਚ ਵਿੱਤ ਮੰਤਰੀ ਖ਼ਿਲਾਫ਼ ਪਰਚਾ ਦਰਜ ਕਰਕੇ ਗ੍ਰਿਫ਼ਤਾਰੀ ਦੀ ਮੰਗ

**ਲੁਧਿਆਣਾ, 15 ਸਤੰਬਰ**
**-ਜਗਮੇਲ ਸਿੰਘ ਢਿਲੋਂ-**

ਜ਼ਿਲ੍ਹਾ ਕਾਂਗਰਸ ਪਟਿਆਲਾ ਦਿਹਾਤੀ ਦੀ ਪ੍ਰਧਾਨ ਗੁਰਸ਼ਰਨ ਕੌਰ ਰੰਧਾਵਾ ਅਤੇ ਸ਼ਹਿਰੀ ਪ੍ਰਧਾਨ ਨਰੇਸ਼ ਦੁੱਗਲ ਦੀ ਅਗਵਾਈ ਹੇਠ ਜ਼ਿਲ੍ਹਾ ਕਾਂਗਰਸ ਵੱਲੋਂ ਐਸਐਸਪੀ ਪਟਿਆਲਾ ਦੇ ਦਫ਼ਤਰ ਸਾਹਮਣੇ ਰੋਸ ਪ੍ਰਦਰਸ਼ਨ ਕਰਦਿਆਂ ਮੁੱਖ ਮੰਤਰੀ ਭਗਵੰਤ ਮਾਨ ਦਾ ਪੁਤਲਾ ਫੂਕਿਆ ਗਿਆ।

ਇਸ ਦੌਰਾਨ ਤੂਰ ਬੰਜਾਰਾ ਵਾਸੀ ਗੁਲਜ਼ਾਰ ਸਿੰਘ ਖੁਦਕੁਸ਼ੀ ਮਾਮਲੇ ਵਿੱਚ ਵਿੱਤ ਮੰਤਰੀ ਹਰਪਾਲ ਚੀਮਾ ਖ਼ਿਲਾਫ਼ ਮਾਮਲਾ ਦਰਜ ਕਰਕੇ ਗ੍ਰਿਫ਼ਤਾਰੀ ਦੀ ਮੰਗ ਕੀਤੀ ਗਈ।

ਗੁਰਸ਼ਰਨ ਕੌਰ ਰੰਧਾਵਾ ਨੇ ਦੋਸ਼ ਲਾਇਆ ਕਿ ਗੁਲਜ਼ਾਰ ਸਿੰਘ ਵੱਲੋਂ ਮਰਨ ਤੋਂ ਪਹਿਲਾਂ ਦਿੱਤੇ ਬਿਆਨਾਂ ਵਿੱਚ ਹਰਪਾਲ ਚੀਮਾ ਨੂੰ ਖੁਦਕੁਸ਼ੀ ਲਈ ਜ਼ਿੰਮੇਵਾਰ ਦੱਸਿਆ ਗਿਆ ਸੀ, ਇਸ ਦੇ ਬਾਵਜੂਦ ਐਫਆਈਆਰ ਵਿੱਚ ਉਨ੍ਹਾਂ ਦਾ ਨਾਮ ਦਰਜ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਸਰਕਾਰ ਨਸ਼ਿਆਂ ਅਤੇ ਹੋਰ ਮੁੱਦਿਆਂ 'ਤੇ ਆਵਾਜ਼ ਉਠਾਉਣ ਵਾਲਿਆਂ ਦੀ ਆਵਾਜ਼ ਦਬਾਉਣ ਦੀ ਬਜਾਏ ਪੀੜਤ ਪਰਿਵਾਰ ਨੂੰ ਇਨਸਾਫ਼ ਦੇਵੇ। ਨਰੇਸ਼ ਦੁੱਗਲ ਨੇ ਮੰਗ ਕੀਤੀ ਕਿ ਹਰਪਾਲ ਚੀਮਾ ਖ਼ਿਲਾਫ਼ ਖੁਦਕੁਸ਼ੀ ਲਈ ਉਕਸਾਉਣ ਸਬੰਧੀ ਕਾਨੂੰਨੀ ਧਾਰਾਵਾਂ ਤਹਿਤ ਮਾਮਲਾ ਦਰਜ ਕਰਕੇ ਤੁਰੰਤ ਗ੍ਰਿਫ਼ਤਾਰ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਗੁਲਜ਼ਾਰ ਸਿੰਘ ਅਤੇ ਉਸਦੇ ਪਰਿਵਾਰ ਨੂੰ ਇਨਸਾਫ਼ ਮਿਲਣ ਤੱਕ ਕਾਂਗਰਸ ਸੰਘਰਸ਼ ਜਾਰੀ ਰੱਖੇਗੀ।

ਪ੍ਰਦਰਸ਼ਨ ਉਪਰੰਤ ਗੁਰਸ਼ਰਨ ਕੌਰ ਰੰਧਾਵਾ ਅਤੇ ਨਰੇਸ਼ ਦੁੱਗਲ ਦੀ ਅਗਵਾਈ ਹੇਠ ਕਾਂਗਰਸੀ ਆਗੂਆਂ ਨੇ ਐਸਐਸਪੀ ਪਟਿਆਲਾ ਨੂੰ ਡੀਜੀਪੀ ਪੰਜਾਬ ਦੇ ਨਾਮ ਮੰਗ ਪੱਤਰ ਵੀ ਸੌਂਪਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਜ਼ਿਲ੍ਹਾ ਕਾਂਗਰਸ ਦੇ ਅਹੁਦੇਦਾਰ ਅਤੇ ਵਰਕਰ ਹਾਜ਼ਰ ਸਨ।


SEA DESIGN COMPANY
Customized and Designer
- Wedding Invitations
- Shagan Envelop
- Wedding Boxes & Cards
- Sahi Chithi
(MDF/Acrylic/Foldable Boxes)
Shaheed-e-Azam
PRINTING PRESS
WORLDWIDE SHIPPING SERVICE
★ Business Cards
★ Books & Note Books
★ Flyers & Broucher
★ Diaries
★ Poster
★ Carry Bags
98881-88887, 93577-77786
Opp. Gurudwara Dukhniwaran Sahib Srihind Road, Patiala

# ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਸ਼ਾਮ ਚੁਰਾਸੀ ਹਲਕੇ ਦੇ ਵਿਕਾਸ ਕਾਰਜਾਂ ਦੀ ਪ੍ਰਗਤੀ ਦਾ ਲਿਆ ਜਾਇਜ਼ਾ; ਅਧਿਕਾਰੀਆਂ ਨੂੰ ਕੰਮ 'ਚ ਤੇਜ਼ੀ ਲਿਆਉਣ ਦੇ ਨਿਰਦੇਸ਼



**ਹੁਸ਼ਿਆਰਪੁਰ, 15 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਜੇਲ੍ਹਾਂ ਅਤੇ ਪ੍ਰਵਾਸੀ ਭਾਰਤੀ ਮਾਮਲਿਆਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਨੇ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸ਼ਾਮ ਚੁਰਾਸੀ ਵਿਧਾਨ ਸਭਾ ਹਲਕੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੀ ਪ੍ਰਗਤੀ ਦੀ ਸਮੀਖਿਆ ਕਰਨ ਲਈ ਸੰਬੰਧਤ ਅਧਿਕਾਰੀਆਂ ਨਾਲ ਵਿਸਥਾਰਤ ਮੀਟਿੰਗ ਕੀਤੀ।

ਕੈਬਨਿਟ ਮੰਤਰੀ ਨੇ ਲੋਕ ਨਿਰਮਾਣ ਵਿਭਾਗ, ਨਹਿਰੀ ਵਿਭਾਗ, ਸਿੱਖਿਆ ਵਿਭਾਗ, ਪੁਲਿਸ ਪ੍ਰਸ਼ਾਸਨ, ਜਲ ਸਪਲਾਈ ਤੇ ਸੈਨੀਟੇਸ਼ਨ ਸਮੇਤ ਹੋਰਨਾਂ ਪ੍ਰਮੁੱਖ ਵਿਭਾਗਾਂ ਦੇ ਉੱਚ ਅਧਿਕਾਰੀਆਂ ਨਾਲ ਗੱਲਬਾਤ ਕਰਦਿਆਂ ਚੱਲ ਰਹੇ ਵਿਕਾਸ ਪ੍ਰੋਜੈਕਟਾਂ ਦੀ ਵਿਸਥਾਰਪੂਰਵਕ ਰਿਪੋਰਟ ਹਾਸਲ ਕੀਤੀ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਚੱਲ ਰਹੇ ਨਿਰਮਾਣ ਕਾਰਜਾਂ ਦੀ ਗੁਣਵੱਤਾ ਨਾਲ ਕਿਸੇ ਵੀ ਕੀਮਤ 'ਤੇ ਕੋਈ ਸਮਝੌਤਾ ਨਾ ਹੋਵੇ ਅਤੇ ਸਾਰੇ ਪ੍ਰੋਜੈਕਟਾਂ ਦੀ ਰਫ਼ਤਾਰ ਵਿੱਚ ਤੇਜ਼ੀ ਲਿਆਂਦੀ ਜਾਵੇ।

ਡਾ. ਰਵਜੋਤ ਸਿੰਘ ਨੇ ਸਮੂਹ ਅਧਿਕਾਰੀਆਂ ਨੂੰ ਸਪੱਸ਼ਟ ਹਦਾਇਤਾਂ ਦਿੰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਦੀ ਸਹੂਲਤ ਲਈ ਸ਼ੁਰੂ ਕੀਤੇ ਗਏ ਸਾਰੇ ਵਿਕਾਸ ਕਾਰਜ ਨਿਰਧਾਰਤ ਸਮੇਂ ਦੇ ਅੰਦਰ-ਅੰਦਰ ਮੁਕੰਮਲ ਕੀਤੇ ਜਾਣੇ ਲਾਜ਼ਮੀ ਹਨ। ਇਸ ਮਕਸਦ ਲਈ ਸਬੰਧਤ ਵਿਭਾਗ ਆਪਸੀ ਤਾਲਮੇਲ ਅਤੇ ਮਜ਼ਬੂਤ ਰਣਨੀਤੀ ਨੂੰ ਯਕੀਨੀ ਬਣਾਉਣ। ਮੰਤਰੀ ਨੇ ਵਿਸ਼ੇਸ਼ ਤੌਰ 'ਤੇ ਤਾਕੀਦ ਕੀਤੀ ਕਿ ਅਧਿਕਾਰੀ ਸਿਰਫ਼ ਆਪਣੇ ਦਫ਼ਤਰਾਂ ਤੱਕ ਸੀਮਤ ਨਾ ਰਹਿਣ, ਸਗੋਂ ਖ਼ੁਦ ਜ਼ਮੀਨੀ ਪੱਧਰ 'ਤੇ ਜਾ ਕੇ ਪ੍ਰੋਜੈਕਟਾਂ ਦੀ ਨਿਰੰਤਰ ਨਿਗਰਾਨੀ ਕਰਨ ਤਾਂ ਜੋ ਕੰਮ ਵਿੱਚ ਕਿਸੇ ਵੀ ਕਿਸਮ ਦੀ ਅਣਗਹਿਲੀ, ਢਿੱਲ-ਮੱਠ ਜਾਂ ਦੇਰੀ ਨਾ ਹੋਵੇ। ਮੰਤਰੀ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਮੁੱਖ ਮਕਸਦ ਸੂਬੇ ਦੇ ਹਰ ਵਰਗ ਅਤੇ ਹਰ ਖੇਤਰ ਦਾ ਬਿਨਾਂ ਕਿਸੇ ਵਿਤਕਰੇ ਦੇ ਸਰਵਪੱਖੀ ਵਿਕਾਸ ਕਰਨਾ ਹੈ। ਰਾਜ ਸਰਕਾਰ ਵੱਲੋਂ ਸਿੱਖਿਆ, ਸਿਹਤ ਸਹੂਲਤਾਂ, ਸੜਕੀ ਸੰਪਰਕ, ਪੀਣ ਵਾਲੇ ਸਾਫ਼ ਪਾਣੀ, ਸੀਵਰੇਜ ਪ੍ਰਣਾਲੀ, ਖੇਡਾਂ, ਰੁਜ਼ਗਾਰ ਦੇ ਮੌਕਿਆਂ ਅਤੇ ਲੋਕ ਭਲਾਈ ਦੇ ਖੇਤਰਾਂ ਵਿੱਚ ਲਗਾਤਾਰ ਵੱਡੇ ਸੁਧਾਰ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸ਼ਾਮ ਚੁਰਾਸੀ ਹਲਕੇ ਦੇ ਵਿਕਾਸ ਨੂੰ ਵੀ ਵਿਸ਼ੇਸ਼ ਤਰਜੀਹ ਦਿੱਤੀ ਜਾ ਰਹੀ ਹੈ ਅਤੇ ਪਿੰਡਾਂ ਦੀਆਂ ਸੜਕਾਂ, ਗਲੀਆਂ, ਨਾਲੀਆਂ, ਸੀਵਰੇਜ ਪ੍ਰਣਾਲੀ ਅਤੇ ਸਮੁੱਚੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ ਸਰਕਾਰੀ ਸਕੂਲਾਂ ਵਿੱਚ ਬੁਨਿਆਦੀ ਸਹੂਲਤਾਂ ਦਾ ਪੱਧਰ ਉੱਚਾ ਚੁੱਕਣ, ਵਿਦਿਆਰਥੀਆਂ ਨੂੰ ਵਧੀਆ ਅਤੇ ਮਿਆਰੀ ਪੜ੍ਹਾਈ ਦਾ ਮਾਹੌਲ ਪ੍ਰਦਾਨ ਕਰਨ ਅਤੇ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਿਤ ਕਰਨ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ।

ਡਾ. ਰਵਜੋਤ ਸਿੰਘ ਨੇ ਇਹ ਵੀ ਸਪੱਸ਼ਟ ਕੀਤਾ ਕਿ ਪੰਜਾਬ ਸਰਕਾਰ ਦੀਆਂ ਸਮੁੱਚੀਆਂ ਲੋਕ-ਭਲਾਈ ਸਕੀਮਾਂ ਦਾ ਲਾਭ ਹਰ ਯੋਗ ਲਾਭਪਾਤਰੀ ਤੱਕ ਬਿਨਾਂ ਕਿਸੇ ਰੁਕਾਵਟ ਜਾਂ ਖ਼ੱਜਲ-ਖ਼ੁਆਰੀ ਦੇ ਪਹੁੰਚਾਉਣਾ ਅਧਿਕਾਰੀਆਂ ਦੀ ਅਹਿਮ ਜ਼ਿੰਮੇਵਾਰੀ ਹੈ। ਉਨ੍ਹਾਂ ਅਧਿਕਾਰੀਆਂ ਨੂੰ ਲੋਕਾਂ ਵੱਲੋਂ ਮਿਲਣ ਵਾਲੀਆਂ ਸ਼ਿਕਾਇਤਾਂ ਅਤੇ ਮੰਗਾਂ ਦਾ ਪਹਿਲ ਦੇ ਆਧਾਰ 'ਤੇ ਤੁਰੰਤ ਨਿਪਟਾਰਾ ਕਰਨ ਦੇ ਹੁਕਮ ਦਿੱਤੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਪਾਰਦਰਸ਼ੀ ਅਤੇ ਜਵਾਬਦੇਹ ਪ੍ਰਸ਼ਾਸਨ ਦੇਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਇਸ ਲਈ ਵਿਕਾਸ ਕਾਰਜਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ, ਅਣਗਹਿਲੀ ਜਾਂ ਢਿੱਲ-ਮੱਠ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਇਸ ਮੌਕੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ, ਐਸ. ਐਸ.ਪੀ. ਸੰਦੀਪ ਕੁਮਾਰ ਮਲਿਕ, ਸੰਬੰਧਤ ਵਿਭਾਗਾਂ ਦੇ ਸੀਨੀਅਰ ਅਧਿਕਾਰੀਆਂ ਤੋਂ ਇਲਾਵਾ ਵਿਧਾਨ ਸਭਾ ਹਲਕਾ ਸ਼ਾਮਚੁਰਾਸੀ ਦੇ ਵੱਖ-ਵੱਖ ਪਿੰਡਾਂ ਦੇ ਸਰਪੰਚ ਅਤੇ ਮੋਹਤਬਰ ਵੀ ਮੌਜੂਦ ਸਨ।

# ਚੰਡੀਗੜ੍ਹ ਵਿੱਚ 'ਗ੍ਰੀਨ ਪਟਾਕਿਆਂ' ਦੀ ਵਿਕਰੀ ਲਈ 96 ਆਰਜ਼ੀ ਲਾਇਸੰਸਾਂ ਦਾ ਡਰਾਅ ਆਯੋਜਿਤ

**ਚੰਡੀਗੜ੍ਹ, 15 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

: ਆਗਾਮੀ ਦੀਵਾਲੀ ਦੇ ਤਿਉਹਾਰ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ, ਚੰਡੀਗੜ੍ਹ ਦੇ ਦਫ਼ਤਰ ਵੱਲੋਂ ਕੇਵਲ ਸੀਐੱਸਆਈਆਰ-ਨੀਰੀ ਪ੍ਰਮਾਣਿਤ ਗ੍ਰੀਨ ਪਟਾਕਿਆਂ ਦੀ ਵਿਕਰੀ ਹਿਤ ਆਰਜ਼ੀ ਲਾਇਸੰਸ ਜਾਰੀ ਕਰਨ ਲਈ ਡਰਾਅ ਕੱਢਿਆ ਗਿਆ। ਇਸ ਡਰਾਅ ਦਾ ਆਯੋਜਨ ਸ਼ਾਮ 4:00 ਵਜੇ ਬਾਲ ਭਵਨ, ਸੈਕਟਰ 23, ਚੰਡੀਗੜ੍ਹ ਵਿਖੇ ਕੀਤਾ ਗਿਆ।

ਸ਼ਹਿਰ ਭਰ ਵਿੱਚ 13 ਨਿਰਧਾਰਿਤ ਸਥਾਨਾਂ 'ਤੇ ਕੁੱਲ 96 ਸਟਾਲਾਂ ਲਈ ਜਗ੍ਹਾ ਰਾਖਵੀਂ ਕੀਤੀ ਗਈ ਹੈ। ਇਨ੍ਹਾਂ ਵਿੱਚ ਦੁਸਹਿਰਾ ਗਰਾਊਂਡ, ਸੈਕਟਰ 43 ਵਿਖੇ 15 ਸਟਾਲ; ਪੁਰਾਣੀ ਰੇਹੜੀ ਮਾਰਕਿਟ, ਸੈਕਟਰ 46 ਦੇ ਨਾਲ ਲੱਗਦੇ ਖੁੱਲ੍ਹੇ ਮੈਦਾਨ ਵਿੱਚ 11; ਸੈਕਟਰ 33-ਸੀ ਦੇ ਖੁੱਲ੍ਹੇ ਸਥਾਨ 'ਤੇ 5; ਸੈਕਟਰ 37-ਸੀ ਵਿੱਚ ਮੰਦਿਰ ਨੇੜੇ 5; ਗੁਜਰਾਤ ਭਵਨ, ਸੈਕਟਰ 24 ਦੇ ਸਾਹਮਣੇ 6; ਸਬਜ਼ੀ ਮੰਡੀ ਗਰਾਊਂਡ, ਸੈਕਟਰ 29 ਵਿਖੇ 5; ਨਾਨਕਸਰ ਗੁਰਦੁਆਰਾ ਸਾਹਿਬ, ਸੈਕਟਰ 28 ਦੇ ਪਿੱਛੇ ਖੁੱਲ੍ਹੇ ਮੈਦਾਨ ਵਿੱਚ 5; ਆਰਬੀਆਈ ਕਲੋਨੀ, ਸੈਕਟਰ 30 ਨੇੜੇ ਦੁਸਹਿਰਾ ਗਰਾਊਂਡ ਵਿਖੇ 5; ਰਾਮਦਰਬਾਰ ਸਬਜ਼ੀ ਮੰਡੀ ਗਰਾਊਂਡ ਵਿਖੇ 10; ਮਨੀਮਾਜਰਾ ਫਾਇਰ ਸਟੇਸ਼ਨ ਦਫ਼ਤਰ ਨੇੜੇ ਖੁੱਲ੍ਹੇ ਮੈਦਾਨ ਵਿੱਚ 12; ਰਿਆਨ ਇੰਟਰਨੈਸ਼ਨਲ ਪਬਲਿਕ ਸਕੂਲ, ਸੈਕਟਰ 49 ਨੇੜੇ ਖੁੱਲ੍ਹੇ ਸਬਜ਼ੀ ਮੰਡੀ ਗਰਾਊਂਡ ਵਿੱਚ 7; ਕਮਿਊਨਿਟੀ ਸੈਂਟਰ, ਸੈਕਟਰ 40 ਨੇੜੇ ਰਾਮਲੀਲਾ ਗਰਾਊਂਡ ਵਿਖੇ 5; ਅਤੇ ਧਨਾਸ ਵਿੱਚ ਖੁੱਲ੍ਹੇ ਮੈਦਾਨ ਵਿੱਚ 5 ਸਟਾਲ ਸ਼ਾਮਲ ਹਨ।

ਇਨ੍ਹਾਂ ਸਟਾਲਾਂ ਦੀ ਅਲਾਟਮੈਂਟ ਲਈ ਔਨਲਾਇਨ ਪੋਰਟਲ ਦੇ ਜ਼ਰੀਏ ਕੁੱਲ 4,100 ਅਰਜ਼ੀਆਂ ਪ੍ਰਾਪਤ ਹੋਈਆਂ ਸਨ।

ਅਲਾਟ ਕੀਤੀਆਂ ਥਾਵਾਂ 'ਤੇ ਕੇਵਲ ਸੀਐੱਸਆਈਆਰ-ਨੀਰੀ (CSIR-NEERI) ਪ੍ਰਮਾਣਿਤ ਗ੍ਰੀਨ ਪਟਾਕਿਆਂ ਦੀ ਵਿਕਰੀ ਦੀ ਇਜਾਜ਼ਤ ਹੋਵੇਗੀ। ਇਹ ਵਿਵਸਥਾ ਤਿਉਹਾਰਾਂ ਦੇ ਸੀਜ਼ਨ ਦੌਰਾਨ ਹਵਾ ਅਤੇ ਆਵਾਜ਼ ਦੇ ਪ੍ਰਦੂਸ਼ਣ ਨੂੰ ਘਟਾਉਣ ਦੇ ਉਦੇਸ਼ ਨਾਲ ਬਣਾਏ ਗਏ ਵਾਤਾਵਰਣਕ ਨਿਯਮਾਂ ਦੇ ਅਨੁਰੂਪ ਕੀਤੀ ਗਈ ਹੈ।

# ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਨੇ ਪ੍ਰਾਪਤ ਦਾਅਵੇ ਤੇ ਇਤਰਾਜ਼ਾਂ ਦੀਆਂ ਸੂਚੀਆਂ ਰਾਜਨੀਤਿਕ ਪਾਰਟੀਆਂ ਨੂੰ ਸੌਂਪੀਆਂ

**ਜਲੰਧਰ, 15 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਵਰਜੀਤ ਵਾਲੀਆ ਨੇ ਅੱਜ ਦੱਸਿਆ ਕਿ ਭਾਰਤ ਚੋਣ ਕਮਿਸ਼ਨ, ਨਵੀਂ ਦਿੱਲੀ ਅਤੇ ਮੁੱਖ ਚੋਣ ਅਫ਼ਸਰ, ਪੰਜਾਬ ਦੀਆਂ ਹਦਾਇਤਾਂ ਅਨੁਸਾਰ ਸਪੈਸ਼ਲ ਇੰਟੈਂਸਿਵ ਰਵੀਜ਼ਨ (ਐਸ.ਆਈ.ਆਰ.)-2026 ਦੇ ਦੂਜੇ ਪੜਾਅ (ਦਾਅਵੇ ਅਤੇ ਇਤਰਾਜ਼ਾਂ ਪ੍ਰਾਪਤੀ) ਦੀ ਆਖਰੀ ਮਿਤੀ 12 ਸਤੰਬਰ, 2026 ਤੱਕ ਪ੍ਰਾਪਤ ਹੋਏ ਫਾਰਮਾਂ ਦੀਆਂ ਸੂਚੀਆਂ ਸੰਬੰਧਤ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਵੱਲੋਂ ਰਾਜਨੀਤਿਕ ਪਾਰਟੀਆਂ ਨੂੰ ਸੌਂਪ ਦਿੱਤੀਆਂ ਗਈਆਂ ਹਨ।

ਸ਼੍ਰੀ ਵਾਲੀਆ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਪੈਂਦੇ 9 ਵਿਧਾਨ ਸਭਾ ਹਲਕਿਆਂ 30-ਫਿਲੌਰ, 31-ਨਕੋਦਰ, 32-ਸ਼ਾਹਕੋਟ, 33-ਕਰਤਾਰਪੁਰ, 34-ਜਲੰਧਰ ਪੱਛਮੀ, 35-ਜਲੰਧਰ ਕੇਂਦਰੀ, 36-ਜਲੰਧਰ ਉੱਤਰੀ, 37-ਜਲੰਧਰ ਕੈਂਟ ਅਤੇ 38-ਆਦਮਪੁਰ ਦੇ ਸੰਬੰਧਤ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਵਲੋਂ



ਰਾਜਨੀਤਿਕ ਪਾਰਟੀਆਂ ਨਾਲ ਹਫ਼ਤਾਵਾਰੀ ਮੀਟਿੰਗਾਂ ਕੀਤੀਆਂ ਗਈਆਂ ਅਤੇ ਮਿਤੀ 13 ਅਗਸਤ 2026 ਤੋਂ 12 ਸਤੰਬਰ 2026 ਤੱਕ ਪ੍ਰਾਪਤ ਹੋਏ ਦਾਅਵਿਆਂ ਤੇ ਇਤਰਾਜ਼ਾਂ ਦੀਆਂ ਸੂਚੀਆਂ ਫਾਰਮ ਨੰਬਰ 9,10,11,11ਏ, 11ਬੀ ਰਾਜਨੀਤਿਕ ਪਾਰਟੀਆਂ ਨਾਲ ਸਾਂਝੀਆਂ ਕੀਤੀਆਂ ਗਈਆਂ।

ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਦਾਅਵਿਆਂ ਅਤੇ ਇਤਰਾਜ਼ਾਂ ਸਬੰਧੀ ਪ੍ਰਾਪਤ ਫਾਰਮ ਨੰ. 6, 6ਏ, 7, 8 ਦਾ ਨਿਪਟਾਰਾ ਸੰਬੰਧਤ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਵਲੋਂ ਚੋਣ ਕਮਿਸ਼ਨ ਵੱਲੋਂ ਜਾਰੀ ਸ਼ਡਿਊਲ ਅਨੁਸਾਰ 8 ਅਕਤੂਬਰ 2026 ਤੱਕ ਕਰ ਦਿੱਤਾ ਜਾਵੇਗਾ ਅਤੇ ਜ਼ਿਲ੍ਹੇ ਵਿੱਚ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ 12 ਅਕਤੂਬਰ 2026 ਨੂੰ ਕੀਤੀ ਜਾਵੇਗੀ।

ਜ਼ਿਕਰਯੋਗ ਹੈ ਕਿ ਐਸ.ਆਈ.ਆਰ. ਦੌਰਾਨ 13.8.2026 ਤੋਂ 12.9.2026 ਤੱਕ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ/ਬੀ.ਐਲ.ਓਜ਼ ਵੱਲੋਂ ਆਮ ਜਨਤਾ ਪਾਸੋਂ ਦਾਅਵੇ ਤੇ ਇਤਰਾਜ਼ (ਫਾਰਮ ਨੰ.6. 6ਏ, 7 ਤੇ 8) ਵਿੱਚ ਪ੍ਰਾਪਤ ਕੀਤੇ ਗਏ ਸਨ।

# ਹੈਦਰਾਬਾਦ ਵਿਖੇ ਆਰ.ਟੀ.ਆਈ. 'ਤੇ ਕੌਮੀ ਕਾਨਫਰੰਸ ਦੌਰਾਨ ਰਾਜ ਸੂਚਨਾ ਕਮਿਸ਼ਨਰ ਹਰਪ੍ਰੀਤ ਸੰਧੂ ਵੱਲੋਂ ਪੰਜਾਬ ਦੀ ਨੁਮਾਇੰਦਗੀ

**ਚੰਡੀਗੜ੍ਹ, 15 ਸਤੰਬਰ**
**-ਜੀ. ਐਸ. ਤੁੰਗ-**

ਪੰਜਾਬ ਰਾਜ ਸੂਚਨਾ ਕਮਿਸ਼ਨਰ ਹਰਪ੍ਰੀਤ ਸੰਧੂ ਨੇ ਹੈਦਰਾਬਾਦ ਵਿਖੇ ਆਰ.ਟੀ.ਆਈ.: ਲਾਗੂਕਰਨ ਵਿੱਚ ਸੰਚਾਲਨ ਇਕਸਾਰਤਾ - ਚੁਣੌਤੀਆਂ ਅਤੇ ਹੱਲ, ਜੋ ਕਿ ਜਨਤਕ ਪ੍ਰਸ਼ਾਸਨ ਵਿੱਚ ਜਮਹੂਰੀਅਤ, ਪਾਰਦਰਸ਼ਤਾ ਤੇ ਜਵਾਬਦੇਹੀ ਦੇ ਸਬੰਧ ਵਿੱਚ ਵਧੇਰੇ ਮਹੱਤਵਪੂਰਨ ਵਿਸ਼ਾ ਹੈ, 'ਤੇ ਆਯੋਜਿਤ ਸੂਚਨਾ ਕਮਿਸ਼ਨਾਂ ਦੀ ਕੌਮੀ ਕਾਨਫਰੰਸ ਵਿੱਚ ਪੰਜਾਬ ਰਾਜ ਸੂਚਨਾ ਕਮਿਸ਼ਨ ਦੀ ਤਰਫ਼ੋਂ ਹਿੱਸਾ ਲਿਆ।




ਰਾਜ ਸੂਚਨਾ ਕਮਿਸ਼ਨਰ, ਪੰਜਾਬ ਹਰਪ੍ਰੀਤ ਸੰਧੂ ਨੂੰ ਇਸ ਕੌਮੀ ਕਾਨਫਰੰਸ ਵਿੱਚ ਇੱਕ ਬੁਲਾਰੇ ਵਜੋਂ ਸ਼ਾਮਲ ਹੋਣ ਦਾ ਮਾਣ ਪ੍ਰਾਪਤ ਹੋਇਆ, ਜਿੱਥੇ ਉਨ੍ਹਾਂ ਨੇ ਡਿਜੀਟਲ ਨਿੱਜੀ ਡੇਟਾ ਸੁਰੱਖਿਆ ਐਕਟ ਅਤੇ ਸੂਚਨਾ ਦਾ ਅਧਿਕਾਰ ਕਾਨੂੰਨ ਨਾਲ ਇਸ ਦੇ ਵਿਕਸਤ ਹੋ ਰਹੇ ਆਪਸੀ ਸਬੰਧਾਂ ਦੇ ਵਿਸ਼ੇ 'ਤੇ ਆਪਣਾ ਮੁੱਖ ਭਾਸ਼ਣ ਦਿੱਤਾ। ਭਾਰਤ ਦੇ ਮੁੱਖ ਸੂਚਨਾ ਕਮਿਸ਼ਨਰ ਸ੍ਰੀ ਆਰ.ਕੇ. ਗੋਇਲ, ਆਈ.ਏ.ਐਸ. (ਸੇਵਾਮੁਕਤ), ਅਤੇ ਦੇਸ਼ ਦੇ 25 ਰਾਜਾਂ ਦੇ ਮੁੱਖ ਸੂਚਨਾ ਕਮਿਸ਼ਨਰਾਂ ਅਤੇ ਸੂਚਨਾ ਕਮਿਸ਼ਨਰਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਰਾਜ ਸੂਚਨਾ ਕਮਿਸ਼ਨਰ ਪੰਜਾਬ ਨੇ ਵਡੇਰੇ ਜਨਤਕ ਹਿੱਤ ਵਿੱਚ ਉੱਭਰ ਰਹੀਆਂ ਚੁਣੌਤੀਆਂ ਅਤੇ ਨਾਗਰਿਕਾਂ ਦੇ ਸੂਚਨਾ ਦਾ ਮੌਲਿਕ ਅਧਿਕਾਰ ਅਤੇ ਨਿੱਜੀ ਡੇਟਾ ਸੁਰੱਖਿਆ ਦਰਮਿਆਨ ਢੁਕਵਾਂ ਸੰਤੁਲਨ ਬਣਾਈ ਰੱਖਣ ਦੀ ਲੋੜ 'ਤੇ ਜ਼ੋਰ ਦਿੱਤਾ।

ਇਸ ਕੌਮੀ ਕਾਨਫਰੰਸ ਨੇ ਦੇਸ਼ ਭਰ ਦੇ ਸੂਚਨਾ ਕਮਿਸ਼ਨਾਂ ਦੇ ਸੀਨੀਅਰ ਅਧਿਕਾਰੀਆਂ ਨੂੰ ਇੱਕ ਮੰਚ 'ਤੇ ਲਿਆਂਦਾ, ਜਿਸ ਨਾਲ ਸੂਚਨਾ ਦਾ ਅਧਿਕਾਰ ਕਾਨੂੰਨ ਦੇ ਪ੍ਰਭਾਵਸ਼ਾਲੀ, ਇਕਸਾਰ ਅਤੇ ਨਾਗਰਿਕ-ਕੇਂਦਰਿਤ ਲਾਗੂਕਰਨ ਨੂੰ ਮਜ਼ਬੂਤ ਕਰਨ 'ਤੇ ਵਿਚਾਰ-ਵਟਾਂਦਰੇ ਲਈ ਇੱਕ ਮਹੱਤਵਪੂਰਨ ਕੌਮੀ ਪਲੇਟਫਾਰਮ ਮਿਲਿਆ। ਇਨ੍ਹਾਂ ਵਿਚਾਰ-ਵਟਾਂਦਰਿਆਂ ਵਿੱਚ ਅਸਾਮ, ਬਿਹਾਰ, ਆਂਧਰਾ ਪ੍ਰਦੇਸ਼, ਮਹਾਰਾਸ਼ਟਰ, ਸਿੱਕਮ, ਗੋਆ, ਗੁਜਰਾਤ, ਰਾਜਸਥਾਨ, ਤੇਲੰਗਾਨਾ, ਉੱਤਰ ਪ੍ਰਦੇਸ਼, ਹਰਿਆਣਾ, ਉੜੀਸਾ, ਦਿੱਲੀ, ਪੰਜਾਬ, ਚੇਨਈ, ਕੇਰਲ, ਮਿਜ਼ੋਰਮ, ਤਾਮਿਲਨਾਡੂ ਅਤੇ ਛੱਤੀਸਗੜ੍ਹ ਸਮੇਤ ਹੋਰ ਕਈ ਰਾਜਾਂ ਦੇ ਸੂਚਨਾ ਕਮਿਸ਼ਨਾਂ ਨੇ ਹਿੱਸਾ ਲਿਆ।

ਭਾਰਤ ਦੇ ਮੁੱਖ ਸੂਚਨਾ ਕਮਿਸ਼ਨਰ ਸ੍ਰੀ ਆਰ. ਕੇ. ਗੋਇਲ, ਆਈ.ਏ.ਐਸ. (ਸੇਵਾਮੁਕਤ) ਨੇ ਨਿੱਜੀ ਡੇਟਾ ਸੁਰੱਖਿਆ ਅਤੇ ਆਰ.ਟੀ.ਆਈ. ਢਾਂਚੇ ਨਾਲ ਇਸ ਦੇ ਸਬੰਧਾਂ ਬਾਰੇ ਹਰਪ੍ਰੀਤ ਸੰਧੂ ਦੇ ਸੰਬੋਧਨ ਦੀ ਮਹੱਤਤਾ ਨੂੰ ਵਿਕਸਤ ਹੋ ਰਹੇ ਡਿਜੀਟਲ ਗਵਰਨੈਂਸ ਈਕੋਸਿਸਟਮ ਵਿਚ ਪਾਰਦਰਸ਼ਤਾ, ਜਵਾਬਦੇਹੀ ਅਤੇ ਆਰ.ਟੀ.ਆਈ. ਐਕਟ ਦੇ ਪ੍ਰਭਾਵਸ਼ਾਲੀ ਲਾਗੂਕਰਨ ਨੂੰ ਉਤਸ਼ਾਹਿਤ ਕਰਨ ਦੇ ਸੰਦਰਭ ਵਿੱਚ ਵਿਸ਼ੇਸ਼ ਤੌਰ 'ਤੇ ਸਵੀਕਾਰਿਆ।

ਰਾਜ ਸੂਚਨਾ ਕਮਿਸ਼ਨਰ ਪੰਜਾਬ ਹਰਪ੍ਰੀਤ ਸੰਧੂ ਨੇ ਐਡਮਿਨਿਸਟ੍ਰੇਟਿਵ ਸਟਾਫ ਕਾਲਜ ਆਫ਼ ਇੰਡੀਆ, ਹੈਦਰਾਬਾਦ ਵਿਖੇ ਹੋਈ ਨੈਸ਼ਨਲ ਫੈਡਰੇਸ਼ਨ ਆਫ਼ ਇਨਫਰਮੇਸ਼ਨ ਕਮਿਸ਼ਨਜ਼ ਇਨ ਇੰਡੀਆ (ਐਨਐਫਆਈਸੀਆਈ) ਦੇ ਬੋਰਡ ਆਫ਼ ਗਵਰਨਰਜ਼ ਦੀ 34ਵੀਂ ਮੀਟਿੰਗ ਵਿੱਚ ਵੀ ਪੰਜਾਬ ਦੀ ਨੁਮਾਇੰਦਗੀ ਕੀਤੀ। ਉਨ੍ਹਾਂ ਦੀ ਸ਼ਮੂਲੀਅਤ ਨੇ ਕੌਮੀ ਪੱਧਰ 'ਤੇ ਪੰਜਾਬ ਰਾਜ ਸੂਚਨਾ ਕਮਿਸ਼ਨ ਦੀ ਨੁਮਾਇੰਦਗੀ ਨੂੰ ਬਾਖੂਬੀ ਢੰਗ ਨਾਲ ਦਰਸਾਇਆ, ਜਿਸਨੇ ਭਾਰਤ ਵਿੱਚ ਸੂਚਨਾ ਦਾ ਅਧਿਕਾਰ ਪ੍ਰਣਾਲੀ ਨੂੰ ਮਜ਼ਬੂਤ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਸਬੰਧੀ ਵਿਚਾਰ-ਵਟਾਂਦਰੇ ਵਿੱਚ ਪੰਜਾਬ ਦੇ ਯੋਗਦਾਨ ਦੀ ਮਹੱਤਤਾ ਨੂੰ ਉਜਾਗਰ ਕੀਤਾ।

ਰਾਜ ਸੂਚਨਾ ਕਮਿਸ਼ਨਰ ਪੰਜਾਬ ਹਰਪ੍ਰੀਤ ਸੰਧੂ ਨੇ ਹੈਦਰਾਬਾਦ ਵਿਖੇ ਕੌਮੀ ਕਾਨਫਰੰਸ ਦੌਰਾਨ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਤੇਲੰਗਾਨਾ ਦੇ ਮਾਣਯੋਗ ਰਾਜਪਾਲ ਸ਼ਿਵ ਪ੍ਰਤਾਪ ਸ਼ੁਕਲਾ ਦੀ ਹਾਜ਼ਰੀ ਵਿੱਚ ਭਾਰਤ ਦੇ ਕੇਂਦਰੀ ਮੁੱਖ ਸੂਚਨਾ ਕਮਿਸ਼ਨਰ ਸ੍ਰੀ ਆਰ.ਕੇ. ਗੋਇਲ, ਆਈ.ਏ.ਐਸ. (ਸੇਵਾਮੁਕਤ), ਅਤੇ ਤੇਲੰਗਾਨਾ ਦੇ ਮੁੱਖ ਸੂਚਨਾ ਕਮਿਸ਼ਨਰ ਡਾ. ਜੀ. ਚੰਦਰਸ਼ੇਖਰ ਰੈੱਡੀ, ਆਈ.ਐਫ.ਐਸ. (ਸੇਵਾਮੁਕਤ) ਨੂੰ ਪੰਜਾਬ ਰਾਜ ਸੂਚਨਾ ਕਮਿਸ਼ਨ ਦੀ ਤਰਫ਼ੋਂ ਅਧਿਕਾਰਤ ਯਾਦਗਾਰੀ ਚਿੰਨ੍ਹ ਭੇਟ ਕੀਤਾ।

ਕੌਮੀ ਕਾਨਫਰੰਸ ਅਤੇ ਐਨ.ਐਫ.ਆਈ.ਸੀ.ਆਈ. ਬੋਰਡ ਆਫ਼ ਗਵਰਨਰਜ਼ ਦੀ ਮੀਟਿੰਗ ਵਿੱਚ ਰਾਜ ਸੂਚਨਾ ਕਮਿਸ਼ਨਰ ਪੰਜਾਬ ਹਰਪ੍ਰੀਤ ਸੰਧੂ ਦੀ ਸ਼ਮੂਲੀਅਤ ਨੇ ਦੇਸ਼ ਵਿੱਚ ਪਾਰਦਰਸ਼ਤਾ, ਜਵਾਬਦੇਹੀ ਅਤੇ ਸੂਚਨਾ ਦੇ ਅਧਿਕਾਰ ਢਾਂਚੇ ਦੇ ਪ੍ਰਭਾਵਸ਼ਾਲੀ ਕੰਮਕਾਜ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਦ੍ਰਿਸ਼ਟੀਕੋਣਾਂ, ਤਜ਼ਰਬਿਆਂ ਅਤੇ ਸੰਸਥਾਗਤ ਅਭਿਆਸਾਂ ਨੂੰ ਸਾਂਝਾ ਕਰਨ ਲਈ ਇੱਕ ਮਹੱਤਵਪੂਰਨ ਮੰਚ ਪ੍ਰਦਾਨ ਕੀਤਾ।

ਐਡਮਿਨਿਸਟ੍ਰੇਟਿਵ ਸਟਾਫ ਕਾਲਜ ਆਫ਼ ਇੰਡੀਆ, ਹੈਦਰਾਬਾਦ ਦੇ ਡਾਇਰੈਕਟਰ ਜਨਰਲ ਡਾ. ਐਨ. ਰਮੇਸ਼ ਕੁਮਾਰ, ਆਈ.ਏ.ਐਸ. (ਸੇਵਾਮੁਕਤ) ਨੇ 12 ਸਤੰਬਰ 2026 ਨੂੰ ਹੈਦਰਾਬਾਦ ਵਿਖੇ ਆਯੋਜਿਤ ਆਰ.ਟੀ.ਆਈ. ਸਬੰਧੀ ਕੌਮੀ ਕਾਨਫਰੰਸ ਵਿੱਚ ਸ਼ਮੂਲੀਅਤ ਲਈ ਤੇਲੰਗਾਨਾ ਰਾਜ ਸੂਚਨਾ ਕਮਿਸ਼ਨ ਦੀ ਤਰਫ਼ੋਂ ਰਾਜ ਸੂਚਨਾ ਕਮਿਸ਼ਨਰ, ਪੰਜਾਬ ਹਰਪ੍ਰੀਤ ਸੰਧੂ ਨੂੰ ਸਨਮਾਨਿਤ ਵੀ ਕੀਤਾ।

# ਖੇਡਾਂ ਵਤਨ ਪੰਜਾਬ ਦੀਆਂ 2026: ਬਲਾਕ ਪਾਤੜਾਂ 'ਚ 8ਵੇਂ ਦਿਨ ਦੀਆਂ ਬਲਾਕ ਪੱਧਰੀ ਖੇਡਾਂ ਦਾ ਸ਼ਾਨਦਾਰ ਆਗਾਜ਼



**ਪਾਤੜਾਂ/ਸੁਤਰਾਣਾ 15 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਖੇਡ ਵਿਭਾਗ ਪਟਿਆਲਾ ਵੱਲੋਂ 'ਖੇਡਾਂ ਵਤਨ ਪੰਜਾਬ ਦੀਆਂ 2026' ਦੇ ਤਹਿਤ ਅੱਜ 8ਵੇਂ ਦਿਨ ਦੀਆਂ ਬਲਾਕ ਪੱਧਰੀ ਖੇਡਾਂ ਦਾ ਆਯੋਜਨ ਅਤਿ-ਉਤਸ਼ਾਹਪੂਰਨ ਮਾਹੌਲ 'ਚ ਕੀਤਾ ਗਿਆ। ਬਲਾਕ ਪਾਤੜਾਂ ਦੇ ਪਿੰਡ ਦੇਧਨਾ ਵਿਖੇ ਸਥਿਤ ਮੁੱਖ ਮੰਤਰੀ ਖੇਡ ਸਟੇਡੀਅਮ 'ਚ ਕਰਵਾਈਆਂ ਜਾ ਰਹੀਆਂ ਇਹਨਾਂ ਖੇਡਾਂ ਦਾ ਰਸਮੀ ਉਦਘਾਟਨ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਨੇ ਕੀਤਾ। ਇਸ ਮੌਕੇ ਮੈਦਾਨ 'ਚ ਉਤਰੇ ਵਿਧਾਇਕ ਕੁਲਵੰਤ ਸਿੰਘ ਨੇ ਵਾਲੀਬਾਲ ਦੀਆਂ ਸਮੈਸ਼ਾਂ ਨਾਲ ਖਿਡਾਰੀਆਂ ਦਾ ਦਿਲ ਜਿੱਤ ਲਿਆ। ਉਦਘਾਟਨੀ ਸਮਾਰੋਹ ਦੌਰਾਨ ਉਸ ਵੇਲੇ ਮੈਦਾਨ 'ਚ ਸ਼ਾਨਦਾਰ ਨਜ਼ਾਰਾ ਬੱਝ ਗਿਆ, ਜਦੋਂ ਹਲਕਾ ਵਿਧਾਇਕ ਕੁਲਵੰਤ ਸਿੰਘ ਮਹਿਜ਼ ਮੁੱਖ ਮਹਿਮਾਨ ਵਜੋਂ ਕੁਰਸੀ 'ਤੇ ਬੈਠਣ ਦੀ ਬਜਾਏ ਆਪ ਮੈਦਾਨ 'ਚ ਉਤਰ ਆਏ। ਨੌਜਵਾਨ ਖਿਡਾਰੀਆਂ ਦੇ ਜੋਸ਼ ਨੂੰ ਵੇਖਦਿਆਂ ਵਿਧਾਇਕ ਨੇ ਆਪਣੇ ਕੁੜਤੇ ਦੀਆਂ ਬਾਹਾਂ ਚੜ੍ਹਾ ਕੇ ਵਾਲੀਬਾਲ ਦੇ ਮੈਚ 'ਚ ਸਿੱਧਾ ਉਤਰ ਕੇ ਖਿਡਾਰੀਆਂ ਨਾਲ ਹੱਥ ਅਜ਼ਮਾਏ। ਉਨ੍ਹਾਂ ਵੱਲੋਂ ਲਗਾਈਆਂ ਧਮਾਕੇਦਾਰ ਸਮੈਸ਼ਾਂ ਅਤੇ ਸਰਵਿਸ ਨੇ ਪੂਰੇ ਸਟੇਡੀਅਮ 'ਚ ਤਾਲੀਆਂ ਦੀ ਗੂੰਜ ਪੈਦਾ ਕਰ ਦਿੱਤੀ।

ਇੱਕ ਆਮ ਵਿਧਾਇਕ ਤੋਂ ਪਰ੍ਹੇ ਹਟ ਕੇ, ਇੱਕ ਖਿਡਾਰੀ ਵਾਂਗ ਮੈਦਾਨ 'ਚ ਪਸੀਨਾ ਵਹਾਉਂਦਿਆਂ ਉਨ੍ਹਾਂ ਨੇ ਦਿਖਾ ਦਿੱਤਾ ਕਿ ਉਹ ਹਲਕੇ ਦੇ ਨੌਜਵਾਨਾਂ ਦੇ ਦਿਲਾਂ ਨਾਲ ਧੜਕਦੇ ਹਨ। ਉਨ੍ਹਾਂ ਦਾ ਇਹ ਅੰਦਾਜ਼ ਖਿਡਾਰੀਆਂ ਵਿੱਚ ਨਵੇਂ ਉਤਸ਼ਾਹ ਅਤੇ ਊਰਜਾ ਦਾ ਸੰਚਾਰ ਕਰ ਗਿਆ।

ਖਿਡਾਰੀਆਂ ਨੂੰ ਪ੍ਰੇਰਿਤ ਕਰਦਿਆਂ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਖੇਡਾਂ ਸਿਰਫ਼ ਸਰੀਰਕ ਕਸਰਤ ਨਹੀਂ, ਸਗੋਂ ਜੀਵਨ ਵਿੱਚ ਅਨੁਸ਼ਾਸਨ ਅਤੇ ਸਕਾਰਾਤਮਕ ਸੋਚ ਪੈਦਾ ਕਰਨ ਦਾ ਸਭ ਤੋਂ ਵੱਡਾ ਸਾਧਨ ਹਨ। ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਤੋਂ ਦੂਰ ਰੱਖ ਕੇ ਖੇਡ ਮੈਦਾਨਾਂ ਵੱਲ ਮੋੜਨਾ ਹੀ ਉਨ੍ਹਾਂ ਦਾ ਮੁੱਖ ਟੀਚਾ ਹੈ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਸੂਬੇ ਵਿੱਚ ਖੇਡਾਂ ਦਾ ਇੱਕ ਅਜਿਹਾ ਮਾਹੌਲ ਸਿਰਜ ਦਿੱਤਾ ਹੈ, ਜਿਸ ਨਾਲ ਪਿੰਡ-ਪਿੰਡ ਵਿੱਚ ਮੁੜ ਖੇਡਾਂ ਦਾ ਸੁਨਹਿਰੀ ਦੌਰ ਪਰਤ ਆਇਆ ਹੈ। 'ਖੇਡਾਂ ਵਤਨ ਪੰਜਾਬ ਦੀਆਂ' ਵਰਗੇ ਇਤਿਹਾਸਕ ਉਪਰਾਲਿਆਂ ਨੇ ਜ਼ਮੀਨੀ ਪੱਧਰ ਦੀ ਛੁਪੀ ਹੋਈ ਪ੍ਰਤਿਭਾ ਨੂੰ ਨਿਖਾਰਨ ਦਾ ਮੌਕਾ ਦਿੱਤਾ ਹੈ। ਮਾਨ ਸਰਕਾਰ ਦੀ ਖੇਡ ਨੀਤੀ ਦਾ ਮੂਲ ਮਕਸਦ ਖਿਡਾਰੀਆਂ ਨੂੰ ਚੰਗੀਆਂ ਖੇਡ ਸਹੂਲਤਾਂ ਅਤੇ ਬਿਹਤਰ ਨਗਦ ਇਨਾਮ ਰਾਸ਼ੀ ਦੇ ਕੇ ਅੰਤਰਰਾਸ਼ਟਰੀ ਪੱਧਰ 'ਤੇ ਚਮਕਾਉਣਾ ਹੈ, ਜਿਸ ਨਾਲ ਪੰਜਾਬ ਦਾ ਗੱਭਰੂ ਹੁਣ ਮੈਦਾਨਾਂ 'ਚ ਨਵੇਂ ਦਿਸਹੱਦੇ ਛੂਹ ਰਿਹਾ ਹੈ।

ਉਪਰੰਤ ਜ਼ਿਲ੍ਹਾ ਖੇਡ ਅਫਸਰ ਨਵਜੋਤ ਸਿੰਘ ਧਾਲੀਵਾਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਅੱਜ ਵੱਖ-ਵੱਖ ਉਮਰ ਵਰਗਾਂ ਦੇ ਐਥਲੈਟਿਕਸ, ਫੁੱਟਬਾਲ, ਖੋ-ਖੋ, ਕਬੱਡੀ ਨੈਸ਼ਨਲ ਸਟਾਇਲ, ਕਬੱਡੀ ਸਰਕਲ ਸਟਾਇਲ, ਵਾਲੀਬਾਲ ਸ਼ੂਟਿੰਗ ਅਤੇ ਵਾਲੀਬਾਲ ਸਮੈਸ਼ਿੰਗ ਦੇ ਜ਼ਬਰਦਸਤ ਮੁਕਾਬਲੇ ਕਰਵਾਏ ਜਾ ਰਹੇ ਹਨ।

ਇਸ ਮੌਕੇ ਜਿਲ੍ਹਾ ਖੇਡ ਅਫਸਰ ਪਟਿਆਲਾ ਨਵਜੋਤ ਸਿੰਘ ਧਾਲੀਵਾਲ, ਦਵਿੰਦਰ ਸਿੰਘ ਜੋਨਲ ਇੰਚਾਰਜ ਪਾਤੜਾਂ ਸਿੱਖਿਆ ਵਿਭਾਗ ਪਟਿਆਲਾ ਅਤੇ ਪਾਤੜਾਂ ਦੇ ਸਰਪੰਚ ਸੰਦੀਪ ਵੀ ਮੌਜੂਦ ਰਹੇ। ਖੇਡਾਂ ਦੇ ਪ੍ਰਬੰਧਾਂ ਨੂੰ ਨੇਪਰੇ ਚਾੜ੍ਹਨ ਲਈ ਖੇਡ ਵਿਭਾਗ ਦੇ ਕੋਚ ਕੰਵਲਦੀਪ ਸਿੰਘ, ਕੁਲਵਿੰਦਰ ਸਿੰਘ, ਪਰਦੀਪ ਕੁਮਾਰ, ਗੁਰਦੇਵ ਸਿੰਘ, ਗੁਰਪ੍ਰੀਤ ਸਿੰਘ, ਸਤਵੀਰ ਮੰਡਾਰ, ਪਰਮਿੰਦਰ ਸਿੰਘ, ਧਨਵੰਤ ਸਿੰਘ, ਰਾਜਬੀਰ ਸਿੰਘ, ਸਤਵਿੰਦਰ ਸਿੰਘ, ਸਤਗੁਰ ਸਿੰਘ ਅਤੇ ਸ਼ਿਵਾ ਨੇ ਅਹਿਮ ਭੂਮਿਕਾ ਨਿਭਾਈ।

# ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਮਲੇਰਕੋਟਲਾ ਪੁਲਿਸ ਵੱਲੋਂ ਨਸ਼ਾ ਤਸਕਰਾਂ ਖ਼ਿਲਾਫ਼ ਕਾਰਵਾਈ ਤੇਜ਼



**ਮਲੇਰਕੋਟਲਾ, 15 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸੂਬਾ ਪੱਧਰੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਮਲੇਰਕੋਟਲਾ ਪੁਲਿਸ ਵੱਲੋਂ ਜ਼ਿਲ੍ਹੇ ਵਿੱਚ ਉਨ੍ਹਾਂ ਥਾਵਾਂ 'ਤੇ ਤਾਲਮੇਲ ਨਾਲ ਕੋਰਡਨ ਐਂਡ ਸਰਚ ਆਪ੍ਰੇਸ਼ਨ ਚਲਾਏ ਗਏ, ਜਿੱਥੇ ਨਸ਼ਾ ਵੇਚਣ ਸਬੰਧੀ ਸ਼ਿਕਾਇਤਾਂ ਪ੍ਰਾਪਤ ਹੋਈਆਂ ਸਨ।

ਇਨ੍ਹਾਂ ਆਪ੍ਰੇਸ਼ਨਾਂ ਦਾ ਮੁੱਖ ਉਦੇਸ਼ ਨਸ਼ਾ ਤਸਕਰਾਂ ਅਤੇ ਸਪਲਾਇਰਾਂ ਦੀ ਪਛਾਣ ਕਰਨਾ ਅਤੇ ਨਸ਼ੀਲੇ ਪਦਾਰਥਾਂ ਨੂੰ ਆਪਣੇ ਕਬਜ਼ੇ ਵਿੱਚ ਰੱਖਣ, ਵੇਚਣ ਜਾਂ ਸਪਲਾਈ ਕਰਨ ਵਿੱਚ ਸ਼ਾਮਲ ਵਿਅਕਤੀਆਂ ਖ਼ਿਲਾਫ਼ ਕਾਨੂੰਨੀ ਕਾਰਵਾਈ ਕਰਨਾ ਸੀ। ਸੀਨੀਅਰ ਅਧਿਕਾਰੀਆਂ ਦੀ ਨਿਗਰਾਨੀ ਹੇਠ ਪੁਲਿਸ ਟੀਮਾਂ ਵੱਲੋਂ ਤਾਲਮੇਲ ਨਾਲ ਵੱਖ-ਵੱਖ ਥਾਵਾਂ 'ਤੇ ਤਲਾਸ਼ੀ ਅਤੇ ਜਾਂਚ ਕੀਤੀ ਗਈ।

ਕਾਰਵਾਈ ਸਬੰਧੀ ਜਾਣਕਾਰੀ ਦਿੰਦਿਆਂ ਸੀਨੀਅਰ ਸੁਪਰਡੈਂਟ ਆਫ਼ ਪੁਲਿਸ, ਮਲੇਰਕੋਟਲਾ, ਸ੍ਰੀ ਹਰਕਮਲ ਪ੍ਰੀਤ ਸਿੰਘ ਖੱਖ ਨੇ ਦੱਸਿਆ ਕਿ ਮਾਲੇਰਕੋਟਲਾ ਪੁਲਿਸ ਵੱਲੋਂ ਐਨ.ਡੀ.ਪੀ.ਐਸ. ਐਕਟ ਤਹਿਤ 42 ਐੱਫ.ਆਈ.ਆਰਜ਼ ਦਰਜ ਕਰਕੇ 61 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ। ਇਨ੍ਹਾਂ ਮਾਮਲਿਆਂ ਵਿੱਚ ਪੁਲਿਸ ਵੱਲੋਂ 406 ਗ੍ਰਾਮ ਹੈਰੋਇਨ ਅਤੇ 737 ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ ਗਈਆਂ।

ਇਸ ਤੋਂ ਇਲਾਵਾ, ਵਪਾਰਕ ਮਾਤਰਾ ਦੀ ਹੈਰੋਇਨ ਨਾਲ ਸਬੰਧਤ ਇੱਕ ਵੱਖਰੇ ਮਾਮਲੇ ਵਿੱਚ ਪੁਲਿਸ ਵੱਲੋਂ ਇੱਕ ਐੱਫ.ਆਈ.ਆਰ. ਦਰਜ ਕਰਕੇ ਇੱਕ ਮੁਲਜ਼ਮ ਨੂੰ ਗ੍ਰਿਫ਼ਤਾਰ ਕੀਤਾ ਗਿਆ ਅਤੇ 260 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ।

ਸਮੁੱਚੇ CASO ਆਪ੍ਰੇਸ਼ਨ ਦੀ ਯੋਜਨਾ ਐੱਸ.ਪੀ. ਡੀ. ਰਾਮਨਦੀਪ ਭੁੱਲਰ ਵੱਲੋਂ ਤਿਆਰ ਕੀਤੀ ਗਈ। ਉਨ੍ਹਾਂ ਵੱਲੋਂ ਸਾਰੇ ਸਬ-ਡਵੀਜ਼ਨਲ ਡੀ.ਐੱਸ.ਪੀਜ਼, ਡੀ.ਐੱਸ.ਪੀ. ਡੀ., ਇੰਸਪੈਕਟਰ ਸੀ.ਆਈ.ਏ. ਅਤੇ ਐੱਸ.ਐੱਚ.ਓਜ਼ ਨੂੰ ਤਾਲਮੇਲ ਨਾਲ ਕਾਰਵਾਈ ਕਰਨ ਲਈ ਵਿਸ਼ੇਸ਼ ਟੀਚੇ ਸੌਂਪੇ ਗਏ। ਪੁਲਿਸ ਟੀਮਾਂ ਨੇ ਆਪਣੇ-ਆਪਣੇ ਟੀਚਿਆਂ ਅਨੁਸਾਰ ਉਪਲਬਧ ਜਾਣਕਾਰੀ ਦੇ ਆਧਾਰ 'ਤੇ ਤਲਾਸ਼ੀ ਅਤੇ ਜਾਂਚ ਮੁਹਿੰਮ ਚਲਾਈ।

ਐੱਸ.ਐੱਸ.ਪੀ. ਖੱਖ ਨੇ ਕਿਹਾ ਕਿ ਅਜਿਹੇ ਆਪ੍ਰੇਸ਼ਨਾਂ ਦਾ ਉਦੇਸ਼ ਨਸ਼ਿਆਂ ਦੇ ਗੈਰ-ਕਾਨੂੰਨੀ ਕਾਰੋਬਾਰ ਨਾਲ ਜੁੜੇ ਵਿਅਕਤੀਆਂ ਅਤੇ ਸਥਾਨਾਂ ਤੱਕ ਪਹੁੰਚ ਕਰਨਾ ਅਤੇ ਅਜਿਹੀ ਜਾਣਕਾਰੀ ਇਕੱਠੀ ਕਰਨਾ ਹੈ, ਜੋ ਨਸ਼ਿਆਂ ਦੀ ਸਪਲਾਈ ਚੇਨ ਖ਼ਿਲਾਫ਼ ਅਗਲੀ ਕਾਰਵਾਈ ਵਿੱਚ ਪੁਲਿਸ ਲਈ ਸਹਾਇਕ ਹੋ ਸਕੇ। ਉਨ੍ਹਾਂ ਕਿਹਾ ਕਿ ਆਮ ਲੋਕਾਂ ਵੱਲੋਂ ਦਿੱਤੀ ਜਾਣਕਾਰੀ ਵੀ ਨਸ਼ਾ ਤਸਕਰਾਂ ਅਤੇ ਉਨ੍ਹਾਂ ਦੇ ਸਾਥੀਆਂ ਦੀ ਪਛਾਣ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀ ਹੈ।

ਉਨ੍ਹਾਂ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਇਲਾਕਿਆਂ ਵਿੱਚ ਨਸ਼ਿਆਂ ਦੀ ਤਸਕਰੀ, ਵਿਕਰੀ, ਸਪਲਾਈ ਜਾਂ ਕਿਸੇ ਵੀ ਸ਼ੱਕੀ ਗਤੀਵਿਧੀ ਸਬੰਧੀ ਜਾਣਕਾਰੀ ਪੁਲਿਸ ਨਾਲ ਸਾਂਝੀ ਕਰਨ ਅਤੇ ਨਸ਼ਿਆਂ ਖ਼ਿਲਾਫ਼ ਜੰਗ ਵਿੱਚ ਪੁਲਿਸ ਦਾ ਸਹਿਯੋਗ ਕਰਨ। ਸੂਚਨਾ ਦੇਣ ਵਾਲੇ ਵਿਅਕਤੀ ਦੀ ਪਛਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ।

ਐੱਸ.ਐੱਸ.ਪੀ. ਖੱਖ ਨੇ ਕਿਹਾ ਕਿ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਲਗਾਤਾਰ ਜਾਰੀ ਰਹੇਗੀ ਅਤੇ ਮਲੇਰਕੋਟਲਾ ਪੁਲਿਸ ਵੱਲੋਂ ਨਸ਼ਿਆਂ ਦੇ ਗੈਰ-ਕਾਨੂੰਨੀ ਕਾਰੋਬਾਰ ਵਿੱਚ ਸ਼ਾਮਲ ਵਿਅਕਤੀਆਂ ਖ਼ਿਲਾਫ਼ ਤਾਲਮੇਲ ਨਾਲ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਨੇ ਲੋਕਾਂ ਨੂੰ ਵੀ ਨਸ਼ਿਆਂ ਖ਼ਿਲਾਫ਼ ਇਸ ਸਾਂਝੀ ਲੜਾਈ ਵਿੱਚ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ।

# ਮੀਆਂਪੁਰ ਤੇ ਬਰਦਾਰ ਦੇ ਵਿਕਾਸ ਕਾਰਜਾਂ ਲਈ 9 ਲੱਖ ਦੀ ਗ੍ਰਾਂਟ ਜਾਰੀ; ਲੋਕਾਂ ਦੀਆਂ ਸਮੱਸਿਆਵਾਂ ਸੁਣ ਕੇ ਦਿਨੇਸ਼ ਚੱਢਾ ਨੇ ਮੌਕੇ 'ਤੇ ਲਏ ਕਈ ਫੈਸਲੇ



**ਰੂਪਨਗਰ-15 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਲਕਾ ਰੋਪੜ ਦੇ ਵਿਧਾਇਕ ਐਡਵੋਕੇਟ ਦਿਨੇਸ਼ ਚੱਢਾ ਵੱਲੋਂ ਪਿੰਡ ਮੀਆਂਪੁਰ ਅਤੇ ਬਰਦਾਰ ਵਿਖੇ ਲੋਕ ਮਿਲਣੀਆਂ ਕਰ ਕੇ ਪਿੰਡ ਵਾਸੀਆਂ ਨਾਲ ਸਿੱਧਾ ਰਾਬਤਾ ਕੀਤਾ ਗਿਆ। ਇਸ ਦੌਰਾਨ ਉਨ੍ਹਾਂ ਨੇ ਲੋਕਾਂ ਦੀਆਂ ਮੁਸ਼ਕਿਲਾਂ ਸੁਣਨ ਦੇ ਨਾਲ-ਨਾਲ ਪਿੰਡਾਂ ਵਿੱਚ ਚੱਲ ਰਹੇ ਅਤੇ ਲੋੜੀਂਦੇ ਵਿਕਾਸ ਕਾਰਜਾਂ ਸਬੰਧੀ ਜਾਣਕਾਰੀ ਹਾਸਲ ਕੀਤੀ।

ਲੋਕ ਮਿਲਣੀ ਦੌਰਾਨ ਵਿਧਾਇਕ ਵੱਲੋਂ ਪਿੰਡ ਮੀਆਂਪੁਰ ਦੀ ਪੰਚਾਇਤ ਨੂੰ 6 ਲੱਖ ਰੁਪਏ ਅਤੇ ਪਿੰਡ ਬਰਦਾਰ ਦੀ ਪੰਚਾਇਤ ਨੂੰ 3 ਲੱਖ ਰੁਪਏ ਦੀ ਵਿਕਾਸ ਗ੍ਰਾਂਟ ਦੇ ਚੈੱਕ ਸੌਂਪੇ ਗਏ। ਉਨ੍ਹਾਂ ਕਿਹਾ ਕਿ ਇਹ ਗ੍ਰਾਂਟ ਪਿੰਡਾਂ ਦੀਆਂ ਅਹਿਮ ਲੋੜਾਂ ਨੂੰ ਪੂਰਾ ਕਰਨ ਲਈ ਖਰਚ ਕੀਤੀ ਜਾਵੇਗੀ ਅਤੇ ਪੰਚਾਇਤਾਂ ਨੂੰ ਵਿਕਾਸ ਕਾਰਜਾਂ ਨੂੰ ਤਰਜੀਹ ਦੇ ਕੇ ਅੱਗੇ ਵਧਾਉਣ ਲਈ ਕਿਹਾ ਗਿਆ ਹੈ।

ਐਡਵੋਕੇਟ ਦਿਨੇਸ਼ ਚੱਢਾ ਨੇ ਕਿਹਾ ਕਿ ਪਿੰਡਾਂ ਦੇ ਲੋਕਾਂ ਨੂੰ ਆਪਣੇ ਕੰਮਾਂ ਲਈ ਦਫ਼ਤਰਾਂ ਦੇ ਚੱਕਰ ਨਾ ਕੱਟਣੇ ਪੈਣ, ਇਸ ਮਕਸਦ ਨਾਲ ਲੋਕਾਂ ਤੱਕ ਪਹੁੰਚ ਕਰ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਜਾਣਨ ਨੂੰ ਪਹਿਲ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਜਿਹੜੇ ਮਸਲੇ ਸਥਾਨਕ ਪੱਧਰ 'ਤੇ ਹੱਲ ਹੋ ਸਕਦੇ ਹਨ, ਉਨ੍ਹਾਂ ਨੂੰ ਪਹਿਲ ਦੇ ਆਧਾਰ 'ਤੇ ਨਿਪਟਾਉਣ ਲਈ ਸਬੰਧਿਤ ਵਿਭਾਗਾਂ ਨਾਲ ਤਾਲਮੇਲ ਕੀਤਾ ਜਾ ਰਿਹਾ ਹੈ।

ਵਿਧਾਇਕ ਨੇ ਕਿਹਾ ਕਿ ਪਿੰਡਾਂ ਦਾ ਵਿਕਾਸ ਕਿਸੇ ਇੱਕ ਵਰਗ ਜਾਂ ਇਲਾਕੇ ਤੱਕ ਸੀਮਤ ਨਹੀਂ ਹੋਣਾ ਚਾਹੀਦਾ। ਹਰ ਪਿੰਡ ਵਿੱਚ ਬੁਨਿਆਦੀ ਸਹੂਲਤਾਂ ਨੂੰ ਬਿਹਤਰ ਬਣਾਉਣ ਲਈ ਲੋੜ ਅਨੁਸਾਰ ਫੰਡ ਮੁਹੱਈਆ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਗਲੀਆਂ, ਨਾਲੀਆਂ, ਸੜਕਾਂ, ਸਫਾਈ, ਪੀਣ ਵਾਲੇ ਪਾਣੀ, ਸਟਰੀਟ ਲਾਈਟਾਂ ਅਤੇ ਹੋਰ ਜਨਤਕ ਸਹੂਲਤਾਂ ਨਾਲ ਸਬੰਧਿਤ ਕੰਮਾਂ ਨੂੰ ਪਿੰਡ ਵਾਸੀਆਂ ਦੀਆਂ ਤਰਜੀਹਾਂ ਅਨੁਸਾਰ ਕਰਵਾਇਆ ਜਾਵੇਗਾ।

ਉਨ੍ਹਾਂ ਪੰਚਾਇਤੀ ਨੁਮਾਇੰਦਿਆਂ ਨੂੰ ਕਿਹਾ ਕਿ ਸਰਕਾਰ ਵੱਲੋਂ ਦਿੱਤੀ ਜਾ ਰਹੀ ਗ੍ਰਾਂਟ ਨੂੰ ਪੂਰੀ ਜ਼ਿੰਮੇਵਾਰੀ ਨਾਲ ਲੋਕ ਹਿੱਤ ਵਿੱਚ ਵਰਤਿਆ ਜਾਵੇ ਅਤੇ ਵਿਕਾਸ ਕਾਰਜਾਂ ਦੌਰਾਨ ਕੰਮ ਦੀ ਗੁਣਵੱਤਾ ਨਾਲ ਕਿਸੇ ਕਿਸਮ ਦਾ ਸਮਝੌਤਾ ਨਾ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਸਰਕਾਰੀ ਪੈਸੇ ਦਾ ਸਹੀ ਇਸਤੇਮਾਲ ਕਰਨਾ ਸਾਰਿਆਂ ਦੀ ਜ਼ਿੰਮੇਵਾਰੀ ਹੈ।

ਦਿਨੇਸ਼ ਚੱਢਾ ਨੇ ਕਿਹਾ ਕਿ ਹਲਕੇ ਦੇ ਪਿੰਡਾਂ ਵਿੱਚ ਵਿਕਾਸ ਦੀ ਰਫ਼ਤਾਰ ਨੂੰ ਹੋਰ ਤੇਜ਼ ਕੀਤਾ ਜਾਵੇਗਾ ਅਤੇ ਲੋਕਾਂ ਵੱਲੋਂ ਰੱਖੀਆਂ ਜਾਇਜ਼ ਮੰਗਾਂ ਨੂੰ ਪੜਾਅਵਾਰ ਢੰਗ ਨਾਲ ਪੂਰਾ ਕਰਨ ਲਈ ਯਤਨ ਜਾਰੀ ਰਹਿਣਗੇ। ਉਨ੍ਹਾਂ ਕਿਹਾ ਕਿ ਲੋਕਾਂ ਨਾਲ ਸਿੱਧਾ ਸੰਵਾਦ ਹੀ ਇਲਾਕੇ ਦੀਆਂ ਅਸਲ ਲੋੜਾਂ ਨੂੰ ਸਮਝਣ ਦਾ ਸਭ ਤੋਂ ਵਧੀਆ ਤਰੀਕਾ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਅਜਿਹੀਆਂ ਲੋਕ ਮਿਲਣੀਆਂ ਜਾਰੀ ਰਹਿਣਗੀਆਂ।

# ਖੇਡਾਂ ਵਤਨ ਪੰਜਾਬ ਦੀਆਂ 2026 ਦੇ ਦੂਜੇ ਪੜਾਅ ਦੀਆਂ ਬਲਾਕ ਪੱਧਰੀ ਖੇਡਾਂ ਦਾ ਆਗਾਜ਼

**ਹੁਸ਼ਿਆਰਪੁਰ, 15 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਦੇ ਖੇਡ ਵਿਭਾਗ ਵੱਲੋਂ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ-2026 ਸੀਜ਼ਨ:.4 ਤਹਿਤ ਬਲਾਕ ਪੱਧਰੀ ਖੇਡਾਂ ਦੇ ਦੂਜੇ ਪੜਾਅ ਦੀਆਂ ਖੇਡਾਂ ਦਾ ਅੱਜ ਜ਼ਿਲ੍ਹੇ ਦੇ ਵੱਖ-ਵੱਖ ਬਲਾਕਾਂ ਵਿੱਚ ਉਤਸ਼ਾਹ ਨਾਲ ਆਗਾਜ਼ ਹੋਇਆ। ਇਨ੍ਹਾਂ ਖੇਡ ਮੁਕਾਬਲਿਆਂ ਵਿੱਚ ਖਿਡਾਰੀਆਂ ਨੇ ਪੂਰੇ ਜੋਸ਼ ਅਤੇ ਖੇਡ ਭਾਵਨਾ ਨਾਲ ਭਾਗ ਲੈਂਦਿਆਂ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ।

ਜ਼ਿਲ੍ਹਾ ਖੇਡ ਅਫ਼ਸਰ ਹੁਸ਼ਿਆਰਪੁਰ ਸੁਰਜੀਤ ਸਿੰਘ ਜੀ ਨੇ ਦੱਸਿਆ ਕਿ ਬਲਾਕ ਪੱਧਰੀ ਖੇਡਾਂ ਤਹਿਤ ਟੈਨਿਸ ਬਾਲ ਕ੍ਰਿਕਟ ਦੇ ਮੁਕਾਬਲੇ ਕਰਵਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੇ ਵੱਖ-ਵੱਖ ਬਲਾਕਾਂ ਵਿੱਚ ਕਰਵਾਈਆਂ ਜਾ ਰਹੀਆਂ ਇਨ੍ਹਾਂ ਖੇਡਾਂ ਵਿੱਚ ਲਗਭਗ 500 ਖਿਡਾਰੀਆਂ ਨੇ ਭਾਗ ਲਿਆ ਹੈ।

ਉਨ੍ਹਾਂ ਦੱਸਿਆ ਕਿ ਬਲਾਕ ਹੁਸ਼ਿਆਰਪੁਰ-1 ਵਿਚ ਟੈਨਿਸ ਬਾਲ ਕ੍ਰਿਕਟ ਦੇ ਮੁਕਾਬਲੇ ਲਾਜਵੰਤੀ ਆਊਟਡੋਰ ਸਟੇਡੀਅਮ ਵਿੱਚ ਕਰਵਾਏ ਗਏ। ਅੱਜ ਮਿਤੀ 14 ਸਤੰਬਰ, 2026 ਨੂੰ ਲਾਜਵੰਤੀ ਸਟੇਡੀਅਮ, ਹੁਸ਼ਿਆਰਪੁਰ ਵਿਖੇ ਮਾਨਯੋਗ ਬਰੰਮ ਸ਼ੰਕਰ ਜਿੰਪਾ ਜੀ ਵਲੋਂ ਸ਼ਿਰਕਤ ਕੀਤੀ ਗਈ। ਉਨ੍ਹਾਂ ਖਿਡਾਰੀਆਂ ਨੂੰ ਖੇਡਾਂ ਪ੍ਰਤੀ ਜਾਗਰੂਕ ਕਰਦਿਆਂ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ ਅਤੇ ਟੈਨਿਸ ਬਾਲ ਕ੍ਰਿਕਟ ਨੂੰ ਬੱਚਿਆਂ ਦੀ ਦਿਲਚਸਪ ਖੇਡ ਦੱਸਦਿਆਂ ਖਿਡਾਰੀਆਂ ਨੂੰ ਕ੍ਰਿਕਟ ਖੇਡ ਖੇਡਣ ਲਈ ਪੇਰਿਤ ਕੀਤਾ। ਹੁਸ਼ਿਆਰਪੁਰ -1 ਵਿਚੋਂ 14 ਸਾਲ ਤੋਂ ਉੱਪਰ ਲੜਕੇ ਕ੍ਰਿਕਟ ਦੀ ਟੀਮ ਆਦਮਵਾਲ ਨੇ ਪਹਿਲਾ ਅਤੇ ਸ਼ੇਰਪੁਰ ਗਲਿੰਡ ਨੇ ਦੂਜਾ ਸਥਾਨ ਪ੍ਰਾਪਤ ਕੀਤਾ।

ਬਲਾਕ ਗੜ੍ਹਸ਼ੰਕਰ ਵਿਖੇ ਟੈਨਿਸ ਬਾਲ ਕ੍ਰਿਕਟ ਦਾ ਬਲਾਕ ਪੱਧਰੀ ਟੂਰਨਾਮੈਂਟ ਮੁੱਖ ਮੰਤਰੀ ਖੇਡ ਮੈਦਾਨ, ਸਾਧੋਵਾਲ ਵਿਖੇ ਕਰਵਾਇਆ ਗਿਆ। ਜਿੱਥੇ ਪਿੰਡ ਬੀਨੇਵਾਲ ਦੀ ਟੀਮ ਪਹਿਲੇ ਸਥਾਨ ਤੇ ਰਹੀ। ਬਲਾਕ ਮਾਹਿਲਪੁਰ ਵਿਖੇ ਟੈਨਿਸ ਬਾਲ ਕ੍ਰਿਕਟ ਦਾ ਬਲਾਕ ਪੱਧਰੀ ਟੂਰਨਾਮੈਂਟ ਪਿੰਡ ਨੂਰਪੁਰ ਵਿਖੇ ਕਰਵਾਇਆ ਗਿਆ। ਜਿੱਥੇ ਪਿੰਡ ਬਗੋਰਾ ਦੀ ਟੀਮ ਨੇ ਸਰਕਾਰੀ ਸੀਨੀ.ਸੈਕੰ.ਸਕੂਲ ਲੜਕੇ ਮਾਹਿਲਪੁਰ ਨੂੰ ਹਰਾ ਕੇ ਫਾਈਨਲ ਵਿਚ ਪ੍ਰਵੇਸ਼ ਕੀਤਾ। ਬਲਾਕ ਟਾਂਡਾ ਦੀਆਂ ਖੇਡਾਂ ਗਿਆਨੀ ਕਰਤਾਰ ਸਿੰਘ ਮੈਮੋਰੀਅਲ ਕਾਲਜ ਟਾਂਡਾ ਵਿਖੇ ਟੈਨਿਸ ਬਾਲ ਕ੍ਰਿਕਟ ਟੂਰਨਾਮੈਂਟ ਕਰਵਾਇਆ ਗਿਆ। ਜਿਸ ਵਿਚ 14 ਸਾਲ ਤੋਂ ਉੱਪਰ ਲੜਕਿਆਂ ਗਿੱਲ ਕਲੱਬ ਟਾਂਡਾ ਪਹਿਲੇ ਸਥਾਨ ਤੇ ਰਹੀ।

ਬਲਾਕ ਭੂੰਗਾ ਦੀਆਂ ਖੇਡਾਂ ਖਾਲਸਾ ਸੀਨੀ.ਸੈਕੰ. ਸਕੂਲ, ਗੜ੍ਹਦੀਵਾਲ ਵਿਖੇ ਟੈਨਿਸ ਬਾਲ ਕ੍ਰਿਕਟ ਟੂਰਨਾਮੈਂਟ ਕਰਵਾਇਆ ਗਿਆ। ਜਿਸ ਵਿਚ 14 ਸਾਲ ਤੋਂ ਉੱਪਰ ਖਿਡਾਰੀਆਂ ਨੇ ਭਾਗ ਲਿਆ। ਕ੍ਰਿਕਟ ਟੀਮ ਸਰਕਾਰੀ ਸੀਨੀ.ਸੈਕੰ.ਸਕੂਲ ਮਨਹੋਤਾ ਪਹਿਲੇ ਸਥਾਨ ਅਤੇ ਸਰਕਾਰੀ ਸੀਨੀ.ਸੈਕੰ. ਸਕੂਲ ਅੰਬਾਲਾ ਜੱਟਾਂ ਨੇ ਦੂਜਾ ਸਥਾਨ ਪ੍ਰਾਪਤ ਕੀਤਾ।

ਬਲਾਕ ਮੁਕੇਰੀਆਂ ਵਿੱਚ ਕੈਂਪ ਗਰਾਉਂਡ ਵਿਚ ਇਹ ਬਲਾਕ ਪੱਧਰੀ ਖੇਡਾਂ ਕਰਵਾਈਆਂ ਗਈਆਂ ਜਿਨ੍ਹਾਂ ਵਿਚੋਂ 14 ਸਾਲ ਤੋਂ ਉੱਪਰ ਲੜਕੇ ਕ੍ਰਿਕਟ ਦੀ ਟੀਮ ਕਲੋਤਾ ਕਲੱਬ ਨੇ ਪਹਿਲਾ ਸਥਾਨ, ਪੀ.ਐਮ. ਸ਼੍ਰੀ ਟਾਂਡਾ ਰਾਮ ਸਹਾਏ ਨੇ ਦੂਜਾ ਅਤੇ ਸਰਕਾਰੀ ਸ.ਸੈਕੰ.ਸਕੂਲ, ਮਹਿਤਾਪੁਰ ਤੀਜੇ ਸਥਾਨ ਤੇ ਰਹੀ। ਜ਼ਿਲ੍ਹਾ ਖੇਡ ਅਫ਼ਸਰ ਸੁਰਜੀਤ ਸਿੰਘ ਨੇ ਕਿਹਾ ਕਿ ਜ਼ਿਲ੍ਹੇ ਦੇ ਵੱਖ-ਵੱਖ ਬਲਾਕਾਂ ਵਿੱਚ 'ਖੇਡਾਂ ਵਤਨ ਪੰਜਾਬ ਦੀਆਂ-2026 ਤਹਿਤ ਖਿਡਾਰੀਆਂ ਵਿੱਚ ਖਾਸਾ ਉਤਸ਼ਾਹ ਦੇਖਣ ਨੂੰ ਮਿਲਿਆ।

# ਪੰਜਾਬ ਕਰ ਵਿਭਾਗ ਦੀ ਵੱਡੀ ਇਨਫੋਰਸਮੈਂਟ ਮੁਹਿੰਮ: 170 ਵਾਹਨ ਜ਼ਬਤ, 5 ਕਰੋੜ ਰੁਪਏ ਤੋਂ ਵੱਧ ਦਾ ਸਾਮਾਨ ਬਰਾਮਦ: ਹਰਪਾਲ ਸਿੰਘ ਚੀਮਾ

**ਚੰਡੀਗੜ੍ਹ 15 ਸਤੰਬਰ**
**-ਛਤਰਪਾਲ ਸਿੰਘ-**

ਪੂਰੇ ਪੰਜਾਬ ਵਿੱਚ ਚਲਾਈ ਗਈ ਇੱਕ ਵਿਆਪਕ ਇਨਫੋਰਸਮੈਂਟ ਮੁਹਿੰਮ ਤਹਿਤ, ਆਬਕਾਰੀ ਅਤੇ ਕਰ ਵਿਭਾਗ ਨੇ ਜੀਐਸਟੀ ਨਿਯਮਾਂ ਦੀ ਉਲੰਘਣਾ ਦੇ ਸ਼ੱਕ ਵਿੱਚ ਸਾਮਾਨ ਲਿਜਾ ਰਹੇ 170 ਵਾਹਨਾਂ ਨੂੰ ਫੜ੍ਹਿਆ ਗਿਆ। ਇਹ ਕਾਰਵਾਈ ਸਾਰੀਆਂ ਸਟੇਟ ਇਨਵੈਸਟੀਗੇਸ਼ਨ ਅਤੇ ਪ੍ਰੀਵੈਂਟਿਵ ਯੂਨਿਟਾਂ ਵੱਲੋਂ ਸਾਂਝੇ ਤੌਰ 'ਤੇ ਮੰਡੀ ਗੋਬਿੰਦਗੜ੍ਹ ਅਤੇ ਖੰਨਾ 'ਤੇ ਵਿਸ਼ੇਸ਼ ਧਿਆਨ ਕੇਂਦਰਿਤ ਕਰਦੇ ਹੋਏ ਕੀਤੀ ਗਈ, ਜਿਸ ਵਿੱਚ 5 ਕਰੋੜ ਰੁਪਏ ਤੋਂ ਵੱਧ ਦੀ ਕੀਮਤ ਦਾ ਲੋਹੇ ਦਾ ਸਕਰੈਪ ਅਤੇ ਤਿਆਰ ਲੋਹਾ ਤੇ ਸਟੀਲ ਦਾ ਸਾਮਾਨ ਜ਼ਬਤ ਕੀਤਾ ਗਿਆ।

ਪੰਜਾਬ ਦੇ ਵਿੱਤ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਇਸ ਮੁਹਿੰਮ ਨੂੰ ਉਨ੍ਹਾਂ ਲੋਕਾਂ ਲਈ ਇੱਕ ਚੇਤਾਵਨੀ ਦੱਸਿਆ ਜੋ ਸੋਚਦੇ ਹਨ ਕਿ ਉਹ ਹੇਰਾਫੇਰੀ ਕਰਕੇ ਬਚ ਸਕਦੇ ਹਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸਰਕਾਰ ਹਰ ਚੋਰ-ਮੋਰੀ ਨੂੰ ਬੰਦ ਕਰਨ ਅਤੇ ਇਹ ਯਕੀਨੀ ਬਣਾਉਣ ਲਈ ਦ੍ਰਿੜ ਹੈ ਕਿ ਟੈਕਸ ਦੀ ਪਾਲਣਾ ਕਰਨਾ ਰੋਜ਼ਮੱਰਾ ਦਾ ਨਿਯਮ ਬਣੇ, ਨਾ ਕਿ ਕੋਈ ਚੋਣ।

ਕਰ ਮੰਤਰੀ ਨੇ ਕਿਹਾ, ਅਸੀਂ ਇੱਕ ਸਪੱਸ਼ਟ ਲੀਕ ਖਿੱਚ ਦਿੱਤੀ ਹੈ, ਜੋ ਲੋਕ ਬਿਨਾਂ ਦਸਤਾਵੇਜ਼ਾਂ ਵਾਲੇ ਸਾਮਾਨ ਨੂੰ ਢੋਣ ਦੀ ਕੋਸ਼ਿਸ਼ ਕਰਨਗੇ, ਉਹ ਜਲਦੀ ਹੀ ਕਾਨੂੰਨ ਦੀ ਗ੍ਰਿਫ਼ਤ ਵਿੱਚ ਹੋਣਗੇ।



ਇਸ ਇਨਫੋਰਸਮੈਂਟ ਮੁਹਿੰਮ ਦੇ ਵੇਰਵਿਆਂ ਦਾ ਖੁਲਾਸਾ ਕਰਦਿਆਂ ਵਿੱਤ ਮੰਤਰੀ ਚੀਮਾ ਨੇ ਕਿਹਾ, ਵੱਡੀ ਗਿਣਤੀ ਵਿੱਚ ਵਾਹਨ ਸਹੀ ਬਿੱਲਾਂ ਅਤੇ ਨਿਰਧਾਰਤ ਦਸਤਾਵੇਜ਼ਾਂ ਤੋਂ ਬਿਨਾਂ ਪਾਏ ਗਏ, ਜੋ ਕਿ ਜੀਐਸਟੀ ਕਾਨੂੰਨ ਦੀ ਸਪੱਸ਼ਟ ਉਲੰਘਣਾ ਹੈ। ਇਹ ਕਰਵਾਈ ਸਪੱਸ਼ਟ ਸੰਕੇਤ ਹੈ ਕਿ ਪੰਜਾਬ ਟੈਕਸ ਚੋਰਾਂ ਨੂੰ ਸੂਬੇ ਦੇ ਮਾਲੀਏ ਨੂੰ ਖੋਰਾ ਲਾਉਣ ਦੀ ਇਜਾਜ਼ਤ ਨਹੀਂ ਦੇਵੇਗਾ। ਕਰਾਂ ਦਾ ਹਰ ਰੁਪਿਆ ਸਰਕਾਰੀ ਖਜ਼ਾਨੇ ਵਿੱਚ ਪਹੁੰਚਣਾ ਚਾਹੀਦਾ ਹੈ, ਕਿਉਂਕਿ ਇਹ ਸੂਬੇ ਦੇ ਵਿਕਾਸ ਦੀ ਜੀਵਨ-ਰੇਖਾ ਹੈ।

ਵਿੱਤ ਮੰਤਰੀ ਨੇ ਅੱਗੇ ਜਾਣਕਾਰੀ ਦਿੰਦਿਆਂ ਕਿਹਾ ਕਿ ਜ਼ਬਤ ਕੀਤੀਆਂ ਗਈਆਂ ਖੇਪਾਂ ਦੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ, ਜਿਸ ਦੇ ਇੱਕ ਹਫ਼ਤੇ ਦੇ ਅੰਦਰ ਮੁਕੰਮਲ ਹੋਣ ਦੀ ਉਮੀਦ ਹੈ। ਉਨ੍ਹਾਂ ਕਿਹਾ, ਜਾਂਚ ਮੁਕੰਮਲ ਹੋਣ ਤੋਂ ਬਾਅਦ, ਬਣਦੇ ਟੈਕਸ ਅਤੇ ਕਾਨੂੰਨੀ ਬਕਾਏ ਦੀ ਗਣਨਾ ਅਤੇ ਵਸੂਲੀ ਸਮੇਤ ਢੁਕਵੀਂ ਕਾਰਵਾਈ ਕੀਤੀ ਜਾਵੇਗੀ। ਅਸੀਂ ਇਹ ਯਕੀਨੀ ਬਣਾਉਣ ਵਿੱਚ ਕੋਈ ਕਸਰ ਨਹੀਂ ਛੱਡਾਂਗੇ ਕਿ ਉਲੰਘਣਾ ਕਰਨ ਵਾਲਿਆਂ ਨੂੰ ਉਨ੍ਹਾਂ ਦੇ ਕੀਤੇ ਦਾ ਖਮਿਆਜ਼ਾ ਭੁਗਤਣਾ ਪਵੇ।

ਇਸ ਗੱਲ 'ਤੇ ਜ਼ੋਰ ਦਿੰਦਿਆਂ ਕਿ ਇਹ ਕਾਰਵਾਈ ਪੰਜਾਬ ਭਰ ਵਿੱਚ ਟੈਕਸ ਦੀ ਪਾਲਣਾ ਨੂੰ ਮਜ਼ਬੂਤ ਕਰਨ ਅਤੇ ਬਿਨਾਂ ਦਸਤਾਵੇਜ਼ਾਂ ਵਾਲੇ ਸਾਮਾਨ ਦੀ ਆਵਾਜਾਈ ਨੂੰ ਰੋਕਣ ਲਈ ਵਿਭਾਗ ਦੇ ਚੱਲ ਰਹੇ ਯਤਨਾਂ ਦਾ ਹਿੱਸਾ ਹੈ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, ਇਹ ਕੋਈ ਇੱਕ ਵਾਰ ਦੀ ਕਾਰਵਾਈ ਨਹੀਂ ਹੈ। ਵਪਾਰਕ ਗਤੀਵਿਧੀਆਂ ਵਿੱਚ ਅਨੁਸ਼ਾਸਨ ਪੈਦਾ ਕਰਨ ਲਈ ਇਹ ਇੱਕ ਨਿਰੰਤਰ ਮੁਹਿੰਮ ਹੈ। ਸਰਕਾਰ ਦਾ ਸੰਦੇਸ਼ ਉੱਚਾ ਅਤੇ ਸਪੱਸ਼ਟ ਹੈ, ਨਿਯਮਾਂ ਅਨੁਸਾਰ ਚੱਲੋ ਜਾਂ ਫਿਰ ਖਮਿਆਜ਼ਾ ਭੁਗਤਣ ਲਈ ਤਿਆਰ ਰਹੋ।

# ਪੰਜਾਬ ਨੇ ਬਿਨਾਂ ਕਿਸੇ ਬਿਜਲੀ ਕੱਟ ਦੇ 17,423 ਮੈਗਾਵਾਟ ਦੀ ਹੁਣ ਤੱਕ ਦੀ ਸਭ ਤੋਂ ਵੱਧ ਬਿਜਲੀ ਮੰਗ ਕੀਤੀ ਪੂਰੀ ਗਈ: ਤਰੁਨਪ੍ਰੀਤ ਸਿੰਘ ਸੌਂਦ

## ➢ ਕੇਂਦਰ ਵੱਲੋਂ ਕੋਲੇ ਦੀ ਕੀਤੀ ਕਟੌਤੀ ਦੇ ਬਾਵਜੂਦ ਭਗਵੰਤ ਮਾਨ ਸਰਕਾਰ ਨੇ ਬਿਨਾਂ ਬਿਜਲੀ ਕੱਟਾਂ ਦੇ 17,423 ਮੈਗਾਵਾਟ ਦੀ ਰਿਕਾਰਡ ਬਿਜਲੀ ਸਪਲਾਈ ਦਿੱਤੀ ➢ ਰਿਕਾਰਡ ਬਿਜਲੀ ਮੰਗ ਦਰਮਿਆਨ ਗੁਰੂ ਅਮਰਦਾਸ ਥਰਮਲ ਪਲਾਂਟ ਪੰਜਾਬ ਲਈ ਵਰਦਾਨ ਸਾਬਤ ਹੋਇਆ

**ਚੰਡੀਗੜ੍ਹ 15 ਸਤੰਬਰ**
**-ਛਤਰਪਾਲ ਸਿੰਘ-**

ਪੰਜਾਬ ਨੇ ਬਗੈਰ ਕੋਈ ਕੱਟ ਲਗਾਏ 17,423 ਮੈਗਾਵਾਟ ਦੀ ਆਪਣੀ ਹੁਣ ਤੱਕ ਦੀ ਸਭ ਤੋਂ ਵੱਧ ਬਿਜਲੀ ਮੰਗ ਨੂੰ ਪੂਰਾ ਕੀਤਾ ਹੈ ਅਤੇ ਇਸ ਦੇ ਨਾਲ ਹੀ ਰਿਹਾਇਸ਼ੀ, ਵਪਾਰਕ, ਉਦਯੋਗਿਕ ਅਤੇ ਖੇਤੀਬਾੜੀ ਖੇਤਰਾਂ ਵਿੱਚ 24 ਘੰਟੇ ਨਿਰਵਿਘਨ ਬਿਜਲੀ ਸਪਲਾਈ ਬਹਾਲ ਰੱਖੀ ਗਈ ਹੈ। ਬਿਜਲੀ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਦੱਸਿਆ ਕਿ ਇਹ ਬੇਮਿਸਾਲ ਪ੍ਰਾਪਤੀ ਇਸ ਸਾਲ ਬਿਜਲੀ ਮੰਗ 'ਚ ਹੋਏ ਭਾਰੀ ਵਾਧੇ ਦਰਮਿਆਨ ਹਾਸਲ ਹੋਈ ਹੈ ਅਤੇ ਉਨ੍ਹਾਂ ਨੇ ਬਿਜਲੀ ਮੰਗ ਨੂੰ ਪੂਰਾ ਕਰਨ ਵਿੱਚ ਸੂਬੇ ਦੀ ਤਿਆਰੀ ਅਤੇ ਬਿਜਲੀ ਉਤਪਾਦਨ ਸਮਰੱਥਾ 'ਤੇ ਚਾਨਣਾ ਪਾਇਆ।

ਲੁਧਿਆਣਾ ਦੇ ਡਿਪਟੀ ਕਮਿਸ਼ਨਰ ਦਫ਼ਤਰ ਵਿਖੇ ਅੱਜ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਬਿਜਲੀ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ, ਬੀਤੇ ਕੱਲ੍ਹ 13 ਸਤੰਬਰ ਸਵੇਰੇ 7 ਵਜੇ ਤੋਂ ਲੈ ਕੇ ਹੁਣ ਤੱਕ ਪੰਜਾਬ ਵਿੱਚ ਬਿਜਲੀ ਦੀ ਘਾਟ ਕਾਰਨ ਕੋਈ ਵੀ ਬਿਜਲੀ ਕੱਟ ਨਹੀਂ ਲਗਾਇਆ ਗਿਆ ਹੈ। ਇਸ ਦੇ ਨਾਲ ਹੀ ਚਾਰ ਮੁੱਖ ਖੇਤਰਾਂ ਰਿਹਾਇਸ਼ੀ, ਵਪਾਰਕ, ਉਦਯੋਗਿਕ ਅਤੇ ਖੇਤੀਬਾੜੀ ਲਈ ਨਿਰੰਤਰ 24 ਘੰਟੇ ਨਿਰਵਿਘਨ ਬਿਜਲੀ ਸਪਲਾਈ ਯਕੀਨੀ ਬਣਾਈ ਗਈ ਹੈ।

ਝੋਨੇ ਦੇ ਮੌਜੂਦਾ ਸੀਜ਼ਨ ਦੌਰਾਨ ਸਰਕਾਰ ਦੀ ਪਹਿਲਕਦਮੀ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਕਿਹਾ, ਪੰਜਾਬ ਇੱਕ ਖੇਤੀਬਾੜੀ ਪ੍ਰਧਾਨ ਸੂਬਾ ਹੈ, ਇਸ ਲਈ ਸਾਡੇ ਕਿਸਾਨ ਹਮੇਸ਼ਾ ਸਾਡੀ ਪ੍ਰਮੁੱਖ ਤਰਜੀਹ ਰਹੇ ਸਨ ਅਤੇ ਹਮੇਸ਼ਾ ਰਹਿਣਗੇ। ਝੋਨੇ ਦੇ ਸੀਜ਼ਨ ਦੌਰਾਨ ਹਾਲ ਹੀ ਵਿੱਚ ਦੋ ਨਿੱਜੀ ਥਰਮਲ ਪਲਾਂਟਾਂ ਵਿੱਚ ਤਕਨੀਕੀ ਖਰਾਬੀ ਆ ਗਈ ਸੀ। ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਦੀ ਸਮੁੱਚੀ ਇਨ-ਹਾਊਸ ਟੀਮ ਨੇ ਦਿਨ-ਰਾਤ ਕੰਮ ਕਰਕੇ ਉਨ੍ਹਾਂ ਪਲਾਂਟਾਂ ਨੂੰ ਦੁਬਾਰਾ ਕਾਰਜਸ਼ੀਲ ਕੀਤਾ।

ਪਹਿਲਾਂ ਹੋਏ ਵਿਘਨ ਦੀ ਭਰਪਾਈ ਲਈ ਲਏ ਗਏ ਫੈਸਲਿਆਂ ਦਾ ਜ਼ਿਕਰ ਕਰਦਿਆਂ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਅੱਗੇ ਕਿਹਾ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਨਿਰਦੇਸ਼ ਜਾਰੀ ਕੀਤੇ ਹਨ ਕਿ 2 ਤੋਂ 3 ਘੰਟੇ ਦੇ ਬਿਜਲੀ ਕੱਟਾਂ ਦੀ ਭਰਪਾਈ ਲਈ ਪੰਜਾਬ ਸਰਕਾਰ ਬੀਤੇ ਕੱਲ੍ਹ ਤੋਂ ਸਾਡੇ ਕਿਸਾਨਾਂ ਨੂੰ ਬਿਜਲੀ ਦੀ ਦੋ ਘੰਟੇ ਵਾਧੂ ਸਪਲਾਈ ਦੇ ਰਹੀ ਹੈ।

ਉਨ੍ਹਾਂ ਕਿਹਾ ਕਿ ਇਸ ਬੇਮਿਸਾਲ ਪ੍ਰਾਪਤੀ ਦਾ ਅੰਦਾਜ਼ਾ ਇਸ ਸਾਲ ਬਿਜਲੀ ਦੀ ਮੰਗ 'ਚ ਹੋਏ ਭਾਰੀ ਵਾਧੇ ਤੋਂ ਸਾਫ਼ ਲਗਾਇਆ ਜਾ ਸਕਦਾ ਹੈ। ਉਨ੍ਹਾਂ ਕਿਹਾ, ਬੀਤੇ ਸਾਲਾਂ ਦੌਰਾਨ ਸਤੰਬਰ ਮਹੀਨੇ ਵਿੱਚ ਬਿਜਲੀ ਦੀ ਮੰਗ ਲਗਭਗ 13,100 ਮੈਗਾਵਾਟ ਰਹਿੰਦੀ ਸੀ, ਪਰ ਇਸ ਸਾਲ ਇਹ ਮੰਗ 16,600 ਮੈਗਾਵਾਟ ਤੱਕ ਪਹੁੰਚ ਗਈ। ਇਸ ਦਾ ਮਤਲਬ 3,500 ਮੈਗਾਵਾਟ ਵਾਧੂ ਬਿਜਲੀ ਮੰਗ ਸੀ। ਇਸ 3,500 ਮੈਗਾਵਾਟ ਦੀ ਵਾਧੂ ਮੰਗ ਦੇ ਬਾਵਜੂਦ, ਪੀ.ਐੱਸ.ਪੀ.ਸੀ.ਐੱਲ. (ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ) ਨੇ ਇਸ



ਚੁਣੌਤੀ ਨੂੰ ਸਫਲਤਾਪੂਰਵਕ ਨਿਪਟਾਇਆ, ਜੋ ਕਿ ਪੰਜਾਬ ਸਰਕਾਰ ਲਈ ਆਪਣੇ ਆਪ ਵਿੱਚ ਇੱਕ ਵੱਡੀ ਪ੍ਰਾਪਤੀ ਹੈ।

ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ, ਇਸ ਦੇ ਨਾਲ ਹੀ, ਮੈਂ ਪੀ.ਐੱਸ.ਪੀ.ਸੀ.ਐੱਲ. ਦੀ ਸਮੁੱਚੀ ਟੀਮ ਦੀ ਸ਼ਲਾਘਾ ਕਰਦਾ ਹਾਂ ਜਿਸ ਨੇ ਜਨਤਕ ਸ਼ਿਕਾਇਤਾਂ ਦਾ ਸਫ਼ਲਤਾਪੂਰਵਕ ਨਿਪਟਾਰਾ ਵੀ ਕੀਤਾ। ਪਿਛਲੇ ਦੋ-ਤਿੰਨ ਦਿਨਾਂ ਵਿੱਚ, ਮੈਨੂੰ ਉਦਯੋਗਪਤੀਆਂ ਅਤੇ ਕਿਸਾਨ ਯੂਨੀਅਨਾਂ ਦੇ ਨਿੱਜੀ ਫੋਨ ਆਏ ਸਨ।

ਬਿਜਲੀ ਦੇ ਹਾਲੀਆ ਸੰਕਟ ਦੇ ਕਾਰਨਾਂ ਨੂੰ ਦੁਹਰਾਉਂਦਿਆਂ ਉਨ੍ਹਾਂ ਅੱਗੇ ਕਿਹਾ, ਮੈਂ ਤਿੰਨ ਦਿਨ ਪਹਿਲਾਂ ਇੱਕ ਪ੍ਰੈੱਸ ਕਾਨਫਰੰਸ ਵਿੱਚ ਪਹਿਲਾਂ ਹੀ ਸਪੱਸ਼ਟ ਕਰ ਦਿੱਤਾ ਸੀ ਕਿ ਇਹ ਸੰਕਟ ਕੁਝ ਹੱਦ ਤੱਕ ਕੇਂਦਰ ਸਰਕਾਰ ਵੱਲੋਂ ਕੋਲੇ ਦੀ ਕੀਤੀ ਕਟੌਤੀ ਕਾਰਨ ਅਤੇ ਕੁਝ ਹੱਦ ਤੱਕ ਕੇਂਦਰ ਵੱਲੋਂ ਪੰਜਾਬ ਦਾ ਬਣਦਾ 1,000 ਮੈਗਾਵਾਟ ਬਿਜਲੀ ਦਾ ਹਿੱਸਾ ਨਾ ਦੇਣ ਕਾਰਨ ਪੈਦਾ ਹੋਇਆ ਸੀ।

ਉਨ੍ਹਾਂ ਬਿਜਲੀ ਵਿਭਾਗ ਦੇ ਮੁਲਾਜ਼ਮਾਂ ਦੀ ਚੌਵੀ ਘੰਟੇ ਕੰਮ ਕਰਨ ਲਈ ਸ਼ਲਾਘਾ ਕੀਤੀ। ਉਨ੍ਹਾਂ ਕਿਹਾ, ਉਨ੍ਹਾਂ ਨੇ ਹਰ ਸਮੇਂ ਕੰਮ ਕੀਤਾ, ਥਰਮਲ ਪਲਾਂਟਾਂ ਵਿੱਚ ਆਈਆਂ ਤਕਨੀਕੀ ਖਰਾਬੀਆਂ ਨੂੰ ਠੀਕ ਕੀਤਾ ਅਤੇ ਉਨ੍ਹਾਂ ਨੂੰ ਦੁਬਾਰਾ ਕਾਰਜਸ਼ੀਲ ਕੀਤਾ।

ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਉਸ ਨਿੱਜੀ ਪਾਵਰ ਪਲਾਂਟ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ ਜਿਸ ਤੋਂ ਪੰਜਾਬ ਬਿਜਲੀ ਖਰੀਦਦਾ ਹੈ। ਉਨ੍ਹਾਂ ਕਿਹਾ,ਇੱਕ ਨਿੱਜੀ ਪਾਵਰ ਪਲਾਂਟ ਜਿੱਥੋਂ ਰਾਜ ਬਿਜਲੀ ਖਰੀਦਦਾ ਹੈ, ਬਾਰੇ ਵੀ ਚੰਗੀ ਖ਼ਬਰ ਆਈ ਹੈ। ਇਸ ਦੀ ਯੂਨਿਟ ਕਾਰਜਸ਼ੀਲ ਹੋ ਗਈ ਹੈ ਅਤੇ ਇਸ ਤੋਂ 100 ਮੈਗਾਵਾਟ ਬਿਜਲੀ ਦੀ ਸਪਲਾਈ ਆਉਣੀ ਸ਼ੁਰੂ ਹੋ ਗਈ ਹੈ।

ਸੂਬੇ ਦੇ ਉਦਯੋਗਪਤੀਆਂ ਅਤੇ ਕਿਸਾਨਾਂ ਨੂੰ ਵਧਾਈ ਦਿੰਦਿਆਂ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ, ਗੰਭੀਰ ਸੰਕਟ ਦਾ ਸਮਾਂ ਲੰਘ ਗਿਆ ਹੈ।

ਗੁਰੂ ਅਮਰਦਾਸ ਥਰਮਲ ਪਲਾਂਟ ਖਰੀਦਣ ਦੇ ਪੰਜਾਬ ਸਰਕਾਰ ਦੇ ਫੈਸਲੇ ਦੀ ਅਹਿਮੀਅਤ 'ਤੇ ਚਾਨਣਾ ਪਾਉਂਦਿਆਂ ਮੰਤਰੀ ਨੇ ਅੱਗੇ ਕਿਹਾ, ਇਤਿਹਾਸ ਨੇ ਅੱਜ ਤੱਕ ਕਈ ਸਰਕਾਰਾਂ ਦੇਖੀਆਂ ਹਨ। ਪੰਜਾਬ ਕੋਲ 10 ਸਰਕਾਰੀ ਥਰਮਲ ਯੂਨਿਟ ਹਨ, ਜਿਨ੍ਹਾਂ ਵਿੱਚੋਂ ਗੁਰੂ ਅਮਰਦਾਸ ਥਰਮਲ ਪਲਾਂਟ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਪੰਜਾਬ ਸਰਕਾਰ ਵੱਲੋਂ ਖਰੀਦਿਆ ਗਿਆ ਸੀ।

ਉਨ੍ਹਾਂ ਅੱਗੇ ਕਿਹਾ, ਜੇਕਰ ਸਰਕਾਰ ਨੇ ਇਹ ਥਰਮਲ ਪਲਾਂਟ ਨਾ ਖਰੀਦਿਆ ਹੁੰਦਾ ਤਾਂ ਅੱਜ ਬਿਜਲੀ ਦੀ ਸਥਿਤੀ ਬੇਹੱਦ ਗੰਭੀਰ ਹੋਣੀ ਸੀ। ਉਨ੍ਹਾਂ ਅੱਗੇ ਕਿਹਾ, ਪੰਜਾਬ ਸਰਕਾਰ ਪੂਰੀ ਸਮਰਥਾ ਨਾਲ ਕੰਮ ਕਰ ਰਹੀ ਹੈ ਕਿ ਅਤੇ ਇਸ ਨੇ ਇਸ ਸੀਜ਼ਨ ਵਿੱਚ 17,000 ਮੈਗਾਵਾਟ ਦੀ ਵੱਡੀ ਮੰਗ ਨੂੰ ਪੂਰਾ ਕੀਤਾ ਹੈ।

ਸੂਬੇ ਵੱਲੋਂ ਹੁਣ ਰਿਕਾਰਡ 17,423 ਮੈਗਾਵਾਟ ਮੰਗ ਪੂਰੀ ਕਰਨ ਦੇ ਨਾਲ ਹੀ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ, ਸਾਰੀਆਂ 10 ਥਰਮਲ ਯੂਨਿਟਾਂ ਪੂਰੀ ਸਮਰੱਥਾ ਨਾਲ ਕੰਮ ਕਰ ਰਹੀਆਂ ਹਨ। ਸਰਕਾਰ ਦੇ ਬਿਜਲੀ ਰਾਹਤ ਉਪਾਵਾਂ 'ਤੇ ਚਾਨਣਾ ਪਾਉਂਦਿਆਂ ਉਨ੍ਹਾਂ ਅੱਗੇ ਕਿਹਾ, ਸੂਬਾ ਵਾਸੀ ਬਹੁਤ ਖੁਸ਼ ਹੈ ਕਿਉਂਕਿ 90 ਫੀਸਦ ਲੋਕਾਂ ਦੇ ਬਿਜਲੀ ਬਿੱਲ ਜ਼ੀਰੋ ਆ ਰਹੇ ਹਨ।

ਇਸ ਮੌਕੇ ਵਿਧਾਇਕ ਚੌਧਰੀ ਮਦਨ ਲਾਲ ਬੱਗਾ ਅਤੇ ਵਿਧਾਇਕਾ ਰਜਿੰਦਰਪਾਲ ਕੌਰ ਛੀਨਾ ਵੀ ਹਾਜ਼ਰ ਸਨ।

14 ਫੀਸਦ ਵਾਧੇ ਨਾਲ ਪੰਜਾਬ ਵਿੱਚ ਬਿਜਲੀ ਦੀ ਮੰਗ ਰਿਕਾਰਡ ਪੱਧਰ 'ਤੇ ਪਹੁੰਚੀ

ਅਧਿਕਾਰਤ ਮਹੀਨੇਵਾਰ ਅੰਕੜਿਆਂ ਅਨੁਸਾਰ, ਪੰਜਾਬ ਦੀ ਪੂਰੀ ਕੀਤੀ ਗਈ ਵੱਧ ਤੋਂ ਵੱਧ ਮੰਗ ਅਪ੍ਰੈਲ 2026 ਵਿੱਚ 12,025 ਮੈਗਾਵਾਟ ਤੋਂ ਵੱਧ ਕੇ ਜੁਲਾਈ 2026 ਵਿੱਚ 17,277 ਮੈਗਾਵਾਟ ਹੋ ਗਈ, ਜਦੋਂ ਕਿ ਸਤੰਬਰ ਦੀ ਵੱਧ ਤੋਂ ਵੱਧ ਮੰਗ 13 ਸਤੰਬਰ ਤੱਕ 16,598 ਮੈਗਾਵਾਟ ਤੱਕ ਪਹੁੰਚ ਚੁੱਕੀ ਸੀ, ਜੋ ਪਿਛਲੇ ਸਾਲ ਦੀ ਇਸੇ ਮਿਆਦ ਦੌਰਾਨ 13,127 ਮੈਗਾਵਾਟ ਸੀ, ਜੋ ਕਿ 26 ਫੀਸਦ ਵਾਧਾ ਦਰਸਾਉਂਦੀ ਹੈ। ਅਪ੍ਰੈਲ ਤੋਂ ਸਤੰਬਰ ਦੌਰਾਨ ਦਰਜ ਕੀਤਾ ਗਿਆ 17,423 ਮੈਗਾਵਾਟ ਦਾ ਸਿਖਰਲ ਪੱਧਰ ਪਿਛਲੇ 17,277 ਮੈਗਾਵਾਟ ਦੇ ਸਿਖਰਲੇ ਪੱਧਰ ਨਾਲੋਂ 146 ਮੈਗਾਵਾਟ ਵੱਧ ਹੈ।

ਇਹ ਅੰਕੜੇ ਕੁੱਲ ਬਿਜਲੀ ਖਪਤ ਵਿੱਚ ਭਾਰੀ ਵਾਧਾ ਦਰਸਾਉਂਦੇ ਹਨ। ਅਪ੍ਰੈਲ ਤੋਂ 13 ਸਤੰਬਰ ਤੱਕ, ਪੰਜਾਬ ਵਿੱਚ ਬਿਜਲੀ ਦੀ ਖਪਤ 46,696 ਮਿਲੀਅਨ ਯੂਨਿਟ (ਐੱਮ.ਯੂ.) ਦਰਜ ਕੀਤੀ ਗਈ, ਜੋ ਪਿਛਲੇ ਸਾਲ ਦੀ ਇਸੇ ਮਿਆਦ ਦੌਰਾਨ 41,072 ਐੱਮ.ਯੂ.ਸੀ, ਜਿਸ ਵਿੱਚ 14 ਫੀਸਦ ਵਾਧਾ ਹੋਇਆ ਹੈ। ਜੁਲਾਈ ਦੀ ਖਪਤ 15 ਫੀਸਦ ਵੱਧ ਕੇ 9,362 ਐੱਮ.ਯੂ. ਤੋਂ 10,765 ਐੱਮ.ਯੂ. ਹੋ ਗਈ, ਜਦੋਂ ਕਿ ਅਗਸਤ ਦੀ ਖਪਤ 25 ਫੀਸਦ ਵੱਧ ਕੇ 8,265 ਐੱਮ.ਯੂ. ਤੋਂ ਵੱਧ ਕੇ 10,340 ਐੱਮ.ਯੂ. ਹੋ ਗਈ। ਸਤੰਬਰ ਮਹੀਨੇ ਦੌਰਾਨ 13 ਸਤੰਬਰ ਤੱਕ ਬਿਜਲੀ ਖਪਤ 4,237 ਐੱਮ.ਯੂ. ਰਹੀ, ਜੋ ਪਿਛਲੇ ਸਾਲ ਦੀ ਇਸੇ ਮਿਆਦ ਦੌਰਾਨ 2,478 ਐੱਮ.ਯੂ. ਸੀ, ਜੋ 71 ਫੀਸਦ ਵਾਧਾ ਦਰਸਾਉਂਦੀ ਹੈ।

## ਰਵਿਦਾਸ ਮਹਾਰਾਜ ਜੀ ਦੇ ਮਿਸ਼ਨ ਨੂੰ ਘਰ-ਘਰ ਪਹੁੰਚਾਉਣ ਲਈ ਮੀਟਿੰਗਾਂ ਦਾ ਆਯੋਜਨ



**ਮਾਛੀਵਾੜਾ ਸਾਹਿਬ, 15 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮਾਛੀਵਾੜਾ ਸਾਹਿਬ ਇਲਾਕੇ ਦੇ ਪਿੰਡਾਂ ਵਿੱਚ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਮਿਸ਼ਨ ਨੂੰ ਘਰ-ਘਰ ਪਹੁੰਚਾਉਣ ਅਤੇ ਸੰਗਠਨ ਦੇ ਵਿਸਥਾਰ ਨੂੰ ਲੈ ਕੇ ਅਖਿਲ ਭਾਰਤੀ ਰਵਿਦਾਸੀਆ ਧਰਮ ਸੰਗਠਨ (ਏਰੀਆ ਮਾਛੀਵਾੜਾ) ਵੱਲੋਂ ਪਿਛਲੇ ਕਈ ਦਿਨਾਂ ਤੋਂ ਪਿੰਡਾਂ ਵਿੱਚ ਮੀਟਿੰਗਾਂ ਦਾ ਦੌਰ ਜਾਰੀ ਹੈ ।

ਬੀਤੇ ਦਿਨ ਇਲਾਕੇ ਦੇ ਪਿੰਡਾਂ ਵਿੱਚ ਅਹਿਮ ਮੀਟਿੰਗਾਂ ਦਾ ਸਫਲ ਆਯੋਜਨ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੰਗਠਨ ਦੇ ਮਾਛੀਵਾੜਾ ਏਰੀਆ ਦੇ ਮੁੱਖ ਆਗੂ ਪਰਮਿੰਦਰ ਰੱਲ ਨੇ ਦੱਸਿਆ ਕਿ ਸੰਗਠਨ ਵੱਲੋਂ ਸਵੇਰੇ 8 ਵਜੇ ਤੋਂ ਲੈ ਕੇ ਦੇਰ ਸ਼ਾਮ ਤੱਕ ਲਗਾਤਾਰ ਮੀਟਿੰਗਾਂ ਕੀਤੀਆਂ ਗਈਆਂ, ਜਿਨਾਂ ਵਿੱਚ ਵੱਡੀ ਗਿਣਤੀ ਵਿੱਚ ਲੋਕ ਜਿੱਥੇ ਇਹਨਾਂ ਮੀਟਿੰਗਾਂ ਵਿੱਚ ਸ਼ਾਮਿਲ ਹੋ ਰਹੇ ਹਨ ਉੱਥੇ ਹੀ ਸੰਗਠਨ ਦੇ ਮੈਂਬਰ ਵੀ ਬਣ ਰਹੇ ਹਨ॥

ਉਨ੍ਹਾਂ ਦੱਸਿਆ ਕਿ ਪਿੰਡ ਖੇੜਾ, ਬੁਰਜ, ਸੈਂਸਵਾਲ ਕਲਾ, ਚੱਕੀ, ਕਾਲਸਾਂ, ਲੱਖੋਵਾਲ , ਵਿਖੇ ਸਵੇਰੇ 8 ਵਜੇ ਤੋਂ ਦੇਰ ਰਾਤ ਤੱਕ ਸੰਗਤਾਂ ਨਾਲ ਵਿਚਾਰ ਵਟਾਂਦਰਾ ਕੀਤਾ ਗਿਆ।

ਮੀਟਿੰਗਾਂ ਦੌਰਾਨ ਸੰਗਠਨ ਨੂੰ ਮਜ਼ਬੂਤ ਕਰਨ ਅਤੇ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਦਰਸਾਏ ਹੋਏ ਮਾਰਗ 'ਤੇ ਚੱਲਦਿਆਂ ਸਮਾਜ ਭਲਾਈ ਦੇ ਕਾਰਜ ਕਰਨ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ। ਇਸ ਮੌਕੇ ਵੱਡੀ ਗਿਣਤੀ ਵਿੱਚ ਨੌਜਵਾਨ ਵੀਰ ਅਤੇ ਬੀਬੀਆਂ ਸੰਗਠਨ ਨਾਲ ਜੁੜੇ, ਜਿਨ੍ਹਾਂ ਨੂੰ ਮੌਕੇ 'ਤੇ ਹੀ ਸੰਗਠਨ ਵੱਲੋਂ ਪਹਿਚਾਣ ਪੱਤਰ ਵੰਡੇ ਗਏ। ਉਹਨਾਂ ਨੇ ਕਿਹਾ ਕਿ ਸੰਗਠਨ ਦਾ ਮੁੱਖ ਮਕਸਦ ਸਰਬੱਤ ਦੇ ਭਲੇ ਲਈ ਕੰਮ ਕਰਨਾ ਅਤੇ ਸ਼੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਬਾਣੀ ਨੂੰ ਹਰ ਘਰ ਤੱਕ ਪਹੁੰਚਾਉਣਾ ਹੈ।

ਉਨ੍ਹਾਂ ਸਮੂਹ ਸੰਗਤ ਦਾ ਸਹਿਯੋਗ ਦੇਣ ਲਈ ਧੰਨਵਾਦ ਵੀ ਕੀਤਾ। ਇਸ ਮੌਕੇ ਉਹਨਾਂ ਨਾਲ ਦਲਵੀਰ ਚੰਦ ਮਿੱਠੇਵਾਲ, ਹਰਮੇਸ਼ ਕੁਮਾਰ, ਰਵਿੰਦਰ ਰਾਜੂ ਵੀ ਮੌਜੂਦ ਸਨ।

## ਟੈਕਨੀਕਲ ਸਰਵਿਸਿਜ਼ ਯੂਨੀਅਨ ਸਰਕਲ ਪਟਿਆਲਾ ਦੇ ਸੁਖਦੇਵ ਸਿੰਘ ਚੁਣੇ ਗਏ ਪ੍ਰਧਾਨ



**ਪਟਿਆਲਾ, 15 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਟੈਕਨੀਕਲ ਸਰਵਿਸਿਜ਼ ਯੂਨੀਅਨ ਰਜਿ: 49 ਸਰਕਲ ਪਟਿਆਲਾ ਕਮੇਟੀ ਦੀ ਚੋਣ ਸੂਬਾ ਪ੍ਰਧਾਨ ਕੁਲਵਿੰਦਰ ਸਿੰਘ ਢਿੱਲੋਂ ਜੀ ਦੀ ਅਗਵਾਈ ਹੇਠ ਹੋਈ , ਜਿਸ ਵਿੱਚ ਪ੍ਰਧਾਨ ਸੁਖਦੇਵ ਸਿੰਘ ਰਾਠੌਰ, ਸੀਨੀਅਰ ਮੀਤ ਪ੍ਰਧਾਨ ਯਾਦਵਿੰਦਰ ਸਿੰਘ ਸਮਾਣਾ, ਮੀਤ ਪ੍ਰਧਾਨ ਉੱਤਮ ਸਿੰਘ ਨਾਭਾ, ਸਕੱਤਰ ਸੰਗਤ ਸਿੰਘ ਘਨੌਰ, ਸਹਾਇਕ ਸਕੱਤਰ ਸੁਖਵਿੰਦਰ ਸਿੰਘ, ਕੈਸ਼ੀਅਰ ਕੁਲਵਿੰਦਰ ਸਿੰਘ ਪਟਿਆਲਾ, ਪ੍ਰੈਸ ਸਕੱਤਰ ਗੁਰਵਿੰਦਰ ਸਿੰਘ ਸਮਾਣਾ ਦੀ ਨਵੀਂ ਚੁਣੀ ਗਈ ਕਮੇਟੀ, ਚੋਣ ਅਜਲਾਸ ਵਿਚ ਸਰਕਲ ਪਟਿਆਲਾ ਦੇ ਅੰਦਰ ਆਉਦੀਆ ਸਮੂਹ ਡਵੀਜਨਾਂ ਸਬ ਡਵੀਜ਼ਨਾ ਦੇ ਪ੍ਰਧਾਨ ਸਕੱਤਰਾ ਨੇ ਹਿੱਸਾ ਲਿਆ ਅਤੇ ਸਾਰੇ ਪ੍ਰਧਾਨ ਸਕੱਤਰਾ ਨੇ ਟੈਕਨੀਕਲ ਸਰਵਿਸਿਜ਼ ਯੂਨੀਅਨ ਦੇ ਸਿਧਾਂਤਾ ਅਨੁਸਾਰ ਜਥੇਬੰਦੀ ਦੇ ਹਰ ਇਕ ਮੈਂਬਰ ਨੂੰ ਆਪੋ ਆਪਣੇ ਵਿਚਾਰ ਸਾਂਝੇ ਕਰਨ ਦਾ ਪੂਰਾ ਅਧਿਕਾਰ ਹੈ ਜਿਸ ਸਦਕਾ ਹਰ ਇਕ ਪ੍ਰਧਾਨ ਸਕੱਤਰ ਨੇ ਆਪੋ ਆਪਣੇ ਵਿਚਾਰ ਪੇਸ਼ ਕੀਤੇ, ਚੋਣ ਟੈਕਨੀਕਲ ਸਰਵਿਸਿਜ਼ ਯੂਨੀਅਨ ਰਜਿ:49 ਦੇ ਸਿਧਾਂਤਾਂ ਅਨੁਸਾਰ ਬਹੁਤ ਹੀ ਵਧੀਆ ਢੰਗ ਨਾਲ ਹੋਈ , ਨਵੀਂ ਚੁਣੀ ਗਈ ਕਮੇਟੀ ਵੱਲੋਂ ਵਿਸ਼ਵਾਸ਼ ਦਵਾਇਆ ਗਿਆ ਕਿ ਜਥਬੰਦੀ ਦੇ ਸਿਧਾਂਤਾਂ ਮੁਤਾਬਿਕ ਜਥੇਬੰਦੀ ਵਿੱਚ ਮੇਹਨਤ ਅਤੇ ਲਗਨ ਨਾਲ਼ ਕੰਮ ਕਰਨਗੇ ਅਤੇ ਟੈਕਨੀਕਲ ਸਰਵਿਸਿਜ਼ ਯੂਨੀਅਨ ਦੇ ਹਰ ਇਕ ਮੈਂਬਰ ਨਾਲ ਕਮੇਟੀ ਹਰ ਵੇਲੇ ਨਾਲ ਖੜੀ ਹੈ, ਚੋਣ ਅਜਲਾਸ ਵਿਚ ਕੁਲਵਿੰਦਰ ਸਿੰਘ ਢਿੱਲੋਂ ਸੂਬਾ ਪ੍ਰਧਾਨ, ਪਰਦੀਪ ਕੁਮਾਰ ਸੂਬਾ ਕੈਸ਼ੀਅਰ, ਦੱਖਣ ਜੋਨ ਪ੍ਰਧਾਨ ਕੁਲਦੀਪ ਸਿੰਘ ਚੌਹਾਨ, ਮੀਤ ਪ੍ਰਧਾਨ ਰਾਜਵੀਰ ਸਿੰਘ, ਸੰਤ ਰਾਮ ਚੀਮਾਂ ਆਗੂ ਪੇਨਸ਼ਨਰ ਐਸੋਸੀਏਸ਼ਨ ਪੰਜਾਬ, ਪ੍ਰਬੋਧ ਕੌਸ਼ਲ, ਸਾਬਕਾ ਸਕੱਤਰ ਦੱਖਣ ਜੋਨ, ਰਾਮ ਚੰਦ ਆਦਿ ਹਾਜ਼ਰ ਸਨ।

# ਪੰਜਾਬ ਯੂਥ ਰਨ ਨੇ ਮੇਅਰ ਪਦਮਜੀਤ ਸਿੰਘ ਮਹਿਤਾ ਦੀ ਅਗਵਾਈ ਵਿੱਚ ਬਠਿੰਡਾ 'ਚ ਰਚਿਆ ਇਤਿਹਾਸ

## ➢5 ਕਿਲੋਮੀਟਰ ਦੌੜਿਆ ਬਠਿੰਡਾ, 25 ਹਜ਼ਾਰ ਤੋਂ ਵੱਧ ਲੋਕਾਂ ਨੇ ਲਿਆ ਹਿੱਸਾ ➢ ਨਸ਼ਿਆਂ ਖ਼ਿਲਾਫ਼ ਜੰਗ ਵਿੱਚ ਬਠਿੰਡਾ ਨੇ ਭਰੀ ਹੁੰਕਾਰ, ਨੌਜਵਾਨਾਂ ਤੋਂ ਲੈ ਕੇ ਬਜ਼ੁਰਗਾਂ ਤੱਕ ਨੇ ਦੌੜ ਕੇ ਦਿੱਤਾ ਸਿਹਤਮੰਦ ਪੰਜਾਬ ਦਾ ਸੰਦੇਸ਼

**ਬਠਿੰਡਾ, 15 ਸਤੰਬਰ**
**-ਗੁਰਤੇਜ ਅਤਲਾ-**

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਨੂੰ ਨਸ਼ਾ ਮੁਕਤ ਅਤੇ ਖੇਡਾਂ ਨਾਲ ਜੋੜਨ ਲਈ ਚਲਾਈ ਜਾ ਰਹੀ ਮੁਹਿੰਮ ਨੂੰ ਉਸ ਸਮੇਂ ਵੱਡੀ ਮਜ਼ਬੂਤੀ ਮਿਲੀ, ਜਦੋਂ ਬਠਿੰਡਾ ਦੇ ਮੇਅਰ ਸ੍ਰੀ ਪਦਮਜੀਤ ਸਿੰਘ ਮਹਿਤਾ ਦੀ ਅਗਵਾਈ ਵਿੱਚ ਕਰਵਾਈ ਗਈ 'ਪੰਜਾਬ ਯੂਥ ਰਨ' ਵਿੱਚ 25 ਹਜ਼ਾਰ ਤੋਂ ਵੱਧ ਲੋਕਾਂ ਨੇ ਇੱਕੋ ਸਮੇਂ ਦੌੜ ਕੇ ਇਤਿਹਾਸ ਰਚ ਦਿੱਤਾ। 5 ਕਿਲੋਮੀਟਰ ਲੰਬੀ ਇਸ ਮੈਰਾਥਨ ਦੌਰਾਨ ਸ਼ਹਿਰ ਦੀਆਂ ਸੜਕਾਂ 'ਤੇ ਅਜਿਹਾ ਜਨਸੈਲਾਬ ਉਮੜਿਆ ਕਿ ਬਠਿੰਡਾ ਪੂਰੀ ਤਰ੍ਹਾਂ 'ਨਸ਼ਾ ਮੁਕਤ ਪੰਜਾਬ, ਸਿਹਤਮੰਦ ਪੰਜਾਬ ਅਤੇ ਖੇਡਦਾ ਪੰਜਾਬ' ਦੇ ਸੰਦੇਸ਼ ਨਾਲ ਰੰਗਿਆ ਨਜ਼ਰ ਆਇਆ।

ਪੰਜਾਬ ਕ੍ਰਿਕਟ ਐਸੋਸੀਏਸ਼ਨ ਦੇ ਪ੍ਰਧਾਨ ਸ੍ਰੀ ਅਮਰਜੀਤ ਮਹਿਤਾ ਅਤੇ ਬਠਿੰਡਾ ਦੇ ਮੇਅਰ ਸ੍ਰੀ ਪਦਮਜੀਤ ਸਿੰਘ ਮਹਿਤਾ ਦੀ ਅਗਵਾਈ ਵਿੱਚ ਕਰਵਾਈ ਗਈ ਇਸ ਦੌੜ ਵਿੱਚ ਬੱਚਿਆਂ, ਨੌਜਵਾਨਾਂ, ਲੜਕੀਆਂ, ਮਹਿਲਾਵਾਂ ਅਤੇ ਬਜ਼ੁਰਗਾਂ ਸਮੇਤ ਹਰ ਉਮਰ ਵਰਗ ਦੇ ਲੋਕਾਂ ਨੇ ਬੜੇ ਉਤਸ਼ਾਹ ਨਾਲ ਹਿੱਸਾ ਲਿਆ।

ਮੁੱਖ ਮਹਿਮਾਨ ਵਜੋਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਓਐਸਡੀ ਸ. ਰਾਜਬੀਰ ਸਿੰਘ ਘੁੰਮਣ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਮੌਕੇ ਡਾਇਟੀਸ਼ੀਅਨ ਸ. ਅੰਮ੍ਰਿਤ ਦਿਓਲ, 'ਆਪ' ਦੇ ਬਠਿੰਡਾ ਅਤੇ ਮਾਨਸਾ ਜ਼ਿਲ੍ਹਿਆਂ ਦੇ ਪ੍ਰਧਾਨ, ਕੌਂਸਲਰ, ਚੇਅਰਮੈਨ, ਪਾਰਟੀ ਦੇ ਵੱਖ-ਵੱਖ ਵਿੰਗਾਂ ਦੇ ਅਹੁਦੇਦਾਰਾਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਅਤੇ ਸ਼ਹਿਰ ਵਾਸੀ ਮੌਜੂਦ ਸਨ।

ਇਸ ਮੌਕੇ ਪੀਸੀਏ ਪ੍ਰਧਾਨ ਸ੍ਰੀ ਅਮਰਜੀਤ ਮਹਿਤਾ ਅਤੇ ਮੇਅਰ ਸ੍ਰੀ ਪਦਮਜੀਤ ਸਿੰਘ ਮਹਿਤਾ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਤੇਜ਼ੀ ਨਾਲ ਸਕਾਰਾਤਮਕ ਬਦਲਾਅ ਵੱਲ ਵੱਧ ਰਿਹਾ ਹੈ। ਉਨ੍ਹਾਂ ਕਿਹਾ ਕਿ ਹੁਣ ਪੰਜਾਬ ਦੀ ਪਛਾਣ 'ਉੱਡਦਾ ਪੰਜਾਬ' ਵਜੋਂ ਨਹੀਂ, ਸਗੋਂ 'ਪੜ੍ਹਦਾ ਪੰਜਾਬ ਅਤੇ ਖੇਡਦਾ ਪੰਜਾਬ' ਵਜੋਂ ਬਣ ਰਹੀ ਹੈ।

ਉਨ੍ਹਾਂ ਕਿਹਾ ਕਿ ਬਠਿੰਡਾ ਦੇ ਲੋਕਾਂ ਨੇ ਅੱਜ ਇਤਿਹਾਸ ਰਚ ਦਿੱਤਾ ਹੈ। ਹਜ਼ਾਰਾਂ ਦੀ ਗਿਣਤੀ ਵਿੱਚ ਨੌਜਵਾਨ ਲੜਕੇ-ਲੜਕੀਆਂ ਸਮੇਤ ਹਰ ਉਮਰ ਵਰਗ ਦੇ ਲੋਕਾਂ ਨੇ ਮੈਰਾਥਨ ਵਿੱਚ ਹਿੱਸਾ ਲੈ ਕੇ ਇਹ ਸਾਬਤ ਕਰ ਦਿੱਤਾ ਹੈ ਕਿ ਪੰਜਾਬ ਦਾ ਸਮਾਜ ਆਪਣੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖ ਕੇ ਖੇਡਾਂ ਅਤੇ ਸਿਹਤਮੰਦ ਜੀਵਨ ਵੱਲ ਲਿਜਾਣ ਲਈ ਪੂਰੀ ਤਰ੍ਹਾਂ ਤਿਆਰ ਹੈ।

ਉਨ੍ਹਾਂ ਕਿਹਾ ਕਿ 'ਪੰਜਾਬ ਯੂਥ ਰਨ' ਸਿਰਫ਼ ਇੱਕ ਦੌੜ ਨਹੀਂ, ਸਗੋਂ ਨਸ਼ਿਆਂ ਖ਼ਿਲਾਫ਼ ਪੰਜਾਬ ਦੀ ਸਮੂਹਿਕ ਲੜਾਈ ਦਾ ਸੰਕਲਪ ਹੈ। ਬਠਿੰਡਾ ਦੇ ਲੋਕਾਂ ਨੇ ਜਿਸ ਉਤਸ਼ਾਹ ਨਾਲ ਇਸ ਵਿੱਚ ਹਿੱਸਾ



ਲਿਆ ਹੈ, ਉਹ 'ਰੰਗਲਾ ਪੰਜਾਬ' ਦੀ ਦਿਸ਼ਾ ਵੱਲ ਇੱਕ ਮਜ਼ਬੂਤ ਕਦਮ ਹੈ।

ਨਸ਼ਿਆਂ ਖ਼ਿਲਾਫ਼ ਮੁਹਿੰਮ ਵਿੱਚ ਨੌਜਵਾਨਾਂ ਨੂੰ ਖੇਡਾਂ ਨਾਲ ਜੋੜ ਰਹੀ ਸਰਕਾਰ : ਰਾਜਬੀਰ ਘੁੰਮਣ

ਮੁੱਖ ਮਹਿਮਾਨ ਸ. ਰਾਜਬੀਰ ਸਿੰਘ ਘੁੰਮਣ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਕਰਕੇ ਖੇਡਾਂ ਨਾਲ ਜੋੜਿਆ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਖੇਡਾਂ ਨੌਜਵਾਨਾਂ ਦੀ ਊਰਜਾ ਨੂੰ ਸਕਾਰਾਤਮਕ ਦਿਸ਼ਾ ਦੇਣ ਦਾ ਸਭ ਤੋਂ ਵਧੀਆ ਸਾਧਨ ਹਨ। 'ਪੰਜਾਬ ਯੂਥ ਰਨ' ਵਿੱਚ 25 ਹਜ਼ਾਰ ਤੋਂ ਵੱਧ ਲੋਕਾਂ ਦੀ ਸ਼ਮੂਲੀਅਤ ਇਸ ਗੱਲ ਦਾ ਸਬੂਤ ਹੈ ਕਿ ਪੰਜਾਬ ਦਾ ਨੌਜਵਾਨ ਨਸ਼ਿਆਂ ਦੀ ਬਜਾਏ ਖੇਡਾਂ, ਸਿਹਤ, ਸਿੱਖਿਆ ਅਤੇ ਤਰੱਕੀ ਦੀ ਰਾਹ ਚੁਣਨਾ ਚਾਹੁੰਦਾ ਹੈ।

ਘੁੰਮਣ ਨੇ ਸ੍ਰੀ ਅਮਰਜੀਤ ਮਹਿਤਾ, ਮੇਅਰ ਸ੍ਰੀ ਪਦਮਜੀਤ ਸਿੰਘ ਮਹਿਤਾ ਅਤੇ ਉਨ੍ਹਾਂ ਦੀ ਟੀਮ ਦੀ ਅਗਵਾਈ ਵਿੱਚ ਮੈਰਾਥਨ ਵਿੱਚ ਪਹੁੰਚੇ ਹਜ਼ਾਰਾਂ ਲੋਕਾਂ ਦੀ ਸ਼ਮੂਲੀਅਤ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਬਠਿੰਡਾ ਨੇ 'ਰੰਗਲਾ ਪੰਜਾਬ' ਬਣਾਉਣ ਦੀ ਦਿਸ਼ਾ ਵਿੱਚ ਇੱਕ ਪ੍ਰੇਰਨਾਦਾਇਕ ਮਿਸਾਲ ਪੇਸ਼ ਕੀਤੀ ਹੈ।

ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਉਨ੍ਹਾਂ ਨੂੰ ਖੇਡਾਂ ਨਾਲ ਜੋੜਨਾ ਬੇਹੱਦ ਜ਼ਰੂਰੀ ਹੈ। 'ਪੰਜਾਬ ਯੂਥ ਰਨ' ਵਰਗੇ ਆਯੋਜਨ ਨੌਜਵਾਨਾਂ ਵਿੱਚ ਸਕਾਰਾਤਮਕ ਊਰਜਾ ਪੈਦਾ ਕਰਦੇ ਹਨ ਅਤੇ ਸਮਾਜ ਨੂੰ ਨਵੀਂ ਦਿਸ਼ਾ ਦਿੰਦੇ ਹਨ।

ਮੈਰਾਥਨ ਨੂੰ ਸਫਲ ਬਣਾਉਣ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਅਤੇ ਪੁਲਿਸ ਪ੍ਰਸ਼ਾਸਨ ਦੀ ਵੀ ਅਹਿਮ ਭੂਮਿਕਾ ਰਹੀ। ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਅਤੇ ਸੀਨੀਅਰ ਪੁਲਿਸ ਕਪਤਾਨ ਸ੍ਰੀ ਸੁਹੇਲ ਕਾਸਿਮ ਮੀਰ ਸਮੇਤ ਪੂਰੇ ਪ੍ਰਸ਼ਾਸਨਿਕ ਅਮਲੇ ਵੱਲੋਂ ਸੁਰੱਖਿਆ, ਟ੍ਰੈਫਿਕ, ਰੂਟ ਪ੍ਰਬੰਧਨ, ਪੀਣ ਵਾਲੇ ਪਾਣੀ ਅਤੇ ਹੋਰ ਲੋੜੀਂਦੇ ਪ੍ਰਬੰਧਾਂ ਨੂੰ ਸੁਚਾਰੂ ਢੰਗ ਨਾਲ ਯਕੀਨੀ ਬਣਾਇਆ ਗਿਆ ਸੀ।

ਹਜ਼ਾਰਾਂ ਲੋਕਾਂ ਦੀ ਮੌਜੂਦਗੀ ਦੇ ਬਾਵਜੂਦ ਸਮਾਗਮ ਨੂੰ ਪੂਰੀ ਤਰ੍ਹਾਂ ਵਿਵਸਥਿਤ ਢੰਗ ਨਾਲ ਸੰਪੰਨ ਕਰਵਾਇਆ ਗਿਆ। ਪ੍ਰਸ਼ਾਸਨ ਅਤੇ ਪੁਲਿਸ ਦੀਆਂ ਟੀਮਾਂ ਦੀ ਬਿਹਤਰ ਕਾਰਗੁਜ਼ਾਰੀ ਸਦਕਾ ਦੌੜਾਕਾਂ ਨੇ ਪੂਰੇ ਉਤਸ਼ਾਹ ਨਾਲ ਮੈਰਾਥਨ ਵਿੱਚ ਹਿੱਸਾ ਲਿਆ। ਮੈਰਾਥਨ ਵਿੱਚ ਸ਼ਾਮਲ ਹੋਣ ਵਾਲੇ ਭਾਗੀਦਾਰਾਂ ਨੂੰ ਟੀ-ਸ਼ਰਟਾਂ ਅਤੇ ਮੈਡਲ ਪ੍ਰਦਾਨ ਕੀਤੇ ਗਏ। ਇਸ ਦੇ ਨਾਲ ਹੀ ਉਨ੍ਹਾਂ ਲਈ ਰਿਫਰੈਸ਼ਮੈਂਟ ਦਾ ਵੀ ਪ੍ਰਬੰਧ ਕੀਤਾ ਗਿਆ। ਕੈਸ਼ ਰਜਿਸਟ੍ਰੇਸ਼ਨ ਵਾਲੇ ਭਾਗੀਦਾਰਾਂ ਵਿੱਚ ਪੁਰਸ਼, ਮਹਿਲਾ, ਅੰਡਰ-19, 19 ਤੋਂ 35 ਸਾਲ, 35 ਤੋਂ 50 ਸਾਲ ਅਤੇ 50 ਸਾਲ ਤੋਂ ਵੱਧ ਉਮਰ ਵਰਗ ਦੇ ਜੇਤੂਆਂ ਨੂੰ ਚੈੱਕ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ।

ਮੇਅਰ ਸ੍ਰੀ ਮਹਿਤਾ ਨੇ ਕਿਹਾ ਕਿ 'ਪੰਜਾਬ ਯੂਥ ਰਨ' ਦੌਰਾਨ ਬਠਿੰਡਾ ਦੀਆਂ ਸੜਕਾਂ 'ਤੇ ਉਮੜਿਆ ਜਨਸੈਲਾਬ ਸ਼ਹਿਰ ਲਈ ਇੱਕ ਯਾਦਗਾਰ ਦ੍ਰਿਸ਼ ਬਣ ਗਿਆ। ਹਜ਼ਾਰਾਂ ਨੌਜਵਾਨਾਂ ਅਤੇ ਨਾਗਰਿਕਾਂ ਨੇ ਦੌੜ ਵਿੱਚ ਸ਼ਾਮਲ ਹੋ ਕੇ ਨਸ਼ਿਆਂ ਖ਼ਿਲਾਫ਼ ਆਪਣੀ ਵਚਨਬੱਧਤਾ ਦਾ ਪ੍ਰਗਟਾਵਾ ਕੀਤਾ।

ਉਨ੍ਹਾਂ ਕਿਹਾ ਕਿ ਇਸ ਆਯੋਜਨ ਨੇ ਇਹ ਸੰਦੇਸ਼ ਦਿੱਤਾ ਹੈ ਕਿ ਪੰਜਾਬ ਦਾ ਨੌਜਵਾਨ ਨਸ਼ਿਆਂ ਦੀ ਗ੍ਰਿਫ਼ਤ ਵਿੱਚ ਨਹੀਂ, ਸਗੋਂ ਖੇਡਾਂ ਦੇ ਮੈਦਾਨ ਵਿੱਚ ਆਪਣੀ ਪਛਾਣ ਬਣਾਉਣ ਲਈ ਤਿਆਰ ਹੈ। ਬਠਿੰਡਾ ਦੀ ਇਹ ਇਤਿਹਾਸਕ ਦੌੜ ਨਸ਼ਾ ਮੁਕਤ, ਸਿਹਤਮੰਦ ਅਤੇ ਖੇਡਾਂ ਨੂੰ ਸਮਰਪਿਤ ਪੰਜਾਬ ਦੇ ਨਿਰਮਾਣ ਦੀ ਦਿਸ਼ਾ ਵਿੱਚ ਇੱਕ ਮਜ਼ਬੂਤ ਕਦਮ ਬਣ ਕੇ ਸਾਹਮਣੇ ਆਈ ਹੈ।

ਇਸ ਮੌਕੇ ਮਾਰਕਫੈਡ ਦੇ ਚੇਅਰਮੈਨ ਇੰਦਰਜੀਤ ਸਿੰਘ ਮਾਨ, ਚੇਅਰਮੈਨ ਨਗਰ ਸੁਧਾਰ ਟਰੱਸਟ ਜਤਿੰਦਰ ਸਿੰਘ ਭੱਲਾ, ਚੇਅਰਮੈਨ ਸੂਗਰਫੈਡ ਅਤੇ ਲੋਕ ਸਭਾ ਹਲਕਾ ਬਠਿੰਡਾ ਦੇ ਇੰਚਾਰਜ ਨਵਦੀਪ ਜੀਦਾ, ਜੰਗਲਾਤ ਵਿਭਾਗ ਦੇ ਚੇਅਰਮੈਨ ਰਾਕੇਸ਼ ਪੁਰੀ, ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਹਰਦੀਪ ਸਿੰਘ ਸਰਾਂ, ਬਠਿੰਡਾ ਸੈਂਟਰਲ ਕੋਆਪਰੇਟਿਵ ਬੈਂਕ ਲਿਮਿਟੇਡ ਦੇ ਚੇਅਰਮੈਨ ਸ੍ਰੀ ਅਮਰਦੀਪ ਸਿੰਘ ਰਾਜਨ ਤੋਂ ਇਲਾਵਾ ਹੋਰ ਵੱਖ ਵੱਖ ਆਹੁਦੇਦਾਰ ਆਦਿ ਹਾਜ਼ਰ ਸਨ।

## ਮਾਲਵੇ ਦਾ ਵੱਡਾ ਕੁਸ਼ਤੀ ਦੰਗਲ ਹੈਡੋਂ ਬੇਟ ਦਾ 21 ਸਤੰਬਰ ਨੂੰ ਵੱਡੇ ਮੱਲਾਂ ਦੇ ਹੋਣਗੇ ਭੇੜ

**ਮਾਛੀਵਾੜਾ ਸਾਹਿਬ, 15 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮਾਲਵੇ ਦਾ ਮਸ਼ਹੂਰ ਤੇ ਬੇਟ ਖੇਤਰ ਦਾ ਸਭ ਤੋਂ ਵੱਡਾ ਦੰਗਲ ਮੇਲਾ ਹੈਡੋਂ ਬੇਟ ਦਾ ਆਉਣ ਵਾਲੀ ਇੱਕੀ ਨੂੰ ਕਰਵਾਇਆ ਜਾ ਰਿਹਾ ਹੈ। ਸਰਪੰਚ ਕਮਲਜੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਧੰਨ ਧੰਨ ਗੁੱਗਾ ਜਾਹਰ ਪੀਰ ਜੀ ਦੀ ਯਾਦ ਵਿੱਚ ਦੀਪਾ ਬਾਬਾ ਜੀ ਦੀ ਸੁਚੱਜੀ ਅਗਵਾਈ ਅਤੇ ਗੁੱਗਾ ਭੈੜੀ ਮੁੱਖ ਸੇਵਾਦਾਰ ਭਗਤ ਹਰਨੇਕ ਰਾਮ ਦੇ ਸਹਿਯੋਗ ਸਦਕਾ ਗ੍ਰਾਮ ਪੰਚਾਇਤ,ਪਿੰਡ ਵਾਸੀਆਂ ,ਐਨ.ਆਰ.ਆਈ. ਵੀਰਾਂ ਅਤੇ ਇਲਾਕੇ ਭਰ ਦੇ ਸਹਿਯੋਗੀ ਪਿੰਡਾਂ ਦੇ ਸਾਥ ਨਾਲ ਇਹ ਸਲਾਨਾ ਦੰਗਲ ਮੇਲਾ ਕਰਵਾਇਆ ਜਾ ਰਿਹਾ ਹੈ। ਜਿਸ ਵਿੱਚ ਹਿੰਦੁਸਤਾਨ ਤੋਂ ਲੈ ਕੇ ਵਿਦੇਸ਼ੀ ਧਰਤੀ ਦੇ ਪਹਿਲਵਾਨ ਵੀ ਕੁਸ਼ਤੀਆਂ ਦੇ ਜੌਹਰ ਦਿਖਾਉਣਗੇ।

ਪਹਿਲਵਾਨਾਂ ਨੂੰ ਇਨਾਮ ਵਿੱਚ ਮੋਟਰਸਾਈਕਲ ਸਪਲੈਂਡਰ,ਪਲੈਟੀਨਾ ਮੋਟਰਸਾਈਕਲ, ਸੋਨੇ ਦੀਆਂ ਮੁੰਦੀਆਂ,ਸੋਨੇ ਦੇ ਕੜੇ, ਸੱਜਰ ਸੂਈਆਂ ਝੋਟੀਆਂ ਅਤੇ ਲੱਖਾਂ ਰੁਪਏ ਨਕਦੀ ਦੇ ਰੂਪ ਵਿੱਚ ਵੰਡੇ ਜਾਣਗੇ।

ਇਸ ਦੰਗਲ ਮੇਲੇ ਤਾਲਿਬ ਬਾਬਾ ਫਲਾਹੀ,ਸ਼ੇਰਾ ਬਾਬਾ ਫਲਾਹੀ, ਪ੍ਰਿਤਪਾਲ ਫਗਵਾੜਾ, ਮਿਰਜਾ ਇਰਾਨ, ਜੋਂਟੀ ਗੁੱਜਰ, ਨਾਇਕ ਯੂਪੀ, ਬਿਨੀਆ ਜੰਮੂ, ਅਰਸ਼ ਬਾਬਾ ਫਲਾਹੀ, ਪ੍ਰਿੰਸ ਬਾਬਾ ਫਲਾਹੀ, ਨਿਸ਼ਾਂਤ ਬਾਬਾ ਫਲਾਹੀ, ਲਾਲੀ ਫਗਵਾੜਾ, ਗੁਰਨਾਮ ਮਾਛੀਵਾੜਾ, ਹਾਮਿਦ ਇਰਾਨ, ਛੋਟਾ ਸੁਦਾਮ, ਸਮੇਤ ਉੱਚ ਕੋਟੀ ਦੇ ਪਹਿਲਵਾਨ ਪੁੱਜ ਰਹੇ ਹਨ। ਇਸ ਵਿਸ਼ਾਲ ਦੰਗਲ ਮੇਲੇ ਦਾ ਸਿੱਧਾ ਪ੍ਰਸਾਰਨ ਸਿੰਘ ਧਾਂਦਲੀ ਮੂਵੀਜ ਤੇ ਦਿਖਾਇਆ ਜਾਵੇਗਾ। ਪ੍ਰਬੰਧਕਾਂ ਵੱਲੋਂ ਤਿਆਰੀਆਂ ਜ਼ੋਰਾਂ ਤੇ ਹਨ, ਸਮੁੱਚੀ ਪ੍ਰਬੰਧਕ ਕਮੇਟੀ ਵੱਲੋਂ ਖੇਡ ਪ੍ਰੇਮੀ ਦਰਸ਼ਕ ਵੀਰਾਂ ਨੂੰ ਇਸ ਖੇਡ ਮੇਲੇ ਵਿੱਚ ਪੁੱਜਣ ਦੀ ਅਪੀਲ ਹੈ।

# ਤੁਸੀਂ ਦੌੜ ਸਕਦੇ ਹੋ, ਪਰ ਕਾਨੂੰਨ ਦੇ ਸ਼ਿਕੰਜੇ ਤੋਂ ਬਚ ਨਹੀਂ ਸਕਦੇ-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਵਿਦੇਸ਼ਾਂ 'ਚ ਲੁਕੇ ਗੈਂਗਸਟਰਾਂ ਨੂੰ ਚਿਤਾਵਨੀ

## ➢ ਪੰਜਾਬ ਪੁਲਿਸ ਸਰਹੱਦ ਪਾਰ ਗੈਂਗਸਟਰਾਂ ਦਾ ਪਿੱਛਾ ਕਰਕੇ ਉਨ੍ਹਾਂ ਨੂੰ ਕਾਨੂੰਨ ਦੇ ਕਟਹਿਰੇ ਵਿੱਚ ਲਿਆ ਰਹੀ ਹੈ ➢ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਭਗੌੜੇ ਅਪਰਾਧੀ ਅੰਮ੍ਰਿਤ ਦਾਲਮ ਦੀ ਮੋਲਡੋਵਾ ਤੋਂ ਹਵਾਲਗੀ ਹਾਸਲ ਕਰਨ ਵਾਲੀ ਪੰਜਾਬ ਪੁਲਿਸ ਦੀ ਟੀਮ ਨੂੰ ਕੀਤਾ ਸਨਮਾਨਿਤ

**ਚੰਡੀਗੜ੍ਹ, 15 ਸਤੰਬਰ**
**-ਜੀ. ਐਸ. ਤੁੰਗ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਗੈਂਗਸਟਰਾਂ, ਨਸ਼ਾ ਤਸਕਰਾਂ ਅਤੇ ਸੂਬੇ ਦੀ ਸ਼ਾਂਤੀ ਨੂੰ ਭੰਗ ਕਰਨ ਦੀ ਕੋਸ਼ਿਸ਼ ਕਰਨ ਵਾਲੇ ਅਨਸਰਾਂ ਨੂੰ ਸਖ਼ਤ ਸੁਨੇਹਾ ਦਿੰਦਿਆਂ ਕਿਹਾ ਕਿ ਪੰਜਾਬ ਵਿੱਚ ਅਮਨ-ਕਾਨੂੰਨ ਪੂਰੀ ਤਰ੍ਹਾਂ ਕਾਇਮ ਹੈ ਅਤੇ ਅਪਰਾਧੀਆਂ ਲਈ ਕੋਈ ਸੁਰੱਖਿਅਤ ਲੁਕਣਗਾਹ ਨਹੀਂ ਹੈ। ਮੋਲਡੋਵਾ ਗਣਰਾਜ ਤੋਂ ਭਗੌੜੇ ਅਪਰਾਧੀ ਅੰਮ੍ਰਿਤਪਾਲ ਸਿੰਘ ਉਰਫ਼ ਅੰਮ੍ਰਿਤ ਦਾਲਮ ਦੀ ਹਵਾਲਗੀ ਹਾਸਲ ਕਰਨ ਲਈ ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਦੇ ਐਸ.ਪੀ. ਬਿਕਰਮਜੀਤ ਸਿੰਘ ਬਰਾੜ ਦੀ ਅਗਵਾਈ ਵਾਲੀ ਪੰਜਾਬ ਪੁਲਿਸ ਟੀਮ ਨੂੰ ਵਧਾਈ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਪੰਜਾਬ ਦੀ ਸ਼ਾਂਤੀ ਅਤੇ ਸੁਰੱਖਿਆ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਮੁੱਖ ਮੰਤਰੀ ਨੇ ਦੱਸਿਆ ਕਿ ਸਾਡੀ ਸਰਕਾਰ ਵੱਲੋਂ 1,234 ਗੈਂਗਸਟਰ ਮਾਡਿਊਲਾਂ ਦਾ ਪਰਦਾਫਾਸ਼ ਕੀਤਾ ਗਿਆ ਹੈ ਅਤੇ ਵਿਦੇਸ਼ਾਂ ਤੋਂ 10 ਭਗੌੜਿਆਂ ਨੂੰ ਡਿਪੋਰਟ ਕਰਵਾਇਆ ਗਿਆ ਹੈ, ਜਦਕਿ ਨਸ਼ਾ ਤਸਕਰਾਂ ਖ਼ਿਲਾਫ਼ 60,582 ਐਫ.ਆਈ.ਆਰਜ਼ ਦਰਜ ਕੀਤੀਆਂ ਗਈਆਂ ਹਨ ਅਤੇ 366 ਕਰੋੜ ਰੁਪਏ ਦੀ ਜਾਇਦਾਦ ਜ਼ਬਤ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਹਾਈ-ਟੈਕ ਐਂਟੀ-ਡਰੋਨ ਪ੍ਰਣਾਲੀਆਂ ਨਾਲ ਲੈਸ ਹੈ ਅਤੇ 1.5 ਲੱਖ ਲੋਕਾਂ ਦੀ ਸ਼ਮੂਲੀਅਤ



ਵਾਲੀਆਂ ਪੇਂਡੂ ਰੱਖਿਆ ਕਮੇਟੀਆਂ ਦਾ ਗਠਨ ਕੀਤਾ ਗਿਆ ਹੈ। ਉਨ੍ਹਾਂ ਨੇ ਚਿਤਾਵਨੀ ਦਿੱਤੀ ਕਿ ਪੰਜਾਬ ਦੀ ਸ਼ਾਂਤੀ ਭੰਗ ਕਰਨ ਦੀ ਕੋਸ਼ਿਸ਼ ਕਰਨ ਵਾਲੇ ਕਿਸੇ ਵੀ ਵਿਅਕਤੀ ਜਾਂ ਸਮੂਹ ਨੂੰ ਬਖ਼ਸ਼ਿਆ ਨਹੀਂ ਜਾਵੇਗਾ।

ਆਪਣੇ ਐਕਸ ਹੈਂਡਲ 'ਤੇ ਜਾਣਕਾਰੀ ਸਾਂਝੀ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ: ਪੰਜਾਬ ਵਿੱਚ ਅਮਨ-ਕਾਨੂੰਨ ਪੂਰੀ ਤਰ੍ਹਾਂ ਕਾਇਮ ਹੈ। ਸਾਡੀ ਸਰਕਾਰ ਸੂਬੇ ਵਿੱਚ ਸ਼ਾਂਤੀ ਅਤੇ ਸੁਰੱਖਿਆ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। 1,234 ਗੈਂਗਸਟਰ ਮਾਡਿਊਲਾਂ ਦਾ ਪਰਦਾਫਾਸ਼ ਕੀਤਾ ਗਿਆ ਹੈ ਅਤੇ ਵਿਦੇਸ਼ਾਂ ਤੋਂ 10 ਭਗੌੜਿਆਂ ਨੂੰ ਵਾਪਸ ਲਿਆਂਦਾ ਗਿਆ ਹੈ। ਉਨ੍ਹਾਂ ਕਿਹਾ ਕਿ ਨਸ਼ਾ ਤਸਕਰਾਂ ਵਿਰੁੱਧ 60,582 ਐਫਆਈਆਰਜ਼ ਦਰਜ ਕੀਤੀਆਂ ਗਈਆਂ ਹਨ ਅਤੇ 366 ਕਰੋੜ ਰੁਪਏ ਦੀ ਜਾਇਦਾਦ ਜ਼ਬਤ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਪੁਲਿਸ ਹਾਈ-ਟੈੱਕ ਐਂਟੀ-ਡਰੋਨ ਪ੍ਰਣਾਲੀਆਂ ਨਾਲ ਲੈਸ ਹੈ ਅਤੇ 1.5 ਲੱਖ ਲੋਕਾਂ ਦੀ ਸ਼ਮੂਲੀਅਤ ਵਾਲੀਆਂ ਪੇਂਡੂ ਰੱਖਿਆ ਕਮੇਟੀਆਂ ਬਣਾਈਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੀ ਸ਼ਾਂਤੀ ਭੰਗ ਕਰਨ ਦੀ ਕੋਸ਼ਿਸ਼ ਕਰਨ ਵਾਲੇ ਕਿਸੇ ਵੀ ਵਿਅਕਤੀ ਜਾਂ ਗਰੁੱਪ ਨੂੰ ਬਖ਼ਸ਼ਿਆ ਨਹੀਂ ਜਾਵੇਗਾ। ਇਨਕਲਾਬ ਜ਼ਿੰਦਾਬਾਦ।

ਪੁਲਿਸ ਅਧਿਕਾਰੀਆਂ ਦੀ ਇਸ ਸ਼ਾਨਦਾਰ ਪ੍ਰਾਪਤੀ ਦੀ ਸ਼ਲਾਘਾ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਹ ਸਫ਼ਲ ਹਵਾਲਗੀ ਵਿਦੇਸ਼ੀ ਧਰਤੀ ਤੋਂ ਗਤੀਵਿਧੀਆਂ ਚਲਾਉਣ ਵਾਲੇ ਗੈਂਗਸਟਰਾਂ, ਅਪਰਾਧੀਆਂ ਅਤੇ ਉਨ੍ਹਾਂ ਦੇ ਆਕਾਵਾਂ ਨੂੰ ਸਪੱਸ਼ਟ ਸੰਦੇਸ਼ ਪਹੁੰਚਾਉਂਦੀ ਹੈ ਕਿ ਪੰਜਾਬ ਪੁਲਿਸ ਸਰਹੱਦਾਂ ਪਾਰ ਜਾ ਕੇ ਵੀ ਉਨ੍ਹਾਂ ਦਾ ਪਿੱਛਾ ਕਰਕੇ ਕਾਨੂੰਨ ਦੇ ਕਟਹਿਰੇ ਵਿੱਚ ਖੜ੍ਹਾ ਕਰੇਗੀ।

ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ, ਗੈਂਗਸਟਰਾਂ ਲਈ ਹੁਣ ਕੋਈ ਸੁਰੱਖਿਅਤ ਥਾਂ ਨਹੀਂ ਬਚੀ। ਚਾਹੇ ਉਹ ਪੰਜਾਬ ਵਿੱਚ ਲੁਕੇ ਹੋਣ, ਭਾਰਤ ਦੇ ਕਿਸੇ ਹੋਰ ਹਿੱਸੇ ਵਿੱਚ ਜਾਂ ਹਜ਼ਾਰਾਂ ਕਿਲੋਮੀਟਰ ਦੂਰ ਯੂਰਪ ਵਿੱਚ, ਪੰਜਾਬ ਪੁਲਿਸ ਉਹਨਾਂ ਨੂੰ ਲੱਭ ਕੇ ਰਹੇਗੀ। ਉਨ੍ਹਾਂ ਅੱਗੇ ਕਿਹਾ, ਉਹ ਆਪਣੇ ਟਿਕਾਣੇ, ਪਾਸਪੋਰਟ ਅਤੇ ਪਛਾਣ ਬਦਲ ਸਕਦੇ ਹਨ, ਪਰ ਉਹ ਹਮੇਸ਼ਾ ਲਈ ਕਾਨੂੰਨ ਤੋਂ ਬਚ ਨਹੀਂ ਸਕਦੇ।

ਉਨ੍ਹਾਂ ਕਿਹਾ ਕਿ ਅੰਮ੍ਰਿਤ ਦਾਲਮ ਦੀ ਹਵਾਲਗੀ ਸੰਗਠਿਤ ਅਪਰਾਧ ਵਿਰੁੱਧ ਪੰਜਾਬ ਦੀ ਨਿਰੰਤਰ ਮੁਹਿੰਮ ਵਿੱਚ ਇੱਕ ਵੱਡੀ ਪ੍ਰਾਪਤੀ ਹੈ ਅਤੇ ਇਹ ਸੂਬਾ ਸਰਕਾਰ ਦੀ 'ਗੈਂਗਸਟਰਾਂ 'ਤੇ ਵਾਰ' ਮੁਹਿੰਮ ਦੀ ਸਫ਼ਲਤਾ ਦਾ ਪ੍ਰਤੱਖ ਪ੍ਰਮਾਣ ਹੈ। ਉਨ੍ਹਾਂ ਕਿਹਾ, ਅੰਮ੍ਰਿਤ ਦਾਲਮ, ਜੱਗੂ ਭਗਵਾਨਪੁਰੀਆ ਗੈਂਗ ਦਾ ਮੁੱਖ ਕਾਰਕੁੰਨ ਸੀ ਅਤੇ ਕਤਲ, ਇਰਾਦਾ ਕਤਲ, ਗ਼ੈਰ-ਕਾਨੂੰਨੀ ਗਤੀਵਿਧੀਆਂ ਰੋਕੂ ਐਕਟ (ਯੂਏਪੀਏ), ਅਸਲਾ ਐਕਟ ਅਤੇ ਨਸ਼ੀਲੇ ਪਦਾਰਥਾਂ ਨਾਲ ਸਬੰਧਤ ਕਈ ਗੰਭੀਰ ਅਪਰਾਧਿਕ ਮਾਮਲਿਆਂ ਵਿੱਚ ਲੋੜੀਂਦਾ ਸੀ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸੂਬਾ ਸਰਕਾਰ ਨੇ ਗੈਂਗਸਟਰਾਂ, ਫਿਰੌਤੀ ਮੰਗਣ ਵਾਲਿਆਂ, ਨਸ਼ਾ ਤਸਕਰਾਂ ਅਤੇ ਸੰਗਠਿਤ ਅਪਰਾਧਿਕ ਨੈੱਟਵਰਕਾਂ ਵਿਰੁੱਧ 'ਜ਼ੀਰੋ-ਟੋਲਰੈਂਸ' ਦੀ ਨੀਤੀ ਅਪਣਾਈ ਹੈ, ਭਾਵੇਂ ਉਹ ਕਿੰਨੇ ਵੀ ਤਾਕਤਵਰ ਜਾਂ ਉੱਚੀ ਪਹੁੰਚ ਵਾਲੇ ਕਿਉਂ ਨਾ ਹੋਣ।

ਮੁੱਖ ਮੰਤਰੀ ਨੇ ਏ.ਜੀ.ਟੀ.ਐਫ., ਓਵਰਸੀਜ਼ ਫਿਊਜਿਟਿਵ ਟਰੈਕਿੰਗ ਐਂਡ ਐਕਸਟਰਾਡੀਸ਼ਨ ਸੈੱਲ (ਓ.ਐਫ.ਟੀ.ਈ.ਸੀ.), ਪੰਜਾਬ ਪੁਲਿਸ ਅਤੇ ਕੇਂਦਰੀ ਏਜੰਸੀਆਂ ਦੇ ਸਾਂਝੇ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਵੱਖ-ਵੱਖ ਏਜੰਸੀਆਂ ਦਰਮਿਆਨ ਆਪਸੀ ਤਾਲਮੇਲ ਅੰਤਰ-ਰਾਸ਼ਟਰੀ ਅਪਰਾਧਿਕ ਨੈੱਟਵਰਕਾਂ ਨੂੰ ਤੋੜਨ ਵਿੱਚ ਇੱਕ ਅਹਿਮ ਹਥਿਆਰ ਵਜੋਂ ਉਭਰਿਆ ਹੈ।

ਮੋਲਡੋਵਾ ਦੇ ਹਾਲੀਆ ਦੌਰੇ ਦੌਰਾਨ, ਪੰਜਾਬ ਪੁਲਿਸ ਦੇ ਵਫ਼ਦ ਨੂੰ ਮੋਲਡੋਵਾ ਸਰਕਾਰ ਵੱਲੋਂ ਬਿਹਤਰ ਤਾਲਮੇਲ ਅਤੇ ਸਹਿਯੋਗ ਲਈ ਸਨਮਾਨ ਚਿੰਨ੍ਹ ਭੇਟ ਕੀਤਾ ਗਿਆ, ਜਿਸ ਸਦਕਾ ਮੋਲਡੋਵਾ ਤੋਂ ਭਗੌੜੇ ਅਪਰਾਧੀ ਦੀ ਪਹਿਲੀ ਵਾਰ ਹਵਾਲਗੀ ਸੰਭਵ ਹੋ ਸਕੀ। ਪੰਜਾਬ ਪੁਲਿਸ ਦੀ ਐਸਕਾਰਟ ਟੀਮ ਨੇ ਡੀਜੀਪੀ ਪੰਜਾਬ, ਏਡੀਜੀਪੀ ਏ.ਜੀ.ਟੀ.ਐਫ. ਅਤੇ ਆਈਜੀਪੀ ਓ.ਐਫ.ਟੀ.ਈ.ਸੀ. ਨਾਲ ਮਿਲ ਕੇ ਇਹ ਸਨਮਾਨ ਚਿੰਨ੍ਹ ਭਗਵੰਤ ਸਿੰਘ ਮਾਨ ਨੂੰ ਸੌਂਪਿਆ।

ਇਸ ਕਦਮ ਨੂੰ ਪੰਜਾਬ ਲਈ ਬੇਹੱਦ ਮਾਣ ਵਾਲੀ ਗੱਲ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ, ਇਹ ਮਾਨਤਾ ਭਾਰਤ ਅਤੇ ਮੋਲਡੋਵਾ ਵਿਚਕਾਰ ਆਪਸੀ ਭਰੋਸੇ, ਸਤਿਕਾਰ ਅਤੇ ਕਾਨੂੰਨ ਲਾਗੂ ਕਰਨ ਦੇ ਖੇਤਰ ਵਿੱਚ ਵਧ ਰਹੇ ਸਹਿਯੋਗ ਨੂੰ ਦਰਸਾਉਂਦੀ ਹੈ। ਇਹ ਮਹਿਜ਼ ਕੋਈ ਪੁਰਸਕਾਰ ਜਾਂ ਚਿੰਨ੍ਹ ਨਹੀਂ ਹੈ, ਸਗੋਂ ਇਹ ਪੰਜਾਬ ਪੁਲਿਸ ਦੀ ਪੇਸ਼ੇਵਰ ਸਮਰੱਥਾ ਅਤੇ ਉਸ ਭਰੋਸੇ ਪ੍ਰਤੀ ਮਾਨਤਾ ਹੈ ਜੋ ਅੰਤਰ-ਰਾਸ਼ਟਰੀ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਸਾਡੇ ਅਧਿਕਾਰੀਆਂ 'ਤੇ ਜ਼ਾਹਰ ਕਰ ਰਹੀਆਂ ਹਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪੰਜਾਬ ਪੁਲਿਸ ਨੇ ਸਾਬਤ ਕਰ ਦਿੱਤਾ ਹੈ ਕਿ ਉਹ ਪੂਰੀ ਪੇਸ਼ੇਵਰਤਾ ਅਤੇ ਦ੍ਰਿੜ੍ਹਤਾ ਨਾਲ ਕੰਮ ਕਰ ਰਹੀ ਹੈ, ਭਾਵੇਂ ਅਪਰਾਧੀ ਵਿਦੇਸ਼ ਭੱਜ ਕੇ ਅੰਤਰ-ਰਾਸ਼ਟਰੀ ਸੁਰੱਖਿਆ ਕਵਚ ਬਣਾਉਣ ਦੀ ਕੋਸ਼ਿਸ਼ ਹੀ ਕਿਉਂ ਨਾ ਕਰਨ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਸਫ਼ਲ ਹਵਾਲਗੀ ਤੋਂ ਸਿੱਧ ਹੁੰਦਾ ਹੈ ਕਿ ਪੰਜਾਬ ਪੁਲਿਸ ਭੂਗੋਲਿਕ ਹੱਦਾਂ ਦੀ ਪ੍ਰਵਾਹ ਕੀਤੇ ਬਿਨਾਂ ਸੰਗਠਿਤ ਅਪਰਾਧੀਆਂ ਦਾ ਪਿੱਛਾ ਕਰਨਾ ਜਾਰੀ ਰੱਖੇਗੀ ਅਤੇ ਇਹ ਯਕੀਨੀ ਬਣਾਏਗੀ ਕਿ ਗੰਭੀਰ ਅਪਰਾਧਾਂ ਵਿੱਚ ਲੋੜੀਂਦੇ ਵਿਅਕਤੀਆਂ ਨੂੰ ਵਾਪਸ ਲਿਆਂਦਾ ਜਾਵੇ ਅਤੇ ਕਾਨੂੰਨ ਦੇ ਕਟਹਿਰੇ ਵਿੱਚ ਖੜ੍ਹਾ ਕੀਤਾ ਜਾਵੇ।

## ਸਰਕਾਰੀ ਕਾਲਜ ਮਾਛੀਵਾੜਾ ਦੀਆਂ ਬੀ.ਕਾਮ ਦੀਆਂ ਵਿਦਿਆਰਥਣਾਂ ਨੇ ਯੂਨੀਵਰਸਟੀ ਵਿੱਚ ਮੱਲਾਂ ਮਾਰੀਆਂ



**ਮਾਛੀਵਾੜਾ ਸਾਹਿਬ, 15 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸਰਕਾਰੀ ਕਾਲਜ ਮਾਛੀਵਾੜਾ ਦੀਆਂ ਵਿਦਿਆਰਥਣਾਂ ਨੇ ਬੀ.ਕਾਮ ਸਮੈਸਟਰ ਦੂਜੇ ਦੇ ਐਲਾਨੇ ਗਏ ਨਤੀਜਿਆ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਾਲਜ ਦਾ ਨਾਂਅ ਰੌਸ਼ਨ ਕੀਤਾ ਹੈ। ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਐਲਾਨੇ ਬੀ.ਕਾਮ ਸਮੈਸਟਰ ਦੂਜੇ ਦੇ ਨਤੀਜਿਆ ਵਿਚੋਂ ਜਸਲੀਨ ਕੌਰ ਨੇ 8.63 ਐਸ.ਜੀ.ਪੀ.ਏ ਨਾਲ ਯੂਨੀਵਰਸਿਟੀ ਵਿਚੋਂ ਪੰਜਵਾਂ ਸਥਾਨ ਤੇ ਕਾਲਜ ਵਿੱਚ ਪਹਿਲਾ ਸਥਾਨ ਹਾਸਿਲ ਕੀਤਾ।

ਇਸੇ ਤਰਾਂ ਗਰੀਨਾ ਨੇ 8.17 ਐਸ.ਜੀ.ਪੀ.ਏ ਨਾਲ ਯੂਨੀਵਰਸਿਟੀ ਵਿਚੋਂ ਸੋਲਵਾਂ ਅਤੇ ਕਾਲਜ ਵਿੱਚ ਦੂਜਾ ਸਥਾਨ ਕਮਲਪ੍ਰੀਤ ਕੌਰ ਅਤੇ ਸਹਿਜਪ੍ਰੀਤ ਕੌਰ ਨੇ ਸਾਂਝੇ ਤੌਰ 'ਤੇ 7.46 ਐਸ.ਜੀ.ਪੀ.ਏ ਨਾਲ ਕਾਲਜ ਵਿੱਚ ਤੀਜਾ ਸਥਾਨ ਹਾਸਲ ਕੀਤਾ।

ਇਸ ਸ਼ਾਨਦਾਰ ਪ੍ਰਦਰਸ਼ਨ 'ਤੇ ਕਾਲਜ ਦੇ ਪ੍ਰਿੰਸੀਪਲ ਨੰਦਿਨੀ ਵੈਦ ਨੇ ਹੋਣਹਾਰ ਵਿਦਿਆਰਥਣਾਂ ਤੇ ਵਿਭਾਗ ਨੂੰ ਹਾਰਦਿਕ ਵਧਾਈ ਦਿੱਤੀ।

ਉਨਾਂ ਨੇ ਆਖਿਆ ਕਿ ਇਹ ਪ੍ਰਾਪਤੀ ਵਿਦਿਆਰਥਣਾਂ ਦੀ ਅਣਥੱਕ ਮਿਹਨਤ, ਲਗਨ ਅਤੇ ਅਧਿਆਪਕਾਂ ਦੀ ਦਿਸ਼ਾ ਨਿਰਦੇਸ਼ਣ ਦਾ ਸਿੱਟਾ ਹੈ।

ਵਿਭਾਗ ਦੇ ਮੁੱਖੀ ਸਹਾਇਕ ਪ੍ਰੋਫ਼ੈਸਰ ਅਜੈ ਕੁਮਾਰ ਨੇ ਕਿਹਾ ਕਿ ਵਿਭਾਗ ਭਵਿੱਖ ਵਿੱਚ ਵੀ ਅਜਿਹੇ ਪ੍ਰਦਰਸ਼ਨ ਕਰਨ ਲਈ ਪ੍ਰਤੀਬੱਧ ਹੈ। ਇਸ ਮੌਕੇ ਸਹਾਇਕ ਪ੍ਰੋਫ਼ੈਸਰ ਪਰਦੀਪ ਸਿੰਘ,ਅਮਰੀਸ਼ ਖੁੱਲਰ, ਡਾ.ਕਮਲਜੀਤ ਕੌਰ ਬਾਂਗਾ ਬੰਗੇਰਾ ਰੁਪਿੰਦਰ ਕੌਰ ਅਤੇ ਐਚ.ਈ. ਆਈ.ਐਸ ਦੇ ਮੈਂਬਰ ਸਹਾਇਕ ਪ੍ਰੋਫ਼ੈਸਰ ਰਾਜ ਕੁਮਾਰ, ਪ੍ਰੋਫ਼ੈਸਰ ਸੁਨੀਲ ਕੁਮਾਰ, ਸਹਾਇਕ ਪ੍ਰੋਫ਼ੈਸਰ ਗੁਰਪ੍ਰੀਤ ਕੌਰ ਅਤੇ ਸਹਾਇਕ ਪ੍ਰੋਫ਼ੈਸਰ ਅਮਨਦੀਪ ਕੌਰ ਹਾਜ਼ਰ ਸਨ।



# ਹਰਿਆਣਾ ਖ਼ਬਰਨਾਮਾ



## ਮੁੱਖ ਮੰਤਰੀ ਨਾਇਬ ਸਿੰਘ ਸੈਣੀ ਸ੍ਰੀ ਰਾਮ ਕਥਾ ਦੇ ਸਮਾਪਨ ਸਮਾਰੋਹ ਵਿੱਚ ਹੋਏ ਸ਼ਾਮਲ, ਕਥਾ ਦਾ ਕੀਤਾ ਸਰਵਣ, ਯੱਗ ਵਿੱਚ ਦਿੱਤੀ ਆਹੂਤੀ

**ਚੰਡੀਗੜ੍ਹ/ਖਰੜ, 15 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਬੀਤੀ ਦੇਰ ਰਾਤ ਨੂੰ ਸ੍ਰੀ ਰਾਮ ਭਵਨ, ਖਰੜ ਵਿਖੇ ਆਯੋਜਿਤ ਸ੍ਰੀ ਰਾਮ ਕਥਾ ਦੇ ਸਮਾਪਨ ਸਮਾਰੋਹ ਵਿੱਚ ਸ਼ਾਮਲ ਹੋ ਕੇ ਪ੍ਰਭੂ ਸ੍ਰੀ ਰਾਮ ਜੀ ਦੀ ਦਿਵਯ ਕਥਾ ਦਾ ਸਰਵਣ ਕੀਤਾ। ਇਸ ਮੌਕੇ ਮੁੱਖ ਮੰਤਰੀ ਨੇ ਯੱਗ ਵਿੱਚ ਆਹੂਤੀ ਭੇਟ ਕਰਕੇ ਸੂਬਾ ਵਾਸੀਆਂ ਦੀ ਸੁੱਖ-ਸਮਰੱਧੀ, ਸ਼ਾਂਤੀ ਅਤੇ ਖੁਸ਼ਹਾਲੀ ਦੀ ਕਾਮਨਾ ਕੀਤੀ। ਉਨ੍ਹਾਂ ਨੇ ਸ੍ਰੀ ਰਾਮ ਭਵਨ ਵਿੱਚ ਲਗਾਈ ਗਈ ਪ੍ਰਦਰਸ਼ਨੀ ਦਾ ਵੀ ਜਾਇਜ਼ਾ ਲਿਆ।

ਮੁੱਖ ਮੰਤਰੀ ਨੇ ਕਿਹਾ ਕਿ ਪ੍ਰਭੂ ਸ੍ਰੀ ਰਾਮ ਜੀ ਦਾ ਦਿਵਯ ਕਿਰਦਾਰ ਮਨੁੱਖੀ ਕਦਰਾਂ-ਕੀਮਤਾਂ, ਮਰਿਆਦਾ ਪਾਲਣ, ਫਰਜ਼ ਨਿਭਾਉਣ, ਤਿਆਗ ਅਤੇ ਦ੍ਰਿੜ੍ਹ ਆਚਰਣ ਦਾ ਅਨੋਖਾ ਆਦਰਸ਼ ਹੈ। ਉਨ੍ਹਾਂ ਦਾ ਪੂਰਾ ਜੀਵਨ ਸਾਨੂੰ ਸੱਚ ਅਤੇ ਧਰਮ ਦੇ ਰਸਤੇ ਉੱਤੇ ਅਡੋਲ ਰਹਿੰਦਿਆਂ ਆਪਣੇ ਫਰਜ਼ਾਂ ਨੂੰ ਪੂਰੀ ਨਿਸ਼ਠਾ ਨਾਲ ਨਿਭਾਉਣ ਦੀ ਪ੍ਰੇਰਨਾ ਦਿੰਦਾ ਹੈ।

ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪ੍ਰਭੂ ਸ੍ਰੀ ਰਾਮ ਨੇ ਆਪਣੇ ਜੀਵਨ ਅਤੇ ਆਚਰਣ ਨਾਲ ਸਮਾਜ ਦੇ ਸਾਹਮਣੇ ਅਜਿਹੇ ਆਦਰਸ਼ ਕਾਇਮ ਕੀਤੇ, ਜੋ ਸਦਾ ਮਾਨਵਤਾ ਦੀ ਅਗਵਾਈ ਕਰਦੇ ਰਹਿਣਗੇ। ਉਨ੍ਹਾਂ ਨੇ ਹਰ ਹਾਲਾਤ ਵਿੱਚ ਮਰਿਆਦਾ, ਸੱਚ, ਧੀਰਜ ਅਤੇ ਧਰਮ ਦਾ ਪਾਲਣ ਕੀਤਾ।

ਉਨ੍ਹਾਂ ਦਾ ਜੀਵਨ ਸਾਨੂੰ ਸਿਖਾਉਂਦਾ ਹੈ ਕਿ ਇਨਸਾਨ ਨੂੰ ਔਖੇ ਤੋਂ ਔਖੇ ਹਾਲਾਤ ਵਿੱਚ ਵੀ ਆਪਣੇ ਅਸੂਲਾਂ ਅਤੇ ਫਰਜ਼ਾਂ ਤੋਂ ਨਹੀਂ ਡੋਲਣਾ ਚਾਹੀਦਾ।

ਮੁੱਖ ਮੰਤਰੀ ਨੇ ਕਿਹਾ ਕਿ ਸ੍ਰੀ ਰਾਮ ਕਥਾ ਸਿਰਫ ਪ੍ਰਭੂ ਸ੍ਰੀ ਰਾਮ ਦੇ ਜੀਵਨ ਪ੍ਰਸੰਗਾਂ ਦਾ ਵਰਣਨ ਨਹੀਂ, ਸਗੋਂ ਭਾਰਤੀ ਸੱਭਿਆਚਾਰ, ਸੰਸਕਾਰਾਂ ਅਤੇ ਜੀਵਨ ਕਦਰਾਂ-ਕੀਮਤਾਂ ਦਾ ਸੁਨੇਹਾ ਵੀ ਹੈ। ਸ੍ਰੀ ਰਾਮ ਕਥਾ ਦੇ ਸਰਵਣ ਨਾਲ ਸਾਨੂੰ ਆਪਣੇ ਜੀਵਨ ਵਿੱਚ ਸੇਵਾ, ਸਦਭਾਵਨਾ, ਦਯਾ, ਸੰਜਮ ਅਤੇ ਫਰਜ਼ਪਰਾਇਣਤਾ ਵਰਗੇ ਗੁਣਾਂ ਨੂੰ ਅਪਣਾਉਣ ਦੀ ਪ੍ਰੇਰਨਾ ਮਿਲਦੀ ਹੈ।

ਉਨ੍ਹਾਂ ਨੇ ਕਿਹਾ ਕਿ ਪ੍ਰਭੂ ਸ੍ਰੀ ਰਾਮ ਦੇ ਆਦਰਸ਼ ਅੱਜ ਵੀ ਓਨੇ ਹੀ ਢੁਕਵੇਂ ਹਨ ਅਤੇ ਸਮਾਜ ਨੂੰ ਏਕਤਾ, ਭਾਈਚਾਰੇ ਅਤੇ ਆਪਸੀ ਸਤਿਕਾਰ ਦੇ ਸੂਤਰ ਵਿੱਚ ਬੰਨ੍ਹਣ ਦਾ ਰਸਤਾ ਦਿਖਾਉਂਦੇ ਹਨ। ਸਾਨੂੰ ਉਨ੍ਹਾਂ ਦੇ ਆਦਰਸ਼ਾਂ ਨੂੰ ਆਪਣੇ ਜੀਵਨ ਵਿੱਚ ਅਪਣਾ ਕੇ ਸਮਾਜ ਅਤੇ ਦੇਸ਼ ਦੇ ਭਲੇ ਵਿੱਚ ਆਪਣਾ ਯੋਗਦਾਨ ਦੇਣਾ ਚਾਹੀਦਾ ਹੈ।

ਇਸ ਮੌਕੇ ਮੁੱਖ ਮੰਤਰੀ ਨੇ ਸ੍ਰੀ ਰਾਮ ਭਵਨ ਵਿੱਚ ਲਗਾਈ ਗਈ ਪ੍ਰਦਰਸ਼ਨੀ ਦਾ ਜਾਇਜ਼ਾ ਲਿਆ ਅਤੇ ਉੱਥੇ ਪ੍ਰਦਰਸ਼ਿਤ ਵੱਖ-ਵੱਖ ਵਿਸ਼ਿਆਂ ਦੀ ਜਾਣਕਾਰੀ ਲਈ। ਉਨ੍ਹਾਂ ਨੇ ਸ੍ਰੀ ਰਾਮ ਕਥਾ ਦੇ ਸਫਲ ਆਯੋਜਨ ਲਈ ਪ੍ਰਬੰਧਕਾਂ ਨੂੰ ਵਧਾਈ ਅਤੇ ਸ਼ੁਭਕਾਮਨਾਵਾਂ ਵੀ ਦਿੱਤੀਆਂ।

ਇਸ ਮੌਕੇ ਪੰਚਕੂਲਾ ਦੇ ਮੇਅਰ ਸ੍ਰੀ ਸ਼ਿਆਮ ਲਾਲ ਬੰਸਲ ਅਤੇ ਹੋਰ ਪਤਵੰਤੇ ਸੱਜਣ ਮੌਜੂਦ ਸਨ।

## 'ਨਕਲੀ ਪੱਗ' ਟਿੱਪਣੀ 'ਤੇ ਸੈਣੀ ਦਾ ਪਲਟਵਾਰ, ਕਿਹਾ ਭਗਵੰਤ ਮਾਨ ਪੰਜਾਬ ਦੀ ਜਨਤਾ ਤੇ ਗੁਰੂ ਸਾਹਿਬਾਨ ਤੋਂ ਮੁਆਫ਼ੀ ਮੰਗਣ

**ਚੰਡੀਗੜ੍ਹ 15 ਸਤੰਬਰ**
**-ਛਤਰਪਾਲ ਸਿੰਘ-**



ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਪੱਗ ਨੂੰ 'ਨਕਲੀ' ਕਹਿਣ 'ਤੇ ਸਿਆਸੀ ਵਿਵਾਦ ਤੇਜ਼ ਹੋ ਗਿਆ ਹੈ।
ਸੈਣੀ ਨੇ ਇਸ ਟਿੱਪਣੀ ਨੂੰ ਬਹੁਤ ਦੁਖਦਾਈ ਅਤੇ ਮੰਦਭਾਗੀ ਕਰਾਰ ਦਿੰਦਿਆਂ ਮਾਨ ਤੋਂ ਪੰਜਾਬ ਦੀ ਜਨਤਾ ਅਤੇ ਗੁਰੂ ਸਾਹਿਬਾਨ ਤੋਂ ਮੁਆਫ਼ੀ ਮੰਗਣ ਦੀ ਮੰਗ ਕੀਤੀ ਹੈ।

ਮਾਨ ਨੇ 14 ਸਤੰਬਰ ਨੂੰ ਸੈਣੀ ਦੇ ਪੰਜਾਬ ਵਿੱਚ ਲਗਾਤਾਰ ਦੌਰਿਆਂ 'ਤੇ ਤੰਜ ਕੱਸਦਿਆਂ ਕਿਹਾ ਸੀ ਕਿ ਸੈਣੀ ਆਪਣੀ ਗੱਡੀ ਵਿੱਚ ਪੱਗ ਰੱਖਦੇ ਹਨ ਅਤੇ ਪੰਚਕੂਲਾ ਤੋਂ ਪੰਜਾਬ ਦਾਖ਼ਲ ਹੁੰਦੇ ਸਮੇਂ ਪੱਗ ਪਾ ਲੈਂਦੇ ਹਨ। ਮਾਨ ਨੇ ਕਿਹਾ ਕਿ ਸ਼ਾਇਦ ਉਹ ਸਮਝਦੇ ਹਨ ਕਿ 'ਨਕਲੀ ਪੱਗ' ਪਾ ਕੇ ਪੰਜਾਬੀਆਂ ਦਾ ਦਿਲ ਜਿੱਤ ਲੈਣਗੇ, ਪਰ ਅਜਿਹਾ ਸੰਭਵ ਨਹੀਂ।

ਇਸ ਦੇ ਜਵਾਬ ਵਿੱਚ ਸੈਣੀ ਨੇ ਕਿਹਾ ਕਿ ਪੱਗ ਉਨ੍ਹਾਂ ਲਈ ਸਿਰਫ਼ ਪਹਿਰਾਵਾ ਨਹੀਂ, ਸਗੋਂ ਗੁਰੂ ਸਾਹਿਬਾਨ ਪ੍ਰਤੀ ਸਤਿਕਾਰ, ਸ਼ਰਧਾ, ਵਿਸ਼ਵਾਸ ਅਤੇ ਆਦਰ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਪੱਗ ਗੁਰੂ ਸਾਹਿਬਾਨ ਵੱਲੋਂ ਦਿੱਤੀ ਮਹਾਨ ਪਰੰਪਰਾ ਹੈ ਅਤੇ ਇਸ ਨੂੰ 'ਨਕਲੀ' ਕਹਿਣਾ ਗੁਰੂ ਪਰੰਪਰਾ ਨਾਲ ਜੁੜੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੀ ਗੱਲ ਹੈ।

ਸੈਣੀ ਨੇ ਕਿਹਾ ਕਿ ਜੇ ਭਗਵੰਤ ਮਾਨ ਨੇ ਪੱਗ ਬਾਰੇ ਅਜਿਹੀ ਟਿੱਪਣੀ ਕੀਤੀ ਹੈ ਤਾਂ ਉਨ੍ਹਾਂ ਨੂੰ ਗੁਰੂ ਸਾਹਿਬਾਨ ਦੇ ਚਰਨਾਂ ਵਿੱਚ ਜਾ ਕੇ ਅਤੇ ਪੰਜਾਬ ਦੇ ਲੋਕਾਂ ਤੋਂ ਮੁਆਫ਼ੀ ਮੰਗਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਦੀਆਂ ਸ਼ਹਾਦਤਾਂ ਅਤੇ ਸਿੱਖਿਆਵਾਂ ਕਰਕੇ ਹੀ ਅੱਜ ਸਮਾਜ ਵਿੱਚ ਇਹ ਪਰੰਪਰਾਵਾਂ ਮੌਜੂਦ ਹਨ।

ਇਹ ਵਿਵਾਦ ਪੰਜਾਬ ਅਤੇ ਹਰਿਆਣਾ ਦੀ ਸਿਆਸਤ ਵਿੱਚ ਚੱਲ ਰਹੀ ਆਪਸੀ ਬਿਆਨਬਾਜ਼ੀ ਦਾ ਨਵਾਂ ਕੇਂਦਰ ਬਣ ਗਿਆ ਹੈ। ਸੈਣੀ ਨੇ ਇਹ ਪ੍ਰਤੀਕਿਰਿਆ ਚੰਡੀਗੜ੍ਹ ਸਥਿਤ ਆਪਣੇ ਸਰਕਾਰੀ ਨਿਵਾਸ 'ਸੰਤ ਕਬੀਰ ਕੁਟੀਆ' ਵਿਖੇ ਮੀਡੀਆ ਨਾਲ ਗੱਲਬਾਤ ਦੌਰਾਨ ਦਿੱਤੀ। ਮੌਕੇ 'ਤੇ ਪੰਜਾਬ ਭਾਜਪਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਸਮੇਤ ਹੋਰ ਆਗੂ ਵੀ ਮੌਜੂਦ ਸਨ।

## ਫਰੀਦਾਬਾਦ ਪਹੁੰਚੀ ਸਿਹਤ ਮੰਤਰੀ ਆਰਤੀ ਰਾਓ, ਆਯੁਸ਼ਮਾਨ ਯੋਜਨਾ ਦੇ ਬਕਾਏ 'ਤੇ ਦਿੱਤਾ ਵੱਡਾ ਭਰੋਸਾ

**ਫਰੀਦਾਬਾਦ, 15 ਸਤੰਬਰ, (ਗੁਰਮੀਤ ਸਿੰਘ ਤੁੰਗ)** : ਹਰਿਆਣਾ ਦੀ ਸਿਹਤ ਮੰਤਰੀ ਆਰਤੀ ਰਾਓ ਨੇ ਫਰੀਦਾਬਾਦ ਦੌਰੇ ਦੌਰਾਨ ਆਯੁਸ਼ਮਾਨ ਭਾਰਤ-ਪੀਐੱਮ -ਜੈ ਤਹਿਤ ਇਲਾਜ ਕਰ ਰਹੇ ਨਿੱਜੀ ਹਸਪਤਾਲਾਂ ਨੂੰ ਭਰੋਸਾ ਦਿੱਤਾ ਕਿ ਸਰਕਾਰ ਉਨ੍ਹਾਂ ਦੀ ਲੰਬਿਤ ਅਦਾਇਗੀ ਦਾ ਮਾਮਲਾ ਜਲਦ ਹੱਲ ਕਰੇਗੀ।



ਮੰਤਰੀ ਨੇ ਕਿਹਾ ਕਿ ਅਗਲੇ ਤਿੰਨ ਮਹੀਨਿਆਂ ਵਿੱਚ ਹਸਪਤਾਲਾਂ ਦੀ ਬਕਾਇਆ ਪੇਮੈਂਟ ਕਰਨ ਦਾ ਟੀਚਾ ਰੱਖਿਆ ਗਿਆ ਹੈ।
ਇਹ ਮਾਮਲਾ ਇਸ ਲਈ ਅਹਿਮ ਹੈ ਕਿਉਂਕਿ ਹਰਿਆਣਾ ਵਿੱਚ ਆਯੁਸ਼ਮਾਨ ਯੋਜਨਾ ਤਹਿਤ ਇਲਾਜ ਦੀਆਂ ਅਦਾਇਗੀਆਂ ਲੰਬਿਤ ਰਹਿਣ ਕਾਰਨ ਕਈ ਨਿੱਜੀ ਹਸਪਤਾਲਾਂ ਵੱਲੋਂ ਸੇਵਾਵਾਂ ਰੋਕਣ ਦੀ ਚੇਤਾਵਨੀ ਦਿੱਤੀ ਗਈ ਸੀ। ਫਰੀਦਾਬਾਦ ਵਿੱਚ ਵੀ ਨਿੱਜੀ ਹਸਪਤਾਲਾਂ ਨੇ ਬਕਾਇਆ ਰਕਮ ਦੀ ਅਦਾਇਗੀ ਨੂੰ ਲੈ ਕੇ ਚਿੰਤਾ ਜਤਾਈ ਸੀ। ਰਿਪੋਰਟਾਂ ਮੁਤਾਬਕ ਸੂਬੇ ਵਿੱਚ ਆਯੁਸ਼ਮਾਨ ਇਲਾਜ ਨਾਲ ਸਬੰਧਤ ?500 ਕਰੋੜ ਤੋਂ ਵੱਧ ਦੀਆਂ ਅਦਾਇਗੀਆਂ ਲੰਬਿਤ ਹੋਣ ਦੀ ਗੱਲ ਸਾਹਮਣੇ ਆਈ ਹੈ। ਮੰਤਰੀ ਦੇ ਭਰੋਸੇ ਦਾ ਸਿੱਧਾ ਅਸਰ ਆਯੁਸ਼ਮਾਨ ਕਾਰਡਧਾਰਕ ਮਰੀਜ਼ਾਂ 'ਤੇ ਪੈ ਸਕਦਾ ਹੈ, ਕਿਉਂਕਿ ਹਸਪਤਾਲਾਂ ਨੂੰ ਸਮੇਂ ਸਿਰ ਭੁਗਤਾਨ ਮਿਲਣ ਨਾਲ ਯੋਜਨਾ ਤਹਿਤ ਇਲਾਜ ਦੀ ਨਿਰੰਤਰਤਾ ਬਣੀ ਰਹਿਣ ਦੀ ਉਮੀਦ ਹੈ। ਹਸਪਤਾਲਾਂ ਦੀਆਂ ਸੇਵਾਵਾਂ ਵਿੱਚ ਰੁਕਾਵਟ ਆਉਣ ਨਾਲ ਸਭ ਤੋਂ ਵੱਧ ਪ੍ਰਭਾਵ ਆਰਥਿਕ ਤੌਰ 'ਤੇ ਕਮਜ਼ੋਰ ਮਰੀਜ਼ਾਂ 'ਤੇ ਪੈਂਦਾ ਹੈ।

## ਹਰਿਆਣਾ ਪੁਲਿਸ ਦਾ ਨਸ਼ਾ ਤਸਕਰਾਂ 'ਤੇ ਸ਼ਿਕੰਜਾ, 2.09 ਕਰੋੜ ਦੀ ਜਾਇਦਾਦ ਫ੍ਰੀਜ਼

**ਹਿਸਾਰ, 15 ਸਤੰਬਰ, (ਸ਼ਹੀਦ-ਏ-ਆਜ਼ਮ ਬਿਊਰੋ)** : ਹਰਿਆਣਾ ਪੁਲਸ ਨੇ ਨਸ਼ਾ ਤਸਕਰੀ ਖ਼ਿਲਾਫ਼ ਵੱਡੀ ਕਾਰਵਾਈ ਕਰਦਿਆਂ ਐਨਡੀਪੀਐਸ ਐਕਟ ਦੀ ਧਾਰਾ 68-ਐਫ ਤਹਿਤ ਹਿਸਾਰ ਜ਼ਿਲ੍ਹੇ ਵਿੱਚ ਨਸ਼ਾ ਤਸਕਰਾਂ ਨਾਲ ਸਬੰਧਤ ਕਰੀਬ ?2.09 ਕਰੋੜ ਦੀ ਜਾਇਦਾਦ ਅਤੇ ਸੰਪਤੀਆਂ ਫ੍ਰੀਜ਼ ਕੀਤੀਆਂ ਹਨ। ਇਹ ਕਾਰਵਾਈ 2026 ਦੇ ਪਹਿਲੇ ਅੱਠ ਮਹੀਨਿਆਂ ਦੌਰਾਨ ਕੀਤੀ ਗਈ।

ਹਿਸਾਰ ਦੇ SP ਸਿਧਾਂਤ ਜੈਨ ਮੁਤਾਬਕ ਪੁਲਸ ਦੀ ਰਣਨੀਤੀ ਸਿਰਫ਼ ਤਸਕਰਾਂ ਨੂੰ ਗ੍ਰਿਫ਼ਤਾਰ ਕਰਨ ਤੱਕ ਸੀਮਿਤ ਨਹੀਂ, ਸਗੋਂ ਨਸ਼ੇ ਤੋਂ ਕਮਾਈ ਗਈ ਗੈਰ-ਕਾਨੂੰਨੀ ਦੌਲਤ ਅਤੇ ਉਸ ਨਾਲ ਬਣੇ ਨੈੱਟਵਰਕ ਨੂੰ ਤੋੜਨਾ ਵੀ ਹੈ। ਕਾਨੂੰਨ ਅਨੁਸਾਰ ਨਸ਼ਾ ਤਸਕਰੀ ਤੋਂ ਹਾਸਲ ਕੀਤੀ ਜਾਇਦਾਦ ਦੀ ਪਛਾਣ ਕਰਕੇ ਉਸ 'ਤੇ ਕਾਰਵਾਈ ਕੀਤੀ ਜਾ ਰਹੀ ਹੈ। ਪੁਲਸ ਨੇ ਸਪੱਸ਼ਟ ਕੀਤਾ ਹੈ ਕਿ ਅਜਿਹੀਆਂ ਸੰਪਤੀਆਂ ਦੀ ਪਛਾਣ ਅਤੇ ਕਾਨੂੰਨੀ ਕਾਰਵਾਈ ਦਾ ਅਭਿਆਨ ਅੱਗੇ ਵੀ ਤੇਜ਼ ਕੀਤਾ ਜਾਵੇਗਾ। ਮਕਸਦ ਨਸ਼ਾ ਤਸਕਰੀ ਦੀ ਵਿੱਤੀ ਰੀੜ੍ਹ ਦੀ ਹੱਡੀ ਤੋੜਨਾ ਅਤੇ ਗੈਰ-ਕਾਨੂੰਨੀ ਕਮਾਈ 'ਤੇ ਰੋਕ ਲਗਾਉਣਾ ਹੈ।

## ਸੋਹਨਾ ਵਿੱਚ ਛਾਪੇਮਾਰੀ ਦੌਰਾਨ 49 ਕੋਡੀਨ ਸਿਰਪ ਅਤੇ 520 ਅਲਪ੍ਰਾਜ਼ੋਲਮ ਟੈਬਲੇਟ ਜ਼ਬਤ

**ਚੰਡੀਗੜ੍ਹ, 15 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਦੀ ਵਧੀਕ ਮੁੱਖ ਸਕੱਤਰ ਡਾ. ਸੁਮਿਤਾ ਮਿਸ਼ਰਾ ਨੇ ਦੱਸਿਆ ਕਿ ਹਰਿਆਣਾ ਡਰੱਗਜ਼ ਕੰਟਰੋਲ ਵਿਭਾਗ ਅਤੇ ਪੁਲਿਸ ਦੀ ਇੱਕ ਸਾਂਝੀ ਟੀਮ ਨੇ ਗੁਰੂਗ੍ਰਾਮ ਦੇ ਸੋਹਨਾ ਵਿੱਚ ਕਬੀਰ ਨਗਰ ਵਿੱਚ ਛਾਪੇਮਾਰੀ ਕੀਤੀ। ਇਹ ਛਾਪੇਮਾਰੀ ਨਸ਼ੀਲੀਆਂ ਦਵਾਈਆਂ ਦੇ ਕਥਿਤ ਗੈਰ-ਕਾਨੂੰਨੀ ਭੰਡਾਰਨ ਅਤੇ ਵਿਕਰੀ ਦੇ ਸਿਲਸਿਲੇ ਵਿੱਚ ਕੀਤੀ ਗਈ ਸੀ, ਜਿਸ ਵਿੱਚ ਕੋਡੀਨ-ਆਧਾਰਿਤ ਸਿਰਪ ਦੀਆਂ 49 ਬੋਤਲਾਂ ਅਤੇ ਅਲਪ੍ਰਾਜ਼ੋਲਮ ਦੀਆਂ 520 ਟੈਬਲੇਟਾਂ ਜ਼ਬਤ ਕੀਤੀਆਂ ਗਈਆਂ। ਡਾ. ਮਿਸ਼ਰਾ ਨੇ ਦੱਸਿਆ ਕਿ ਇਹ ਛਾਪੇਮਾਰੀ ਗੁਰੂਗ੍ਰਾਮ-999 ਦੇ ਡਰੱਗਜ਼ ਕੰਟਰੋਲ ਅਫ਼ਸਰ ਮੁਕੇਸ਼ ਕੁਮਾਰ ਦੀ ਅਗਵਾਈ ਵਾਲੀ ਟੀਮ ਨੇ ਕੀਤੀ ਸੀ। ਇਸ ਟੀਮ ਵਿੱਚ ਸੋਹਨਾ ਪੁਲਿਸ ਸਟੇਸ਼ਨ ਦੇ ਏ.ਐਸ.ਆਈ. ਵਾਹਿਦ ਖਾਨ, ਐਲ.ਐਚ.ਸੀ. ਰਚਨਾ ਅਤੇ ਹੋਰ ਪੁਲਿਸ ਅਧਿਕਾਰੀ ਵੀ ਸ਼ਾਮਲ ਸਨ।

ਟੀਮ ਨੇ ਕਬੀਰ ਨਗਰ, ਸੋਹਨਾ ਵਿੱਚ ਇੱਕ ਰਿਹਾਇਸ਼ੀ ਮਕਾਨ 'ਤੇ ਛਾਪੇਮਾਰੀ ਕੀਤੀ, ਜਿਸ ਦੀ ਵਰਤੋਂ ਕਥਿਤ ਤੌਰ 'ਤੇ ਇਮਰਾਨ ਦੇ ਪੁੱਤਰ ਆਮਿਰ ਦੁਆਰਾ ਨਸ਼ੀਲੀਆਂ ਦਵਾਈਆਂ ਦੇ ਗੈਰ-ਕਾਨੂੰਨੀ ਭੰਡਾਰਨ ਅਤੇ ਵਿਕਰੀ ਲਈ ਕੀਤੀ ਜਾ ਰਹੀ ਸੀ।

ਡਾ. ਮਿਸ਼ਰਾ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ, ਜਦੋਂ ਟੀਮ ਉਸ ਜਗ੍ਹਾ ਪਹੁੰਚੀ, ਤਾਂ ਘਰ ਦੇ ਅੰਦਰ ਮੌਜੂਦ ਔਰਤਾਂ ਨੇ ਅੰਦਰੋਂ ਐਂਟਰੀ ਗੇਟ ਬੰਦ ਕਰ ਲਿਆ। ਟੀਮ ਨੇ ਘਰ ਵਿੱਚ ਵੜਨ ਦੀ ਕੋਸ਼ਿਸ਼ ਕੀਤੀ, ਜਦਕਿ ਕੁਝ ਗੁਆਂਢੀਆਂ ਨੇ ਵੀ ਮੌਕੇ 'ਤੇ ਹੰਗਾਮਾ ਕੀਤਾ।

ਉਨ੍ਹਾਂ ਦੱਸਿਆ ਕਿ ਇਸੇ ਦੌਰਾਨ, ਘਰ ਦੀ ਛੱਤ ਤੋਂ ਕੋਡੀਨ ਸਿਰਪ ਦੀਆਂ 49 ਬੋਤਲਾਂ ਵਾਲਾ ਇੱਕ ਪਲਾਸਟਿਕ ਦਾ ਬੋਰਾ ਅਤੇ ਅਲਪ੍ਰਾਜ਼ੋਲਮ ਟੈਬਲੇਟ ਦੀਆਂ 520 ਗੋਲੀਆਂ ਵਾਲਾ ਇੱਕ ਡੱਬਾ ਘਰ ਦੇ ਪਿੱਛੇ ਖੁੱਲ੍ਹੀ ਜ਼ਮੀਨ 'ਤੇ ਸੁੱਟਿਆ ਗਿਆ। ਇਸ ਤੋਂ ਬਾਅਦ, ਦੋਸ਼ੀ ਆਮਿਰ ਕਥਿਤ ਤੌਰ 'ਤੇ ਮੌਕੇ ਤੋਂ ਭੱਜ ਗਿਆ, ਪਰ ਬਾਅਦ ਵਿੱਚ ਪੁਲਿਸ ਨੇ ਉਸ ਨੂੰ ਗ੍ਰਿਫ਼ਤਾਰ ਕਰ ਲਿਆ।

ਜ਼ਬਤ ਕੀਤੀਆਂ ਗਈਆਂ ਦਵਾਈਆਂ ਪੁਲਿਸ ਨੇ ਆਪਣੇ ਕਬਜ਼ੇ ਵਿੱਚ ਲੈ ਲਈਆਂ। ਇਸ ਤੋਂ ਬਾਅਦ ਨਾਰਕੋਟਿਕ ਡਰੱਗਜ਼ ਐਂਡ ਸਾਈਕੋਟ੍ਰੋਪਿਕ ਸਬਸਟਾਂਸ ਐਕਟ ਦੇ ਤਹਿਤ ਐਫ.ਆਈ.ਆਰ. ਦਰਜ ਕਰਨ ਲਈ ਸੋਹਨਾ ਪੁਲਿਸ ਸਟੇਸ਼ਨ ਵਿੱਚ ਸ਼ਿਕਾਇਤ ਦਿੱਤੀ ਗਈ।

ਇਹ ਮਾਮਲਾ ਨਸ਼ੀਲੇ/ਸਾਈਕੋਟ੍ਰੋਪਿਕ ਪਦਾਰਥਾਂ ਵਾਲੀਆਂ ਦਵਾਈਆਂ ਦੇ ਕਥਿਤ ਗੈਰ-ਕਾਨੂੰਨੀ ਭੰਡਾਰਨ ਅਤੇ ਵਿਕਰੀ ਨਾਲ ਜੁੜਿਆ ਹੈ। ਉਨ੍ਹਾਂ ਅੱਗੇ ਨਿਰਦੇਸ਼ ਦਿੱਤੇ ਕਿ ਕੋਡੀਨ-ਆਧਾਰਿਤ ਸਿਰਪ, ਅਲਪ੍ਰਾਜ਼ੋਲਮ ਅਤੇ ਹੋਰ ਦੋਹਰੀ ਵਰਤੋਂ ਵਾਲੀਆਂ ਪ੍ਰਿਸਕ੍ਰਿਪਸ਼ਨ ਦਵਾਈਆਂ ਦੀ ਵਿਕਰੀ ਸਿਰਫ ਰਜਿਸਟਰਡ ਮੈਡੀਕਲ ਪ੍ਰੈਕਟੀਸ਼ਨਰ ਦੇ ਵੈਧ ਪ੍ਰਿਸਕ੍ਰਿਪਸ਼ਨ 'ਤੇ ਹੀ ਕੀਤੀ ਜਾਣੀ ਚਾਹੀਦੀ ਹੈ। ਸਾਰੇ ਕੈਮਿਸਟਾਂ ਨੂੰ ਨਿਰਦੇਸ਼ ਦਿੱਤੇ ਗਏ ਹਨ ਕਿ ਉਹ ਇਹਨਾਂ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਕਰਨ ਅਤੇ ਬਿਨਾਂ ਪ੍ਰਿਸਕ੍ਰਿਪਸ਼ਨ ਦੇ ਇਹਨਾਂ ਦਵਾਈਆਂ ਨੂੰ ਨਾ ਵੇਚਣ ਅਤੇ ਨਾ ਹੀ ਇਹਨਾਂ ਦੀ ਸਪਲਾਈ ਕਰਨ।

## 25 ਸਾਲਾਂ ਦੀ ਸੇਵਾ, ਸੁਸ਼ਾਸਨ ਅਤੇ ਰਾਸ਼ਟਰ ਨਿਰਮਾਣ ਦੀ ਯਾਤਰਾ ਨੂੰ ਜਨ-ਜਨ ਤੱਕ ਪਹੁੰਚਾਏਗਾ ਸੇਵਾ ਸੰਕਲਪ ਅਭਿਆਨ :ਸ਼ਿਆਮ ਸਿੰਘ ਰਾਣਾ

**ਚੰਡੀਗੜ੍ਹ, 15 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਹਰਿਆਣਾ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਮੰਤਰੀ ਸ਼੍ਰੀ ਸ਼ਿਆਮ ਸਿੰਘ ਰਾਣਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੇ 25 ਸਾਲਾਂ ਦੇ ਜਨਤਕ ਜੀਵਨ, ਜਨ-ਸੇਵਾ, ਸੁਸ਼ਾਸਨ ਅਤੇ ਰਾਸ਼ਟਰ ਨਿਰਮਾਣ ਦੀ ਇਤਿਹਾਸਕ ਯਾਤਰਾ ਨੂੰ ਜਨ-ਜਨ ਤੱਕ ਪਹੁੰਚਾਇਆ ਜਾਵੇਗਾ। ਇਸ ਦੇ ਲਈ ਸੂਬੇ ਵਿੱਚ 17 ਅਕਤੂਬਰ, 2026 ਤੱਕ 'ਸੇਵਾ ਸੰਕਲਪ ਅਭਿਆਨ' ਚਲਾਇਆ ਜਾਵੇਗਾ। ਇਹਨਾਂ ਪ੍ਰੋਗਰਾਮਾਂ ਦੀ ਸ਼ੁਰੂਆਤ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਸੂਬੇ ਦੀਆਂ ਵੱਖ-ਵੱਖ ਥਾਵਾਂ ਤੋਂ ਕਰਨਗੇ। ਇਹ ਅਭਿਆਨ ਪ੍ਰਧਾਨ ਮੰਤਰੀ ਦੇ ਸੇਵਾ-ਸੰਕਲਪ ਪ੍ਰਤੀ ਧੰਨਵਾਦ ਪ੍ਰਗਟ ਕਰਨ, ਉਹਨਾਂ ਦੇ ਜਨ-ਭਲਾਈ ਕੰਮਾਂ ਦੀ ਜਾਣਕਾਰੀ ਹਰੇਕ ਪਰਿਵਾਰ ਤੱਕ ਪਹੁੰਚਾਉਣ ਅਤੇ ਵਿਕਸਿਤ ਭਾਰਤ ਦੇ ਨਿਰਮਾਣ ਵਿੱਚ ਨਾਗਰਿਕਾਂ ਦੀ ਭਾਗੀਦਾਰੀ ਯਕੀਨੀ ਬਣਾਉਣ ਦਾ ਵਿਆਪਕ ਜਨ ਅਭਿਆਨ ਹੋਵੇਗਾ।

ਹਰਿਆਣਾ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਮੰਤਰੀ ਸ਼ਿਆਮ ਸਿੰਘ ਰਾਣਾ ਸੋਮਵਾਰ ਨੂੰ ਕੁਰੂਕਸ਼ੇਤਰ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ।

ਮੰਤਰੀ ਸ਼ਿਆਮ ਸਿੰਘ ਰਾਣਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੀ ਸ਼ਾਸਨ ਰਾਹੀਂ ਜਨ-ਸੇਵਾ ਅਤੇ ਰਾਸ਼ਟਰ ਸੇਵਾ ਦੀ ਇਤਿਹਾਸਕ ਯਾਤਰਾ ਦੇ 25 ਸਾਲ ਪੂਰੇ ਹੋਣ ਜਾ ਰਹੇ ਹਨ। ਲਗਾਤਾਰ 25 ਸਾਲਾਂ ਤੋਂ ਰਾਸ਼ਟਰ ਪ੍ਰਤੀ ਉਹਨਾਂ ਦੀਆਂ ਅਸਧਾਰਨ, ਅਣਥੱਕ ਅਤੇ ਸਮਰਪਿਤ ਸੇਵਾਵਾਂ ਲਈ ਉਹ ਉਹਨਾਂ ਨੂੰ ਪ੍ਰਣਾਮ ਕਰਦੇ ਹਨ। ਮੁੱਖ ਮੰਤਰੀ ਅਤੇ ਪ੍ਰਧਾਨ ਮੰਤਰੀ ਵਜੋਂ ਉਹਨਾਂ ਦਾ ਇਹ 25 ਸਾਲਾਂ ਦਾ ਕਾਰਜਕਾਲ ਸੇਵਾ, ਸੁਸ਼ਾਸਨ, ਸੰਕਲਪ ਅਤੇ ਰਾਸ਼ਟਰ ਨਿਰਮਾਣ ਦਾ ਪ੍ਰੇਰਨਾਦਾਇਕ ਅਧਿਆਏ ਹੈ। ਉਹਨਾਂ ਕਿਹਾ ਕਿ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ 17 ਸਤੰਬਰ ਨੂੰ ਕੁਰੂਕਸ਼ੇਤਰ ਵਿੱਚ ਖ਼ੂਨ ਦਾਨ ਕੈਂਪ, ਰੰਗੋਲੀ, ਆਸ਼ੀਰਵਾਦ ਦਾ ਦੀਵਾ ਅਤੇ ਭਵਿੱਖਮਈ ਡਰੋਨ ਸ਼ੋਅ ਵਿੱਚ ਹਿੱਸਾ ਲੈਣਗੇ।

ਉਹਨਾਂ ਕਿਹਾ ਕਿ 'ਸੇਵਾ ਸੰਕਲਪ ਅਭਿਆਨ' ਦੀ ਸ਼ੁਰੂਆਤ 17 ਸਤੰਬਰ ਨੂੰ ਪ੍ਰਧਾਨ ਮੰਤਰੀ ਦੇ ਜਨਮ ਦਿਨ 'ਤੇ 'ਸੇਵਾ ਦਿਵਸ' ਤੋਂ ਹੋਵੇਗੀ। ਇਸ ਦਿਨ ਖ਼ੂਨ ਦਾਨ ਕੈਂਪ ਆਯੋਜਿਤ ਕੀਤੇ ਜਾਣਗੇ ਅਤੇ ਸ਼ਾਮ ਨੂੰ 'ਆਸ਼ੀਰਵਾਦ ਦਾ ਦੀਵਾ' ਪ੍ਰੋਗਰਾਮ ਹੋਵੇਗਾ। ਉਹਨਾਂ ਹਰਿਆਣਾ ਦੇ ਹਰੇਕ ਪਰਿਵਾਰ ਨੂੰ ਅਪੀਲ ਕੀਤੀ ਕਿ 17 ਸਤੰਬਰ ਦੀ ਸ਼ਾਮ 7 ਵਜੇ ਆਪਣੇ ਘਰ ਵਿੱਚ 'ਆਸ਼ੀਰਵਾਦ ਦਾ ਦੀਵਾ' ਜ਼ਰੂਰ ਜਗਾਉਣ। ਜਦੋਂ ਹਰ ਘਰ ਵਿੱਚ ਸੇਵਾ ਅਤੇ ਸੰਕਲਪ ਦਾ ਦੀਵਾ ਜਗੇਗਾ, ਤਾਂ ਪੂਰਾ ਹਰਿਆਣਾ ਪ੍ਰਧਾਨ ਮੰਤਰੀ ਪ੍ਰਤੀ ਆਪਣੀ ਆਤਮੀਅਤਾ ਅਤੇ ਧੰਨਵਾਦ ਦੀ ਭਾਵਨਾ ਨਾਲ ਜਗਮਗਾ ਉੱਠੇਗਾ। ਉਹਨਾਂ ਕਿਹਾ ਕਿ ਆਉਣ ਵਾਲੀ 17 ਸਤੰਬਰ ਤੋਂ 7 ਅਕਤੂਬਰ ਦੇ ਵਿਚਕਾਰ ਸਾਰੇ ਸਕੂਲਾਂ ਵਿੱਚ ਚਿੱਤਰਕਾਰੀ (ਚਿੱਤਰਕਲਾ) ਅਤੇ ਭਾਸ਼ਣ ਮੁਕਾਬਲੇ ਆਯੋਜਿਤ ਕੀਤੇ ਜਾਣਗੇ। ਇਸੇ ਤਰ੍ਹਾਂ, ਪ੍ਰਧਾਨ ਮੰਤਰੀ ਦੀ 25 ਸਾਲਾਂ ਦੀ ਪਰਿਵਰਤਨ ਯਾਤਰਾ ਨੂੰ ਨੁੱਕੜ ਨਾਟਕਾਂ, ਸੰਗੀਤ, ਸੰਵਾਦ ਅਤੇ ਭਾਵਨਾਤਮਕ ਪੇਸ਼ਕਾਰੀਆਂ ਰਾਹੀਂ ਪਿੰਡ-ਪਿੰਡ ਪਹੁੰਚਾਇਆ ਜਾਵੇਗਾ। ਉਹਨਾਂ ਕਿਹਾ ਕਿ ਪ੍ਰਧਾਨ ਮੰਤਰੀ ਦੁਆਰਾ ਸ਼ੁਰੂ ਕੀਤੀਆਂ ਗਈਆਂ ਜਨ-ਭਲਾਈ ਯੋਜਨਾਵਾਂ ਨਾਲ ਕਰੋੜਾਂ ਪਰਿਵਾਰਾਂ ਦੇ ਜੀਵਨ ਵਿੱਚ ਬਦਲਾਅ ਆਇਆ ਹੈ। ਉਹਨਾਂ ਦੀਆਂ ਕਹਾਣੀਆਂ ਅਕਸਰ ਸਾਹਮਣੇ ਨਹੀਂ ਆਉਂਦੀਆਂ। ਇਸ ਦੌਰਾਨ, ਅਜਿਹੀਆਂ ਅਣਕਹੀਆਂ ਕਹਾਣੀਆਂ ਸਮਾਜ ਦੇ ਸਾਹਮਣੇ ਲਿਆਈਆਂ ਜਾਣਗੀਆਂ। ਆਉਣ ਵਾਲੀ 25 ਸਤੰਬਰ ਤੋਂ 7 ਅਕਤੂਬਰ ਤੱਕ 'ਆਂਗਨ ਮਿਲਨ ਸੇਵਾ' ਪ੍ਰੋਗਰਾਮ ਆਯੋਜਿਤ ਕੀਤੇ ਜਾਣਗੇ। ਇਹਨਾਂ ਵਿੱਚ ਮਾਵਾਂ ਅਤੇ ਬੱਚਿਆਂ ਦੀ ਸਰਗਰਮ ਭਾਗੀਦਾਰੀ ਹੋਵੇਗੀ। ਇਹਨਾਂ ਪ੍ਰੋਗਰਾਮਾਂ ਵਿੱਚ ਆਂਗਣਵਾੜੀ ਅਤੇ ਆਸ਼ਾ ਵਰਕਰਾਂ ਦੇ ਯੋਗਦਾਨ ਦਾ ਸਨਮਾਨ ਕੀਤਾ ਜਾਵੇਗਾ। ਇਸੇ ਤਰ੍ਹਾਂ, 'ਦੇਸ਼ ਦੇ 25 ਲੱਖ ਨਾਗਰਿਕਾਂ ਦੀਆਂ ਸੱਚੀਆਂ ਪਰਿਵਰਤਨ ਕਹਾਣੀਆਂ' ਆਮ ਲੋਕਾਂ ਦੇ ਸਾਹਮਣੇ ਲਿਆਈਆਂ ਜਾਣਗੀਆਂ। ਉਹਨਾਂ ਕਿਹਾ ਕਿ ਪਿੰਡਾਂ ਅਤੇ ਜ਼ਿਲ੍ਹਿਆਂ ਵਿੱਚ ਵੱਖ-ਵੱਖ ਦਿਸ਼ਾਵਾਂ ਤੋਂ ਪੈਦਲ ਯਾਤਰਾਵਾਂ ਅਤੇ ਬਾਈਕ ਰੈਲੀਆਂ ਵੀ ਕੱਢੀਆਂ ਜਾਣਗੀਆਂ।

ਖੇਤੀਬਾੜੀ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਦਾ ਮੰਨਣਾ ਹੈ ਕਿ ਵਿਕਸਿਤ ਭਾਰਤ ਕੇਵਲ ਸਰਕਾਰ ਦੇ ਯਤਨਾਂ ਨਾਲ ਨਹੀਂ, ਬਲਕਿ ਹਰੇਕ ਨਾਗਰਿਕ ਦੇ ਯੋਗਦਾਨ ਨਾਲ ਬਣੇਗਾ। ਇਸੇ ਭਾਵਨਾ ਨਾਲ ਇੱਕ ਅਭਿਆਨ ਚਲਾਇਆ ਜਾਵੇਗਾ। ਇਸ ਵਿੱਚ ਯਕੀਨੀ ਬਣਾਇਆ ਜਾਵੇਗਾ ਕਿ ਹਰੇਕ ਨਾਗਰਿਕ ਸਮਾਜ ਲਈ ਘੱਟੋ-ਘੱਟ 25 ਮਿੰਟ ਦੇਵੇ। ਕੋਈ ਖ਼ੂਨ ਦਾਨ ਕਰੇ, ਕੋਈ ਪੌਦੇ ਲਗਾਵੇ, ਕੋਈ ਸਫ਼ਾਈ ਅਭਿਆਨ ਚਲਾਵੇ, ਕੋਈ ਬਜ਼ੁਰਗਾਂ ਨੂੰ ਡਿਜੀਟਲ ਤਕਨਾਲੋਜੀ ਸਿਖਾਵੇ ਅਤੇ ਕੋਈ ਲੋੜਵੰਦ ਬੱਚਿਆਂ ਨੂੰ ਪੜ੍ਹਾਵੇ। ਨਸ਼ਾ ਮੁਕਤੀ, ਸੜਕ ਸੁਰੱਖਿਆ, ਜਲ ਸੰਭਾਲ, ਸਾਈਬਰ ਸੁਰੱਖਿਆ, ਮਹਿਲਾ ਸਿਹਤ ਅਤੇ ਅੰਗ ਦਾਨ ਪ੍ਰਤੀ ਜਾਗਰੂਕਤਾ ਵੀ ਸੇਵਾ ਦਾ ਮਾਧਿਅਮ ਬਣ ਸਕਦੀ ਹੈ।

**ਮੰਡੀਆਂ ਵਿੱਚ ਝੋਨੇ ਨੂੰ ਸੁਕਾ ਕੇ ਲਿਆਉਣ ਤਾਂ ਕਿਸਾਨਾਂ ਨੂੰ ਨਹੀਂ ਹੋਵੇਗੀ ਕੋਈ ਦਿੱਕਤ-ਪ੍ਰੇਸ਼ਾਨੀ : ਸ਼ਿਆਮ ਸਿੰਘ ਰਾਣਾ**

ਹਰਿਆਣਾ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਮੰਤਰੀ ਸ਼੍ਰੀ ਸ਼ਿਆਮ ਸਿੰਘ ਰਾਣਾ ਨੇ ਕਿਹਾ ਕਿ ਝੋਨੇ ਦੇ ਸੀਜ਼ਨ ਵਿੱਚ ਕਿਸਾਨ ਆਪਣੀ ਫ਼ਸਲ ਨੂੰ ਸੁਕਾ ਕੇ ਲਿਆਉਣ ਤਾਂ ਉਹਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ-ਪ੍ਰੇਸ਼ਾਨੀ ਨਹੀਂ ਹੋਵੇਗੀ। ਝੋਨੇ ਦੀ ਫ਼ਸਲ ਵਿੱਚ ਨਿਰਧਾਰਿਤ ਮਾਤਰਾ 17 ਫੀਸਦੀ ਨਮੀ ਦੀ ਖ਼ਰੀਦ ਕੀਤੀ ਜਾਂਦੀ ਹੈ। ਸਰਕਾਰ ਪੂਰੀ ਤਰ੍ਹਾਂ ਕਿਸਾਨ ਅਤੇ ਆੜ੍ਹਤੀਆਂ ਦੇ ਨਾਲ ਖੜ੍ਹੀ ਹੈ। ਸਰਕਾਰ, ਕਿਸਾਨ ਅਤੇ ਵਪਾਰੀ ਇੱਕੋ ਪਰਿਵਾਰ ਦੇ ਮੈਂਬਰ ਹਨ। ਖੇਤੀਬਾੜੀ ਮੰਤਰੀ ਨੇ ਕਿਸਾਨਾਂ ਨੂੰ ਕਣਕ ਅਤੇ ਝੋਨੇ ਦੀ ਖੇਤੀ ਦੇ ਨਾਲ-ਨਾਲ ਦਾਲਾਂ (ਦਲਹਨ) ਦੀ ਖੇਤੀ ਕਰਨ ਦੀ ਵੀ ਅਪੀਲ ਕੀਤੀ।

ਉਹਨਾਂ ਕਿਹਾ ਕਿ ਕਣਕ ਦੀ ਫ਼ਸਲ ਨੂੰ ਸਰਕਾਰ ਖ਼ਰੀਦਦੀ ਹੈ ਅਤੇ ਝੋਨੇ ਦੀ ਫ਼ਸਲ ਨੂੰ ਰਾਈਸ ਮਿੱਲਾਂ ਤੋਂ ਚੌਲ ਬਣਵਾ ਕੇ ਲਿਆ ਜਾਂਦਾ ਹੈ। ਫ਼ਸਲ ਖ਼ਰੀਦ ਦਾ ਕੰਮ ਕੇਂਦਰ ਸਰਕਾਰ ਅਤੇ ਪ੍ਰਬੰਧਨ (ਮੈਨੇਜਮੈਂਟ) ਦਾ ਕੰਮ ਪ੍ਰਦੇਸ਼ ਸਰਕਾਰ ਦੁਆਰਾ ਕੀਤਾ ਜਾਂਦਾ ਹੈ। ਉਹਨਾਂ ਕਿਹਾ ਕਿ ਪਹਿਲਾਂ ਦੇ ਸਮੇਂ ਵਿੱਚ ਕਿਸਾਨ ਝੋਨੇ ਦੀ ਫ਼ਸਲ ਨੂੰ ਹੱਥਾਂ ਨਾਲ ਵਢਾਉਂਦੇ ਸਨ, ਇਸ ਪ੍ਰਕਿਰਿਆ ਵਿੱਚ ਲਗਭਗ 20 ਦਿਨਾਂ ਤੋਂ ਇੱਕ ਮਹੀਨੇ ਬਾਅਦ ਹੀ ਫ਼ਸਲ ਮੰਡੀਆਂ ਵਿੱਚ ਆਉਂਦੀ ਸੀ। ਹੁਣ ਕੰਬਾਈਨ ਨਾਲ ਕਟਾਈ ਅਤੇ ਅੱਧੇ ਘੰਟੇ ਬਾਅਦ ਮੰਡੀ ਵਿੱਚ ਫ਼ਸਲ ਪਹੁੰਚ ਜਾਂਦੀ ਹੈ। ਅਜਿਹੇ ਵਿੱਚ ਝੋਨੇ ਦੀ ਫ਼ਸਲ ਵਿੱਚ ਨਮੀ ਦੀ ਮਾਤਰਾ ਜ਼ਿਆਦਾ ਹੁੰਦੀ ਹੈ।

ਉਹਨਾਂ ਕਿਹਾ ਕਿ ਸਰਕਾਰ ਦੁਆਰਾ ਰਾਈਸ ਮਿੱਲ ਤੋਂ ਪ੍ਰਤੀ ਕੁੰਟਲ 67 ਕਿਲੋਗ੍ਰਾਮ ਚੌਲ ਲਏ ਜਾਂਦੇ ਹਨ। ਜੇਕਰ ਝੋਨੇ ਵਿੱਚ ਨਮੀ ਜ਼ਿਆਦਾ ਹੋਵੇਗੀ ਤਾਂ ਸੁੱਕਣ ਤੋਂ ਬਾਅਦ ਚੌਲਾਂ ਦੀ ਪ੍ਰਤੀ ਕੁੰਟਲ 67 ਕਿਲੋਗ੍ਰਾਮ ਵਿੱਚ ਘਾਟਾ (ਘਟੌਤੀ) ਹੋਵੇਗਾ। ਉਹਨਾਂ ਕਿਹਾ ਕਿ ਵਿਕਸਿਤ ਭਾਰਤ 2047 ਦੇ ਟੀਚੇ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ 20 ਪ੍ਰਤੀਸ਼ਤ ਯੋਗਦਾਨ ਖੇਤੀਬਾੜੀ ਖੇਤਰ ਦਾ ਰੱਖਿਆ ਹੈ। ਇਹ ਟੀਚਾ ਉਦੋਂ ਹੀ ਪੂਰਾ ਹੋਵੇਗਾ ਜਦੋਂ ਕਿਸਾਨ ਸਾਰੀਆਂ ਫ਼ਸਲਾਂ ਆਪਣੇ ਹੀ ਦੇਸ਼ ਵਿੱਚ ਪੈਦਾ ਕਰਨਗੇ ਅਤੇ ਦੇਸ਼ ਨੂੰ ਵਿਦੇਸ਼ਾਂ ਤੋਂ ਕੋਈ ਵੀ ਖਾਧ ਸਮੱਗਰੀ ਆਯਾਤ ਨਾ ਕਰਨੀ ਪਵੇ। ਉਹਨਾਂ ਕਿਹਾ ਕਿ ਖੇਤੀਬਾੜੀ ਖੇਤਰ ਵਿੱਚ ਵੀ ਇਤਿਹਾਸਕ ਬਦਲਾਅ ਹੋਏ ਹਨ। ਖੇਤੀਬਾੜੀ ਇਨਫ੍ਰਾਸਟ੍ਰਕਚਰ, ਸਿੰਚਾਈ, ਕੁਦਰਤੀ ਖੇਤੀ ਅਤੇ ਆਧੁਨਿਕ ਤਕਨਾਲੋਜੀ ਦੇ ਮਾਧਿਅਮ ਨਾਲ ਖੇਤੀਬਾੜੀ ਨੂੰ ਵੱਧ ਲਾਭਕਾਰੀ ਬਣਾਉਣ ਦਾ ਯਤਨ ਕੀਤਾ ਗਿਆ ਹੈ। ਕਿਸਾਨਾਂ ਨੂੰ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਦੇ ਤਹਿਤ 6 ਹਜ਼ਾਰ ਰੁਪਏ ਦੀ ਸਾਲਾਨਾ ਸਹਾਇਤਾ ਸਿੱਧੀ ਉਹਨਾਂ ਦੇ ਬੈਂਕ ਖਾਤਿਆਂ ਵਿੱਚ ਦਿੱਤੀ ਜਾ ਰਹੀ ਹੈ। ਹੁਣ ਤੱਕ 4 ਲੱਖ 50 ਹਜ਼ਾਰ ਕਰੋੜ ਰੁਪਏ ਦੀ ਕਿਸਾਨ ਸਨਮਾਨ ਨਿਧੀ ਦਿੱਤੀ ਜਾ ਚੁੱਕੀ ਹੈ। ਪੀ.ਐੱਮ. ਫ਼ਸਲ ਬੀਮਾ ਯੋਜਨਾ ਦੇ ਤਹਿਤ 4 ਕਰੋੜ 20 ਲੱਖ ਕਿਸਾਨਾਂ ਨੂੰ ਲਾਭ ਮਿਲਿਆ ਹੈ। ਈ-ਨਾਮ (e-NAM) ਪਲੇਟਫਾਰਮ 'ਤੇ 5 ਲੱਖ ਕਰੋੜ ਰੁਪਏ ਤੋਂ ਵੱਧ ਦੀ ਫ਼ਸਲ ਵਿਕਰੀ ਹੋਈ ਹੈ, ਜਿਸ ਨਾਲ 1 ਹਜ਼ਾਰ 656 ਮੰਡੀਆਂ ਅਤੇ 1 ਕਰੋੜ 80 ਲੱਖ ਤੋਂ ਵੱਧ ਕਿਸਾਨ ਸਿੱਧੇ ਜੁੜੇ ਹਨ।

ਉਹਨਾਂ ਕਿਹਾ ਕਿ ਦੇਸ਼ ਦੇ ਲਗਭਗ 8 ਕਰੋੜ ਕਿਸਾਨਾਂ ਨੂੰ ਕਿਸਾਨ ਕ੍ਰੈਡਿਟ ਕਾਰਡ ਦੇ ਮਾਧਿਅਮ ਨਾਲ ਆਸਾਨ ਅਤੇ ਭਰੋਸੇਮੰਦ ਕਰਜ਼ੇ ਦੀ ਸਹੂਲਤ ਮਿਲ ਰਹੀ ਹੈ। ਸ਼੍ਰੀ ਅੰਨ (ਮੋਟੇ ਅਨਾਜ) ਨੂੰ ਸੰਸਾਰਕ ਪਛਾਣ ਮਿਲਣ ਨਾਲ ਭਾਰਤ ਪਹਿਲੀ ਵਾਰ ਖੇਤੀਬਾੜੀ ਨਿਰਯਾਤ ਵਿੱਚ ਦੁਨੀਆ ਦੇ ਟੌਪ-10 ਦੇਸ਼ਾਂ ਵਿੱਚ ਸ਼ਾਮਲ ਹੋਇਆ ਹੈ। ਪੀ.ਐੱਮ. ਮਤਸਯ ਸੰਪਦਾ ਯੋਜਨਾ ਨਾਲ ਦੇਸ਼ ਵਿੱਚ ਮੱਛੀ ਉਤਪਾਦਨ ਸਾਲ 2014-15 ਦੇ 95 ਲੱਖ ਟਨ ਤੋਂ ਦੁੱਗਣਾ ਹੋ ਕੇ ਹੁਣ ਲਗਭਗ 2 ਕਰੋੜ ਟਨ ਤੱਕ ਪਹੁੰਚ ਗਿਆ ਹੈ।




